ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum (ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On Visit on facebook https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਵੀਰਵਾਰ, 25 ਜਨਵਰੀ 2024 (ਨਾਨਕਸ਼ਾਹੀ ਸੰਮਤ : ੫੫੪, ੧੨ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

### ‘ਮਹਾਨ ਸ਼ਹੀਦੀ ਸਮਾਗਮ’ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਦੀ ਯਾਦ ਵਿੱਚ ਗੁਰਦੁਆਰਾ ਨਾਢਾ ਸਾਹਿਬ ਪਾਤਸ਼ਾਹੀ 10ਵੀਂ ਪੰਚਕੂਲਾ ਵਿਖੇ

## ਜਥੇਦਾਰ ਕਾਉਂਕੇ ਨੂੰ ਫ਼ਖ਼ਰ-ਏ-ਕੌਮ ਐਵਾਰਡ ਦਿਵਾਉਣ ਸਬੰਧੀ ਸਮਾਗਮ ਲਈ ਤਿਆਰੀਆਂ ਮੁਕੰਮਲ

### ☛ ਪੰਥਕ ਸ਼ਖਸੀਅਤਾਂ ਦੀ ਹਾਜ਼ਰੀ ’ਚ ਅੱਜ ਹੋਵੇਗਾ ਭਰਪੂਰ ਇਕੱਠ • ਸੰਗਤਾਂ ਨੂੰ ਵੱਡੀ ਗਿਣਤੀ ’ਚ ਸ਼ਮੂਲੀਅਤ ਲਈ ਸੱਦਾ

**ਪੰਚਕੂਲਾ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**- ‘ਮਹਾਨ ਸ਼ਹੀਦੀ ਸਮਾਗਮ’ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਦੀ ਯਾਦ ਵਿੱਚ ਗੁਰਦੁਆਰਾ ਨਾਢਾ ਸਾਹਿਬ ਪਾਤਸ਼ਾਹੀ 10ਵੀਂ ਪੰਚਕੂਲਾ ਵਿਖੇ 25 ਜਨਵਰੀ ਨੂੰ ਜਥੇਦਾਰ ਕਾਉਂਕੇ ਜੀ ਨੂੰ ਪੰਥ ਰਤਨ ਫ਼ਖ਼ਰੇ ਕੌਮ ਐਵਾਰਡ ਦੇਣ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਧਾਰਮਿਕ ਅਤੇ ਕਨੂੰਨੀ ਲੜਾਈ ਅੱਗੇ ਚਲਾਉਣ ਲਈ ਅੱਜ 24 ਫਰਵਰੀ ਨੂੰ ਮੀਟਿੰਗ ਸੰਪੰਨ ਹੋਈ। ਇਸ ਸਮੇਂ ਜਥੇਦਾਰ ਬਲਜੀਤ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਦਾਦੂਵਾਲ ਮੈਂਬਰ ਅਤੇ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਿੰਘ ਸਾਹਿਬ ਜਥੇਦਾਰ ਭਾਈ ਜਸਬੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ,ਭਾਈ ਮੋਹਕਮ ਸਿੰਘ ਦਮਦਮੀ ਟਕਸਾਲ,ਭਾਈ ਗੁਰਦੀਪ ਸਿੰਘ ਬਠਿੰਡਾ ਚੇਅਰਮੈਨ ਯੂਨਾਈਟਿਡ ਅਕਾਲੀ ਦਲ,ਡਾਕਟਰ ਮਨਜੀਤ ਸਿੰਘ ਭੋਮਾ ਚੇਅਰਮੈਨ ਪੰਜਾਬ ਧਰਮ ਪ੍ਰਚਾਰ ਵਿੰਗ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸੰਤ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ,ਸੰਤ ਸਵਰਨਜੀਤ ਸਿੰਘ ਮੁਖੀ ਤਰਨਾ ਦਲ,ਭਾਈ ਸਤਨਾਮ ਸਿੰਘ ਮਨਾਵਾਂ,ਭਾਈ ਬਲਵੰਤ ਸਿੰਘ ਗੋਪਾਲਾ,ਭਾਈ ਤੇਜਿੰਦਰ ਸਿੰਘ ਪੰਨੂ ਸ੍ਰੋਮਣੀ ਅਕਾਲੀ ਦਲ 1920,ਭਾਈ ਪਰਮਜੀਤ ਸਿੰਘ ਜਿਜੇਆਣੀ,ਲੀਗਲ ਹੈਡ ਐਡਵੋਕੇਟ ਛਿੰਦਰਪਾਲ ਸਿੰਘ ਬਰਾੜ,ਬਾਬਾ ਅਵਤਾਰ ਸਿੰਘ, ਭਾਈ ਬਲਵਿੰਦਰ ਸਿੰਘ ਲੋਕ ਅਧਿਕਾਰ ਲਹਿਰ ਹਾਜ਼ਰ ਸਨ।



## ਗੁਰਪਤਵੰਤ ਪੰਨੂ ਦੀ ਸੀਐਮ ਭਗਵੰਤ ਮਾਨ ਨੂੰ ਮੁੜ ਧਮਕੀ, ਬੋਲਿਆ ਦਿਲਾਵਰ ਸਿੰਘ ਅੱਜ ਵੀ ਜਿਉਂਦੇ...

**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਖਾਲਿਸਤਾਨੀ ਲੀਡਰ ਤੇ ਸਿੱਖ ਫਾਰ ਜਸਟਿਸ (SFJ) ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ ਹੁਣ ਲੁਧਿਆਣਾ ਦੀ ਪੰਜਾਬ ਐਗਰੀਕਲਚਰ ਯੂਨੀਵਰਸਿਟੀ (PAU) ਵਿੱਚ ਪੜ੍ਹ ਰਹੇ ਵਿਦਿਆਰਥੀਆਂ ਤੇ ਪ੍ਰੋਫੈਸਰਾਂ ਨੂੰ ਉਕਸਾਇਆ ਹੈ। ਪੰਨੂ ਨੇ ਕਿਹਾ ਕਿ ਪੀਏਯੂ ਨੇ ਦੁਨੀਆਂ ਵਿੱਚ ਬਹੁਤ ਨਾਮ ਕਮਾਇਆ ਹੈ ਕਿਉਂਕਿ ਉੱਥੇ ਵੱਡੀਆਂ-ਵੱਡੀਆਂ ਖੋਜਾਂ ਹੋਈਆਂ ਹਨ। ਪੰਨੂ ਨੇ ਕਿਹਾ ਹੈ ਕਿ ਇੱਥੋਂ ਹੀ ਖਾਲਿਸਤਾਨ ਦੀ ਲਹਿਰ ਚੱਲ਼ਦੀ ਸੀ। ਇਸ ਲਈ ਇੱਥੇ ਮੁੱਖ ਮੰਤਰੀ ਭਗਵੰਤ ਮਾਨ ਦਾ ਸਵਾਗਤ ਨਹੀਂ ਹੋਣਾ ਚਾਹੀਦਾ। ਦਰਅਸਲ ਪੰਨੂ ਪਹਿਲਾਂ ਵੀ ਸੀਐਮ ਮਾਨ ਨੂੰ ਧਮਕੀ ਦੇ ਚੁੱਕਾ ਹੈ। ਪੰਨੂ ਨੇ ਹੁਣ ਨਵਾਂ ਵੀਡੀਓ ਜਾਰੀ ਕੀਤਾ ਹੈ। ਇਸ ਵਿੱਚ ਉਸ ਨੇ ਕਿਹਾ ਹੈ ਕਿ ਮੈਂ ਵੀ ਇਸ ਕੈਂਪਸ ਵਿੱਚ 1990 ਵਿੱਚ ਰਿਹਾ ਹਾਂ। ਪੰਨੂ ਨੇ ਦਾਅਵਾ ਕੀਤਾ ਹੈ ਕਿ ਖਾਲਿਸਤਾਨ ਦੀ ਲਹਿਰ ਪੀਏਯੂ ਕੈਂਪਸ ਤੋਂ ਹੀ ਚੱਲ਼ਦੀ ਸੀ। ਪੰਨੂ ਨੇ ਵਿਦਿਆਰਥੀਆਂ ਨੂੰ ਇਹ ਸੰਦੇਸ਼ ਪੀਏਯੂ ਦੇ ਵਾਈਸ ਚਾਂਸਲਰ (ਵੀਸੀ) ਸਤਬੀਰ ਸਿੰਘ ਗੋਇਲ ਦੀ ਫੋਟੋ ਵੀਡੀਓ ਵਿੱਚ ਪਾ ਕੇ ਦਿੱਤਾ ਗਿਆ ਹੈ। ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦਾ ਸਵਾਗਤ ਨਹੀਂ ਸਗੋਂ ਵਿਰੋਧ ਕਰਨਾ ਚਾਹੀਦਾ ਹੈ ਕਿਉਂਕਿ ਮਾਨ ਇੱਕ ਚੁਟਕਲੇਬਾਜ ਹੈ। ਪੰਨੂ ਨੇ ਵੀਡੀਓ ’ਚ ਭਗਵੰਤ ਮਾਨ ਨੂੰ ਡਰੱਗ ਡੀਲਰ ਵੀ ਕਿਹਾ ਹੈ। ਪੰਨੂ ਨੇ ਕਿਹਾ ਕਿ ਲੋਕਾਂ ਨੂੰ 31 ਅਗਸਤ 1995 ਨੂੰ ਯਾਦ ਰੱਖਣਾ ਚਾਹੀਦਾ ਹੈ। ਕੌਮ ਦਾ ਨੁਕਸਾਨ ਕਰਨ ਵਾਲਿਆਂ ਦੀ ਕੌਮ ਵਿੱਚ ਕੋਈ ਥਾਂ ਨਹੀਂ। ਸੀਐਮ ਮਾਨ ਨੂੰ ਧਮਕੀ ਦਿੰਦੇ ਹੋਏ ਕਿਹਾ ਕਿ ਦਿਲਾਵਰ ਸਿੰਘ ਦੇ ਰਸਤੇ ’ਤੇ ਚੱਲ ਰਹੇ ਕੁਝ ਲੋਕ ਖਾਕੀ ਵਰਦੀ ਵੀ ਪਾਉਂਦੇ ਹਨ। ਉਹ ਲੋਕ ਅੱਜ ਵੀ ਜਿਉਂਦੇ ਹਨ। ਦੱਸ ਦਈਏ ਕਿ 8 ਦਿਨ ਪਹਿਲਾਂ ਵੀ ਪੰਨੂ ਨੇ ਗਣਤੰਤਰ ਦਿਵਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਤੇ ਡੀਜੀਪੀ ਗੌਰਵ ਯਾਦਵ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਸੀ। ਪੰਨੂ ਦੀ ਧਮਕੀ ਤੋਂ ਬਾਅਦ ਪੁਲਿਸ ਪੂਰੀ ਤਰ੍ਹਾਂ ਚੌਕਸ ਹੈ। ਪੰਨੂ ਨੇ ਗੈਂਗਸਟਰਾਂ ਨੂੰ ਉਸ ਨਾਲ ਸੰਪਰਕ ਕਰਨ ਲਈ ਵੀ ਕਿਹਾ ਸੀ। ਪੰਨੂ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਕਰਾਰ ਦਿੱਤਾ ਗਿਆ। ਡੀਜੀਪੀ ਗੌਰਵ ਯਾਦਵ ਨੂੰ ਡੀਜੀਪੀ ਗੋਬਿੰਦ ਰਾਮ ਕਿਹਾ ਸੀ। ਪੰਨੂ ਨੇ ਧਮਕੀ ਦਿੱਤੀ ਸੀ ਕਿ ਭਗਵੰਤ ਮਾਨ ਜਿੱਥੇ ਵੀ ਤਿਰੰਗਾ ਝੰਡਾ ਲਹਿਰਾਉਣਗੇ, ਉਸ ਥਾਂ ਦਾ ਮਾਹੌਲ ਖਰਾਬ ਕਰ ਦੇਣਗੇ।



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

### ਸੁਖਬੀਰ ਬਾਦਲ ਨੇ ਮੰਨਿਆ

## ਅਸੀਂ ਆਪਣੀਆਂ ਗਲਤੀਆਂ ਕਰਕੇ ਮਾਂ ਪਾਰਟੀ ਕਮਜ਼ੋਰ ਕਰ ਦਿੱਤੀ

**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਦਾ ਵੱਡਾ ਬਿਆਨ ਆਇਆ ਹੈ। ਉਨ੍ਹਾਂ ਨੇ ਕਿਹਾ ਹੈ ਕਿ ਅਸੀਂ ਆਪਣੀਆਂ ਗਲਤੀਆਂ ਕਰਕੇ ਆਪਣੀ ਮਾਂ ਪਾਰਟੀ ਕਮਜ਼ੋਰ ਕਰ ਦਿੱਤੀ। ਸੁਖਬੀਰ ਬਾਦਲ ਵੱਲੋਂ ਅੱਜ ਗਿੱਦੜਬਾਹਾ ਵਿਧਾਨ ਸਭਾ ਹਲਕੇ ਵਿੱਚ ਅਕਾਲੀ ਦਲ ਦੇ ਵਰਕਰਾਂ ਨਾਲ ਮੀਟੰਗ ਕੀਤੀ ਗਈ ਸੀ। ਇਸ ਮੌਕੇ ਸੁਖਬੀਰ ਬਾਦਲ ਨੇ ਵੱਡਾ ਬਿਆਨ ਦਿੱਤਾ।



ਉਨ੍ਹਾਂ ਨੇ ਕਿਹਾ ਕਿ ਅਸੀਂ ਆਪਣੀਆਂ ਗਲਤੀਆਂ ਕਰਕੇ ਆਪਣੀ ਮਾਂ ਪਾਰਟੀ ਕਮਜ਼ੋਰ ਕਰ ਲਈ ਹੈ। ਬਾਪੂ ਪ੍ਰਕਾਸ਼ ਸਿੰਘ ਬਾਦਲ ਹੁੰਦੇ ਹੋਏ ਬਹੁਤ ਵੱਡਾ ਸਾਹਾਰਾ ਸੀ। ਵੱਡੇ ਬਾਦਲ ਸਾਹਿਬ ਦੇ ਜਾਣ ਤੋਂ ਬਾਅਦ ਮੈਂ ਇਕੱਲਾ ਰਹਿ ਗਿਆ ਹਾਂ। ਸਾਰੇ ਪੰਜਾਬ ਵਿੱਚ ਪਾਰਟੀ ਨੂੰ ਖੜ੍ਹਾ ਕਰਨਾ ਹੈ ਤੇ ਇੱਕਜੁਟ ਕਰਨਾ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਬੇਅਦਬੀ ਦਾ ਇਲਜ਼ਾਮ ਲਾ ਦਿੱਤਾ ਪਰ ਜਿਹੜੇ ਦੋਸ਼ ਲਾਉਂਦੇ ਸੀ, ਹੁਣ ਉਹ ਕਿੱਥੇ ਗਏ। ਜਿਹੜੇ ਅਖਬਾਰ ਲਿਖਦੇ ਸੀ ਕਿ ਅਕਾਲੀਆਂ ਤੇ ਸਿੱਖਾਂ ਵਿਚਾਲੇ ਟਕਰਾਅ ਹੋ ਗਿਆ। ਉਹ ਕੌਣ ਲਿਖਾਉਂਦੇ ਸੀ। ਜਿਹੜੇ ਲੋਕਾਂ ਨੇ ਅਕਾਲੀ ਦਲ ਪਾਰਟੀ ਖਿਲਾਫ ਝੂਠਾ ਪ੍ਰਚਾਰ ਕੀਤਾ, ਉਹ ਕਿੱਥੇ ਹਨ। ਸੁਲਤਾਨਪੁਰ ਲੋਧੀ ਵਿੱਚ ਪੁਲਿਸ ਵੱਲੋਂ ਗੋਲੀਆਂ ਚਲਾਈਆਂ ਗਈਆਂ। ਉਸ ’ਤੇ ਕੋਈ ਵੀ ਸਰਕਾਰ ਖਿਲਾਫ ਨਹੀਂ ਬੋਲਿਆ। ਪਟਿਆਲਾ ਵਿੱਚ ਬੇਅਦਬੀ ਹੋਈ ਤਾਂ ਵੀ ਕੋਈ ਨਹੀਂ ਬੋਲਿਆ।

ਸੁਖਬੀਰ ਬਾਦਲ ਨੇ ਕਿਹਾ ਕਿ ਪ੍ਰੋ. ਦਵਿੰਦਰਪਾਲ ਭੁੱਲਰ ਦੀ ਰਿਹਾਈ ਰੋਕ ਕੇ ਅਰਵਿੰਦ ਕੇਜਰੀਵਾਲ ਨੇ ਕਿਹਾ ਨਹੀਂ ਛੱਡਣਾ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਗਰੀਬਾਂ ਲਈ ਸ਼ੁਰੂ ਕੀਤੀ ਆਟਾ ਦਾਲ ਸਕੀਮ ਬੰਦ ਕਰ ਦਿੱਤੀ ਹੈ। ਗਰੀਬਾਂ ਦੀ ਪੈਨਸ਼ਨ ਵੀ ਬੰਦ ਕਰ ਦਿਤੀ ਹੈ।

ਉਨ੍ਹਾਂ ਕਿਹਾ ਕਿ ਅਕਾਲੀ ਦਲ ਵੱਲੋਂ 1 ਫਰਵਰੀ 2024 ਨੂੰ ਪੰਜਾਬ ਬਚਾਓ ਯਾਤਰਾ ਕੱਢੀ ਜਾ ਰਹੀ ਹੈ। ਇਸ ਲਈ ਅੱਜ ਗਿੱਦੜਬਾਹਾ ਵਿੱਚ ਅਕਾਲੀ ਦਲ ਵੱਲੋਂ ਵਰਕਰ ਮੀਟਿੰਗ ਕੀਤੀ ਗਈ ਹੈ। ਇਸ ਮੌਕੇ ਸੁਖਬੀਰ ਬਾਦਲ ਨੇ ਰਾਜਾ ਵੜਿੰਗ ਨੂੰ ਵੀ ਨਹੀਂ ਬਖਸ਼ਿਆ। ਉਨ੍ਹਾਂ ਨੇ ਕਿਹਾ ਕਿ ਰਾਜਾ ਵੜਿੰਗ ਪੰਜਾਬ ਕਾਂਗਰਸ ਦਾ ਪ੍ਰਧਾਨ ਹੈ ਪਰ ਸਭ ਤੋਂ ਵੱਡਾ ਗੱਪੀ ਹੈ।

## ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ ।।



ਪਰਮ ਸਤਿਕਾਰਯੋਗ.............................................. ਜੀਓ

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

# 10 ਫਰਵਰੀ 2024 ਦੇ ਨੁਮਾਇੰਦਾ ਇਕੱਠ

## ਵਿੱਚ ਜਲੰਧਰ ਪਹੁੰਚਣ ਲਈ ਸੱਦਾ ਪੱਤਰ।

: ਏਜੰਡਾ :

**ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦਾ ਇਨਸਾਫ ਲੈਣ ਹਿੱਤ ਕਾਨੂੰਨੀ ਪੱਖ ਤੇ ਲੋਕ ਲਹਿਰ ਉਸਾਰਨ ਲਈ।**

ਬੇਨਤੀ ਹੈ ਕਿ ਜਿਵੇਂ ਆਪ ਜੀ ਨੂੰ ਭਲੀ ਭਾਂਤ ਪਤਾ ਹੀ ਹੈ ਕਿ ਅੱਜ ਤੋਂ 31 ਸਾਲ ਪਹਿਲਾਂ ਉਸ ਸਮੇਂ ਦੀ ਕਾਂਗਰਸ ਸਰਕਾਰ ਦੇ ਹੱਥ ਠੋਕੇ ਬੇਅੰਤ ਸਿੰਘ ਮੁੱਖ ਮੰਤਰੀ ਪੰਜਾਬ ਤੇ ਉਸਦੇ ਅਹਿਲਕਾਰਾਂ ਨੇ ਉਸ ਸਮੇਂ ਦੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਉਹਨਾਂ ਦੇ ਆਪਣੇ ਪਿੰਡ ਕਾਉਂਕੇ ਤੋਂ ਪਿੰਡ ਵਾਸੀਆਂ ਦੇ ਸਾਹਮਣੇ ਦਿਨ ਦਿਹਾੜੇ ਗ੍ਰਿਫਤਾਰ ਕਰਕੇ ਸੀ ਆਈ ਏ ਸਟਾਫ ਜਗਰਾਉਂ ਵਿਖੇ ਰੱਖਕੇ ਅਸਹਿ ਤੇ ਅਕਹਿ ਤਸੀਹੇ ਦੇ ਕੇ ਅਤੇ ਕੋਹ ਕੋਹ ਕੇ ਉਹਨਾਂ ਦੇ ਸਰੀਰ ਦੇ ਟੋਟੇ ਟੋਟੇ ਕਰਕੇ, ਭਾਵੇਂ ਇੱਕ ਜਨਵਰੀ 1993 ਨੂੰ ਸਹੀਦ ਕਰ ਦਿੱਤਾ ਗਿਆ ਸੀ। ਪਰ ਉਸ ਸਮੇਂ ਪੁਲਿਸ ਵਲੋਂ ਉਹਨਾਂ ਨੂੰ ਪੁਲਿਸ ਹਿਰਾਸਤ ਵਿੱਚੋਂ ਭੱਜਣ ਦਾ ਡਰਾਮਾ ਰਚਿਆ ਗਿਆ ਸੀ। ਉਸ ਸਮੇਂ ਤੋਂ ਪੰਥ ਵਲੋਂ ਉਹਨਾਂ ਦੇ ਕਾਤਲਾਂ ਨੂੰ ਸਜਾ ਦਿਵਾਉਣ ਲਈ ਇੱਕ ਸੁਰ ਹੋ ਕੇ ਮੰਗ ਉਠਾਉਣ ਦੇ ਬਾਵਜੂਦ ਕਿਸੇ ਵੀ ਹੁਕਮਰਾਨ ਸਰਕਾਰ ਨੇ ਇਸ ਦਾ ਇਨਸਾਫ ਦੇਣ ਦੀ ਬਜਾਏ ਅੱਖੋਂ ਪਰੋਖੇ ਕਰੀ ਰੱਖਿਆ ਇਥੋਂ ਤੱਕ ਕਿ ਪੰਥ ਦੀਆਂ ਵੋਟਾਂ ਲੈ ਕੇ ਤਿੰਨ ਵਾਰ ਸ. ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਹੇਠ ਬਣੀ ਅਕਾਲੀ ਸਰਕਾਰ ਨੇ ਆਪਣੀ ਕੌਮ ਦੇ ਜਥੇਦਾਰ ਦਾ ਇਨਸਾਫ ਤਾਂ ਕੀ ਦੇਣਾ ਸੀ ਸਗੋਂ ਕਾਤਲ ਪੁਲਿਸ ਅਫਸਰਾਂ ਨੂੰ ਉਹਨਾਂ ਦੇ ਪਸੰਦੀ ਦੇ ਉੱਚ ਆਹੁਦੇ ਦੇ ਕੇ ਨਿਵਾਜਿਆ ਗਿਆ। ਸ. ਪ੍ਰਕਾਸ ਸਿੰਘ ਬਾਦਲ ਬਾਦਲ ਨੇ ਮੁੱਖ ਮੰਤਰੀ ਤੇ ਸ. ਸੁਖਬੀਰ ਸਿੰਘ ਬਾਦਲ ਨੇ ਗ੍ਰਹਿ ਮੰਤਰੀ ਰਹਿੰਦਿਆਂ ਲਗਾਤਾਰ ਕ੍ਰਮਵਾਰ 13 ਤੇ 8 ਸਾਲ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਨੂੰ ਆਪਣੇ ਸਿਰਹਾਣੇ ਤੇ ਗੋਡੇ ਥੱਲੇ ਦਬਾਅ ਕੇ ਕਾਤਲਾਂ ਨੂੰ ਆਪਣੀ ਬੁੱਕਲ ਵਿਚ ਲੈ ਕੇ ਬਚਾਉਂਦੇ ਤੇ ਲਕਾਉਦੇ ਰਹੇ।

ਪ੍ਰੰਤੂ ਹੁਣ ਉਨਾਂ ਦੇ ਕਤਲ ਦੀ 25 ਸਾਲਾਂ ਬਾਅਦ ਪੁਲਿਸ ਅਫਸਰ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਜਨਤਕ ਹੋ ਕੇ ਸ੍ਰੀ ਅਕਾਲ ਤਖਤ ਸਾਹਿਬ ਤੇ ਦਾਖਲ ਹੋਈ ਹੈ। ਇਸ ਰਿਪੋਰਟ ਨੇ ਅੱਜ ਸੰਸਾਰ ਪੱਧਰ ਤੇ ਸਿੱਖ ਕੌਮ ਨੂੰ ਮੁੜ ਅਗਵਾਈ ਦਿੰਦਿਆ ਉਸ ਦੌਰ ਦੀਆਂ ਵਧੀਕੀਆਂ ਤੇ ਜਬਰ ਜੁਲਮ ਦਾ ਇਨਸਾਫ ਲੈਣ ਅਤੇ ਖੇਰੂ-ਖੇਰੂ ਹੋਈ ਕੌਮ ਨੂੰ ਜਗਾਉਣ ਅਤੇ ਇੱਕ ਮੰਚ ਤੇ ਇਕੱਠਿਆਂ ਹੋਣ ਲਈ ਲੋਕ ਲਹਿਰ ਖੜ੍ਹੀ ਕਰਨ ਲਈ ਹਲੂਣਾ ਦਿੱਤਾ ਹੈ।

ਸੋ ਆਓ ਪੰਥ ਅਤੇ ਪੰਜਾਬ ਦੇ ਦਰਦੀਓ, ਸਾਬਕਾ ਜੱਜ ਸਾਹਿਬਾਨ, ਵਕੀਲ ਸਾਹਿਬਾਨ ਮਨੁੱਖੀ ਅਧਿਕਾਰਾਂ ਲਈ ਅਵਾਜ ਬੁਲੰਦ ਕਰਨ ਵਾਲਿਓ, 10 ਫਰਵਰੀ 2024 ਨੂੰ ਸਵੇਰੇ 11 ਵਜੇ ਜਲੰਧਰ ਦੇ ਗੁਰੂ ਤੇਗ ਬਹਾਦੁਰ ਸਾਹਿਬ ਨਗਰ ਦੇ, ਗੁਰਦੁਆਰਾ ਗੁਰੂ ਤੇਗ ਬਹਾਦਰ ਵਿਖੇ ਪੁੱਜਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ। ਸੋ ਗੁਰੂ ਹੁਕਮਾਂ ਦੀ ਰੋਸਨੀ ਵਿੱਚ, ਭਵਿੱਖੀ ਰਣਨੀਤੀ ਤਿਆਰ ਕਰਨ ਲਈ ਜਥੇਦਾਰ ਕਾਉਂਕੇ ਦੇ ਇਨਸਾਫ ਲੈਣ ਲਈ ਮੀਟਿੰਗ ਵਿੱਚ ਪਹੁੰਚਣ ਦਾ ਸੱਦਾ ਪ੍ਰਵਾਨ ਕਰਨਾ ਜੀ।

: ਨੋਟ :

ਜਥੇਦਾਰ ਕਾਉਂਕੇ ਸਾਹਿਬ ਦੇ ਮੁੱਦੇ ਤੇ ਇਨਸਾਫ ਲੈਣ ਲਈ ਕਨੂੰਨੀ ਰਾਏ ਤੇ ਲੋਕ ਲਹਿਰ ਖੜ੍ਹੀ ਕਰਨ ਲਈ ਆਪਣੇ ਕੀਮਤੀ ਸੁਝਾਅ ਸੰਖੇਪ ਸਬਦਾਂ ਵਿੱਚ ਲਿਖਕੇ ਲੈ ਕੇ ਆਉਣ ਦੀ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਧੰਨਵਾਦੀ ਹੋਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV


: ਗੁਰੂ ਪੰਥ ਦੇ ਦਾਸ :

**ਤਾਲਮੇਲ ਇਨਸਾ.ਫ ਕਮੇਟੀ**

**ਅਮਰ ਸ਼ਹੀਦ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ**

**ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖਤ ਸਾਹਿਬ**

ਸੰਪਰਕ ਨੰਬਰ : 9872482164, 9814013915, 9814015740, 9779750126, ਕਨੂੰਨੀ ਸੁਝਾਅ ਦੇਣ ਵਾਸਤੇ ਨੰਬਰ : 9878421013




# ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਪਟੀਸ਼ਨ 7ਵੀਂ ਵਾਰ ਰੱਦ ਹੋਣ ਤੇ ਕੇਜਰੀਵਾਲ ਸਰਕਾਰ ਦਾ ਵੀ ਸਿੱਖ ਵਿਰੋਧੀ ਚਿਹਰਾ ਹੋਇਆ ਬੇਨਕਾਬ : ਉਪਕਾਰ ਸਿੰਘ ਸੰਧੂ

**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੀ ਏ ਸੀ ਮੈਂਬਰ ਅਤੇ ਕੌਮੀ ਜਰਨਲ ਸਕੱਤਰ ਸ੍ਰ ਉਪਕਾਰ ਸਿੰਘ ਜੀ ਸੰਧੂ ਨੇ ਪ੍ਰੋਫੈਸਰ ਦਵਿੰਦਰਪਾਲ ਸਿੰਘ ਜੀ ਭੁੱਲਰ ਦੀ 7ਵੀਂ ਵਾਰ ਰਿਹਾਈ ਦੀ ਪਟੀਸ਼ਨ ਰੱਦ ਹੋਣ ਤੇ ਅਫ਼ਸੋਸ ਜਤਾਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਜਿਲਾ ਪ੍ਰੈਸ ਸਕੱਤਰ ਸ੍ਰ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਇਕ ਪ੍ਰੈਸ ਨੋਟ ਰਾਹੀਂ ਸ੍ਰ ਉਪਕਾਰ ਸਿੰਘ ਸੰਧੂ ਨੇ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਵੱਲੋਂ 1993 ਵਿੱਚ ਦਿੱਲੀ ਵਿਖੇ ਹੋਏ ਬੰਬ ਧਮਾਕਿਆਂ ਦੇ ਦੋਸ਼ ਵਿੱਚ ਪ੍ਰੋਫੈਸਰ ਦਵਿੰਦਰਪਾਲ ਸਿੰਘ ਜੀ ਭੁੱਲਰ ਨੂੰ ਹੋਈ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ ਅਤੇ ਹੁਣ ਉਹਨਾਂ ਦੀ ਰਿਹਾਈ ਪਟੀਸ਼ਨ ਤੇ ਐਸ ਬੀ ਐਸ ਕਮੇਟੀ ਵੱਲੋਂ ਦਿੱਲੀ ਸਟੇਟ ਦੀ ਰਾਇਸ਼ੁਮਾਰੀ ਨਾਲ ਫੈਸਲਾ ਲਿਆ ਜਾਣਾਂ ਸੀ, ਪਰੰਤੂ ਦਿੱਲੀ ਸਟੇਟ ਵਿੱਚ ਆਮ ਆਦਮੀ ਪਾਰਟੀ ਦੀ ਕੇਜਰੀਵਾਲ ਸਰਕਾਰ ਦਾ ਪ੍ਰੋਫੈਸਰ ਦਵਿੰਦਰਪਾਲ ਸਿੰਘ ਜੀ ਭੁੱਲਰ ਦੀ ਰਿਹਾਈ ਦੇ ਹੱਕ ਵਿੱਚ ਨਾਂ-ਭੁਗਤ ਕੇ ਸਿੱਖ ਵਿਰੋਧੀ ਚਿਹਰਾ ਬੇਨਕਾਬ ਹੋ ਗਿਆ ਹੈ ਜੋ ਕਿ ਬੇਹੱਦ ਦੁੱਖ ਭਰਿਆ ਹੈ। ਸ੍ਰ ਸੰਧੂ ਨੇ ਕੇਜਰੀਵਾਲ ਸਰਕਾਰ ਇਲਜ਼ਾਮ ਲਗਾਉਂਦਿਆਂ ਹੋਇਆ ਕਿਹਾ ਕਿ ਇਹਨਾਂ ਤੋਂ ਉਮੀਦ ਵੀ ਕੀ ਕੀਤੀ ਜਾ ਸਕਦੀ ਹੈ ਜਦੋਂ ਕਿ ਸ੍ਰੀ ਅਰਵਿੰਦ ਕੇਜਰੀਵਾਲ ਨੂੰ ਸਿੱਖਾਂ ਨਾਲ ਖਾਸ ਨਫ਼ਰਤ ਹੈ ਜਿਸਦੀ ਮਿਸਾਲ ਉਹਨਾਂ ਦੀ ਆਪਣੀਂ ਪਾਰਟੀ ਦੇ ਇਕ ਇਮਾਨਦਾਰ ਤੇ ਸਿੱਖ ਮਰਹੂਮ ਐਮ ਐਲ ਏ ਸ੍ਰ ਜਰਨੈਲ ਸਿੰਘ ਜੀ ਤੋਂ ਵੀ ਮਿਲਦੀ ਹੈ, ਜਿੰਨਾ ਨੇ ਸੰਨ 2009 ਵਿੱਚ ਦੇਸ਼ ਗ੍ਰਹਿ ਮੰਤਰੀ ਸ੍ਰੀ ਪੀ ਚਿੰਦਾਂਬਰਮ ਵੱਲੋਂ 1984 ਦੇ ਦੋਸ਼ੀਆਂ ਨੂੰ ਕਲੀਨ ਚਿੱਟ ਦੇਣ ਤੇ ਉਹਨਾਂ ਦੇ ਜੁੱਤੀ ਮਾਰੀ ਸੀ। ਜੋ ਕਿ ਸ੍ਰ ਜਰਨੈਲ ਸਿੰਘ ਜੀ ਦਾ ਇਕ ਸਿੱਖ ਹੋਣ ਨਾਤੇ ਕੌਮੀ ਰੋਸ ਸੀ ਅਤੇ ਪੰਥਕ ਸੋਚ ਦੇ ਮਾਲਕ ਹੋਣ ਕਾਰਨ ਸ੍ਰੀ ਕੇਜਰੀਵਾਲ ਨੂੰ ਉਹ ਅਕਸਰ ਖਟਕਦੇ ਰਹੇ ਅਤੇ ਉਹਨਾਂ ਦੇ ਸਿਆਸੀ ਜੀਵਨ ਨੂੰ ਅੱਗੇ ਨਹੀਂ ਵੱਧਣ ਦਿੱਤਾ ਗਿਆ, ਅਤੇ ਦਿੱਲੀ ਵਿੱਚ ਆਮ ਆਦਮੀ ਪਾਰਟੀ ਦੀ ਆਪਣੀਂ ਸਰਕਾਰ ਦੇ ਹੁੰਦਿਆ ਕਰੋਨਾਂ ਕਾਲ ਸਮੇਂ ਸ੍ਰ ਜਰਨੈਲ ਸਿੰਘ ਕਰੋਨਾਂ ਪੀੜਤ ਹੋ ਗਏ ਸਨ, ਜਿਸ ਕਾਰਨ ਉਹ ਇਕ ਬੈੱਡ ਲਈ ਆਪਣੇਂ ਟਵਿੱਟਰ ਅਕਾਊਂਟ ਤੇ ਦੁਹਾਈਆਂ ਪਾਉਂਦੇ ਰਹੇ ਪ੍ਰੰਤੂ ਸ੍ਰੀ ਕੇਜਰੀਵਾਲ ਉਹਨਾਂ ਨੂੰ ਇਕ ਬੈੱਡ ਵੀ ਮੁਹੱਈਆ ਕਰਵਾਕੇ ਨਹੀਂ ਦੇ ਸਕੇ ਅਤੇ ਨਾਂ ਹੀ ਉਹਨਾਂ ਦਾ ਇਲਾਜ ਕਰਵਾਇਆ ਜਿਸ ਕਾਰਨ ਉਹਨਾਂ ਦੀ ਬੇਵਕਤੀ ਮੌਤ ਹੋ ਗਈ, ਉਸਤਰਾਂ ਬੇਸ਼ੱਕ ਕੇਜਰੀਵਾਲ ਸਰਕਾਰ ਵੱਲੋਂ ਮੁਫ਼ਤ ਇਲਾਜ ਤੇ ਮੁਹੱਲਾ ਕਲੀਨਿਕਾਂ ਦਾ ਰੱਜ ਕੇ ਢੋਂਗ ਵੀ ਲਗਾਤਾਰ ਕੀਤਾ ਜਾ ਰਿਹਾ ਹੈ। ਜਿਸ ਕਰਕੇ ਸਮੁੱਚੀ ਸਿੱਖ ਕੌਮ ਪਹਿਲਾਂ ਤੋਂ ਇਸ ਗੱਲ ਤੋਂ ਭਲੀ-ਭਾਂਤ ਜਾਣੂੰ ਹੈ ਕਿ ਸ੍ਰੀ ਕੇਜਰੀਵਾਲ ਸਿੱਖਾਂ ਦੇ ਕਦੇ ਵੀ ਹਮਦਰਦ ਨਹੀਂ ਰਹੇ ਅਤੇ ਨਾਂ ਹੀ ਭਵਿੱਖ ਵਿੱਚ ਉਹਨਾਂ ਕੋਈ ਆਸ ਕੀਤੀ ਜਾ ਸਕਦੀ ਹੈ। ਇਹ ਪੰਜਾਬ ਦੇ ਲੋਕਾਂ ਨੂੰ ਵੀ ਜਾਣ ਲੈਣਾਂ ਚਾਹੀਦਾ ਹੈ। ਸ੍ਰ ਸੰਧੂ ਨੇ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਜੀ ਦੀ 7ਵੀਂ ਵਾਰ ਪਟੀਸ਼ਨ ਰੱਦ ਕੀਤੇ ਜਾਣ ਇਹ ਵੀ ਕਿਹਾ ਸਿੱਖ ਕੌਮ ਭਾਰਤੀ ਕਾਨੂੰਨ ਤੋਂ ਪੂਰੀ ਤਰਾਂ ਵਾਂਝੀ ਹੋ ਚੁੱਕੀ ਹੈ। ਦੇਸ਼ ਅਜ਼ਾਦ ਹੋਣ ਤੋਂ ਤੁਰੰਤ ਬਾਅਦ ਸਿੱਖਾਂ ਲਈ ਜਾਰੀ ਹੋਏ ਤੁਗਲਕੀ ਫਰਮਾਨ ਕਿ *÷ਸਿੱਖ ਕੌਮ ਇਕ ਜਰਾਇਮ ਪੇਸ਼ਾ ਕੌਮ ਹੈ ਇਹਨਾਂ ਨੂੰ ਜਿੰਨਾਂ ਮਰਜ਼ੀ ਕੁੱਟਿਆ ਮਾਰਿਆ ਜਾਵੇ ਕਿਸੇ ਨੂੰ ਕੋਈ ਇਤਰਾਜ਼ ਨਹੀਂ÷* ਦੇ ਅਧਾਰ ਤੇ ਹੀ ਸਿੱਖਾਂ ਦੇ ਵਿਰੁੱਧ ਸਾਰੇ ਫੈਸਲੇ ਲਏ ਜਾ ਰਹੇ ਹਨ ਅਤੇ ਬਹੁ-ਗਿਣਤੀ ਕੌਮ ਵੱਲੋਂ ਭਾਰਤ ਵਿੱਚ ਘੱਟ ਗਿਣਤੀ ਕੌਮਾਂ ਦੇ ਅਧਿਕਾਰਾਂ ਨੂੰ ਦਬਾਇਆ ਜਾ ਰਿਹਾ ਹੈ। ਜਦੋਂ ਕਿ ਕਨੂੰਨ ਮੁਤਾਬਕ 28 ਸਾਲ ਜੇਲ ? ਦੀਆਂ ਕਾਲ ਕੋਠੜੀਆਂ ਵਿੱਚ ਸਜ਼ਾ ਕੱਟ ਚੁੱਕੇ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਅਤੇ ਬਾਕੀ ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਨਾਂ ਬਣਦਾ ਹੈ।



**ਕੇਜਰੀਵਾਲ ਸਿੱਖਾਂ ਦੇ ਕਦੀ ਵੀ ਹਮਦਰਦ ਨਹੀਂ ਰਹੇ ਅਤੇ ਨਾਂ ਹੀ ਭਵਿੱਖ ਵਿੱਚ ਉਹਨਾਂ ਤੋਂ ਕੋਈ ਆਸ ਕੀਤੀ ਜਾ ਸਕਦੀ ਹੈ**







# ਵਪਾਰ ਮੰਡਲ ਵਿੰਗ ਪੰਜਾਬ ਨੇ ਨਵੇਂ ਸਾਲ ਦਾ ਕੈਲੰਡਰ ਕੀਤਾ ਜਾਰੀ

## ਆਪ ਪੰਜਾਬ ਦੇ ਜਰਨਲ ਸਕੱਤਰ ਹਰਚੰਦ ਸਿੰਘ ਬਰਸਟ ਅਤੇ ਜਗਰੂਪ ਸਿੰਘ ਸੇਖਵਾਂ ਨੇ ਜਾਰੀ ਕੀਤਾ




**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ (ਆਪ) ਦੇ ਪੰਜਾਬ ਵਪਾਰ ਮੰਡਲ ਵਿੰਗ ਨੇ ਨਵੇਂ ਸਾਲ (2024) ਦਾ ਕੈਲੰਡਰ ਜਾਰੀ ਕੀਤਾ ਹੈ। ਕੈਲੰਡਰ 'ਆਪ' ਪੰਜਾਬ ਦੇ ਜਰਨਲ ਸਕਤਰ ਹਰਚੰਦ ਸਿੰਘ ਬਰਸਟ (ਚੇਅਰਮੈਨ ਮੰਡੀ ਬੋਰਡ) ਅਤੇ ਜਗਰੂਪ ਸਿੰਘ ਸੇਖਵਾਂ ਨੇ ਜਾਰੀ ਕੀਤਾ। ਇਸ ਮੌਕੇ ਪੰਜਾਬ ਵਿੰਗ ਦੇ ਪ੍ਰਧਾਨ ਅਤੇ ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਮੈਂਬਰ ਵਿਨੀਤ ਵਰਮਾ ਵੀ ਮੌਜੂਦ ਸਨ। ਬੁੱਧਵਾਰ ਨੂੰ ਪਾਰਟੀ ਹੈੱਡਕੁਆਰਟਰ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਹਰਚੰਦ ਸਿੰਘ ਬਰਸਟ ਨੇ ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਿਛਲੀਆਂ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਨੇ ਸੂਬੇ ਨੂੰ ਲੁਟਿਆ ਹੈ, ਪਰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਸੂਬੇ ਵਿੱਚ ਲੁਟ-ਖਸੁੱਟ ਪੂਰੀ ਤਰ੍ਹਾਂ ਖਤਮ ਹੋ ਗਈ ਹੈ। ਪੰਜਾਬ ਸਰਕਾਰ ਪੂਰੀ ਇਮਾਨਦਾਰੀ ਨਾਲ ਲੋਕ ਭਲਾਈ ਦੇ ਕੰਮਾਂ ਨੂੰ ਅੰਜਾਮ ਦੇ ਰਹੀ ਹੈ। ਜਰਨਲ ਸਕੱਤਰ ਜਗਰੂਪ ਸਿੰਘ ਸੇਖਵਾਂ ਨੇ ਵਪਾਰ ਮੰਡਲ ਦੇ ਸਮੂਹ ਅਹੁਦੇਦਾਰਾਂ ਦਾ ਹੌਸਲਾ ਅਫਜ਼ਾਈ ਕੀਤਾ ਅਤੇ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਹਰ ਵਰਗ ਦੇ ਵਪਾਰੀਆਂ ਲਈ ਤਨਦੇਹੀ ਨਾਲ ਕੰਮ ਕਰਨ। ਉਨਾਂ ਕਿਹਾ ਕਿ ਜਲਦ ਹੀ ਪਾਰਟੀ ਆਪਣੇ ਸੰਗਠਨ ਨੂੰ ਹੋਰ ਮਜਬੂਤ ਕਰਨ ਲਈ ਸੰਗਠਨ ਦਾ ਵਿਸਤਾਰ ਕਰਦਿਆਂ ਅਹੁਦੇਦਾਰਾਂ ਦੇ ਨਾਂ ਦਾ ਐਲਾਨ ਕਰੇਗੀ। ਉਨਾਂ ਨੇ ਦਾਅਵਾ ਕੀਤਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ ਸੂਬੇ ਦੀ ਸਾਰੀਆਂ 13 ਸੀਟਾਂ ਉੱਤੇ ਜਿੱਤ ਪ੍ਰਾਪਤ ਕਰੇਗੀ। ਵਪਾਰ ਮੰਡਲ ਵਿੰਗ ਪੰਜਾਬ ਦੇ ਪ੍ਰਧਾਨ ਵਿਨੀਤ ਵਰਮਾ ਨੇ ਸਮੂਹ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਦਾ ਵਪਾਰੀ ਵਰਗ ਨਿਡਰ ਹੋ ਕੇ ਪੰਜਾਬ ਦੀ ਤਰੱਕੀ ਲਈ ਯੋਗਦਾਨ ਪਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਪਾਰ ਮੰਡਲ ਵਿੰਗ ਵਪਾਰੀਆਂ ਦੇ ਸਾਰੇ ਮਸਲੇ ਸਰਕਾਰ ਨਾਲ ਤਾਲਮੇਲ ਕਰਕੇ ਹੱਲ ਕਰ ਰਿਹਾ ਹੈ। ਇਸ ਮੌਕੇ ਅਮਰਦੀਪ ਕੌਰ ਮੀਤ ਪ੍ਰਧਾਨ, ਹਰਜਿੰਦਰ ਸਿੰਘ ਰੰਧਾਵਾ ਮੀਤ ਪ੍ਰਧਾਨ ਜਿਲ੍ਹਾ ਅੰਮ੍ਰਿਤਸਰ, ਰਜਨੀਸ਼ ਬੈਂਸ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਅਜੈ ਜੈਨ ਜ਼ਿਲ੍ਹਾ ਪ੍ਰਧਾਨ ਮਲੇਰਕੋਟਲਾ, ਸੁਰਜੀਤ ਕੰਗ, ਸੰਯੁਕਤ ਸਕਤਰ, ਸੁਰਿੰਦਰ ਸਿੰਘ, ਮਲਕੀਤ ਸਿੰਘ, ਕਸ਼ਮੀਰ ਕੌਰ, ਵਰਿੰਦਰ ਸਿੰਘ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਧੁਰ ਕੀ ਬਾਣੀ ... ਸ਼ਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




## ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ

# ਖਾਲਸਾ ਵਿੱਦਿਅਕ ਅਤੇ ਮੈਡੀਕਲ ਸੰਸਥਾਵਾਂ ਦਾ ਕੈਲੰਡਰ ਜਾਰੀ ਕੀਤਾ



**ਚੌਕ ਮਹਿਤਾ, 24 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਤੇ ਮੈਡੀਕਲ ਸੰਸਥਾਵਾਂ ਦਾ ਸਾਂਝਾ ਕੈਲੰਡਰ ਜਾਰੀ ਕੀਤਾ ਗਿਆ। ਇਸ ਕੈਲੰਡਰ ਵਿੱਚ ਖਾਲਸਾ ਅਕੈਡਮੀ, ਖਾਲਸਾ ਕਾਲਜ,ਖਾਲਸਾ ਮੈਮੋਰੀਅਲ ਹਸਪਤਾਲ,ਖਾਲਸਾ ਪ੍ਰੀਮੀਅਮ ਸਕੂਲ, ਖਾਲਸਾ ਨਰਸਿੰਗ ਕਾਲਜ ਨਾਲ ਸੰਬੰਧਿਤ ਸਾਲਾਨਾ ਗਤੀਵਿਧੀਆਂ ਦੇ ਵੇਰਵੇ ਸ਼ਾਮਿਲ ਹਨ। ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਇਸ ਕੈਲੰਡਰ ਨੂੰ ਜਾਰੀ ਕਰਦਿਆਂ ਇਸ ਦੀਆਂ ਵਿਸ਼ੇਸ਼ਤਾਵਾਂ ਤੇ ਚਾਨਣਾ ਪਾਇਆ। ਇਸ ਮੌਕੇ ਓਹਨਾਂ ਦੱਸਿਆ ਕਿ ਇਹ ਕੈਲੰਡਰ ਹਰ ਸਾਲ ਜਾਰੀ ਕੀਤਾ ਜਾਵੇਗਾ।ਜਿਸ ਵਿੱਚ ਸਾਰੇ ਵਿੱਦਿਅਕ ਅਤੇ ਮੈਡੀਕਲ ਸੰਸਥਾਵਾਂ ਦੀ ਸਾਲਾਨਾ ਕਾਰਗੁਜ਼ਾਰੀ ਨੂੰ ਦਰਸਾਇਆ ਗਿਆ ਹੈ।ਇਸ ਤੋਂ ਇਲਾਵਾ ਵਿੱਦਿਅਕ ਅਦਾਰਿਆਂ ਵਿੱਚ ਹੋਣ ਵਾਲੀਆਂ ਗਰਮੀਆਂ - ਸਰਦੀਆਂ ਦੀਆਂ ਛੁੱਟੀਆਂ ਦੇ ਨਾਲ ਨਾਲ ਧਾਰਮਿਕ , ਸਰਕਾਰੀ ਅਤੇ ਗੈਰ ਸਰਕਾਰੀ ਛੁੱਟੀਆਂ ਦਾ ਵੇਰਵਾ ਦਿੱਤਾ ਗਿਆ ਹੈ ਤਾਂ ਜੋ ਅਦਾਰਿਆਂ ਦੇ ਸਾਲਾਨਾ ਕਾਰਜਾਂ ਨੂੰ ਯੋਜਨਾਬੱਧ ਤਰੀਕੇ ਨਾਲ ਕੀਤਾ ਜਾ ਸਕੇ। ਇਹ ਕੈਲੰਡਰ ਆਗਾਮੀ ਸੂਚਨਾਵਾਂ, ਆਸਾਨ ਸਮਾਂ - ਸਾਰਣੀ, ਇਮਤਿਹਾਨ ਦੀਆਂ ਤਰੀਕਾਂ ,ਕੈਂਪਸ ਵਿੱਚ ਹੋਣ ਵਾਲੀਆਂ ਵੱਖ-ਵੱਖ ਗਤੀਵਿਧੀਆਂ, ਖੇਡਾਂ ਦੇ ਸਮਾਗਮਾਂ,ਲਾਇਬ੍ਰੇਰੀ ਦੀ ਸਮਾਂ-ਸਾਰਣੀ, ਆਦਿ ਦੀ ਸੂਚਨਾ ਨਾਲ ਭਰਪੂਰ ਹੈ,ਜੋ ਕਿ ਸੰਗਠਿਤ ਰਹਿ ਕੇ ਸਮੇਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਿਤ ਕਰਨ ਵਿੱਚ ਮਦਦ ਕਰੇਗਾ। ਇਸ ਮੌਕੇ ਤੇ ਭਾਈ ਈਸ਼ਰ ਸਿੰਘ ਸਪੁੱਤਰ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ, ਭਾਈ ਅਜੈਬ ਸਿੰਘ ਅਭਿਆਸੀ, ਦਮਦਮੀ ਟਕਸਾਲ ਦੇ ਮਹਾਨ ਵਿਦਵਾਨ ਗਿਆਨੀ ਪਰਮਿੰਦਰਪਾਲ ਸਿੰਘ ਬੁੱਟਰ ਅਤੇ ਗਿਆਨੀ ਸਾਹਿਬ ਸਿੰਘ, ਪ੍ਰਿੰ.ਗੁਰਦੀਪ ਸਿੰਘ ਜਲਾਲ ਉਸਮਾਂ, ਸ.ਹਰਸ਼ਦੀਪ ਸਿੰਘ ਰੰਧਾਵਾ ਅਤੇ ਸ.ਅਵਤਾਰ ਸਿੰਘ ਬੁੱਟਰ ਮੈਂਬਰ ਚੀਫ਼ ਖਾਲਸਾ ਦੀਵਾਨ, ਡਾ.ਗੁਰਪ੍ਰਤਾਪ ਸਿੰਘ, ਡਾ.ਅਰਪਿੰਦਰ ਸਿੰਘ,ਭਾਈ ਨਿਰਮਲ ਸਿੰਘ,ਭਾਈ ਬੋਹੜ ਸਿੰਘ, ਪ੍ਰਿੰ. ਸੁਖਮੀਤ ਕੌਰ, ਮੈਡਮ ਪਰਵੀਨ ਕੌਰ, ਸ.ਦਿਲਬਾਗ ਸਿੰਘ, ਪ੍ਰਿੰ. ਹਰਜੀਤ ਕੌਰ ਮੌਜੂਦ ਸਨ।


ਆਵਾਜ਼ਿ ਕੌਮ AWAZE QAUM International Newspaper & WEB TV

## ਪਬਲਿਕ ਸਥਾਨਾਂ ਤੇ ਸਿਗਰਟਨੋਸ਼ੀ ਕਰਨਾਂ ਅਤੇ ਖੁਲੀ ਸਿਗਰਟ ਵੇਚਣਾਂ ਵੀ ਸਜਾ/ਜੁਰਮਾਨੇ ਯੋਗ ਅਪਰਾਧ ਹੈ : ਸਿਵਲ ਸਰਜਨ ਡਾ. ਵਿਜੇ ਕੁਮਾਰ



**ਚੌਕ ਮਹਿਤਾ, 24 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ ਡਾ ਵਿਜੇ ਕੁਮਾਰ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਵਲੋਂ ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਸੰਬਧੀ ਅੱਜ ਦਫਤਰ ਸਿਵਲ ਸਰਜਨ ਵਿਖੇ ਤੋਂ ਜਿਲਾ੍ ਨੋਡਲ ਅਫਸਰ ਐਨ.ਟੀ.ਸੀ.ਪੀ.ਕਮ ਡੀ.ਡੀ.ਐਚ.ਓ.ਡਾ ਜਗਨਜੋਤ ਕੌਰ ਦੀ ਅਗਵਾਹੀ ਹੇਠਾਂ ਇਕ ਸਪੈਸ਼ਲ ਟੀਮ ਦਾ ਗਠਣ ਕੀਤਾ ਗਿਆ। ਜਿਸ ਵਿਚ ਜਿਲਾ੍ ਐਮ.ਈ.ਆਈ.ਉ. ਅਮਰਦੀਪ ਸਿੰਘ, ਡਾ ਤਰਨਦੀਪ ਕੌਰ, ਡਾ ਜਸਮੀਤ ਕੌਰ, ਐਸ.ਆਈ. ਪਰਮਜੀਤ ਸਿੰਘ, ਰਜਿੰਦਰਪਾਲ ਸਿੰਘ, ਦੀਪਕ ਕੁਮਾਰ, ਜੁਝਾਰ ਸਿੰਘ, ਰਸ਼ਪਾਲ ਸਿੰਘ ਅਤੇ ਬਲਵਿੰਦਰ ਸਿੰਘ ਸ਼ਾਮਿਲ ਸਨ।ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਲਗਭਗ 22 ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਦੌਰਾਣ ਬਟਾਲਾ ਰੋਡ, ਮਾਲ ਰੋਡ ਅਤੇ ਸੈਲੀਬਰੇਸ਼ਨ ਮਾਲ ਦੇ ਇਲਾਕਿਆਂ ਵਿਚ 12 ਦੁਕਾਨਦਾਰਾਂ ਦੇ ਮੌਕੇ ਤੇ ਚਲਾਣ ਕੱਟੇ ਗਏ ਅਤੇ ਪਬਲਿਕ ਸਥਾਨਾਂ ਤੇ ਸਿਗਰਟ ਪੀਣ ਵਾਲੇ 5 ਲੋਕਾਂ ਦੇ ਮੌਕੇ ਤੇ ਜੁਰਮਾਨਾਂ ਚਲਾਣ ਕੀਤੇ ਗਏ।ਪੰਜਾਬ ਸਰਕਾਰ ਵਲੋਂ ਸਮੂਹ ਤੰਬਾਕੂ ਵਿਕ੍ਰੇਤਾਵਾਂ ਨੂੰ ਚੇਤਾਵਨੀਂ ਦਿੰਦਿਆ ਹਿਦਾਇਤਾਂ ਜਾਰੀ ਕੀਤੀ। ਟੀਮ ਵਲੋਂ ਇਸ ਮੌਕੇ ਤੇ ਜਾਣਕਾਰੀ ਦਿੱਤੀ ਕਿ ਈ-ਸਿਗਰਟ ਪੀਣਾਂ ਜਾਨਲੇਵਾ ਹੋ ਸਕਦਾ ਹੈ, ਇਸ ਨਾਲ ਬਹੁਤ ਸਾਰੀਆਂ ਫੇਫੜਿਆਂ ਦੀਆਂ ਬੀਮਾਰੀਆਂ ਹੋ ਸਕਦੀਆਂ ਹਨ ਅਤੇ ਕੈਂਸਰ ਹੋਣ ਦਾ ਖਤਰਾ ਵੱਧ ਸਕਦਾ ਹੈ, ਇਸ ਲਈ ਜੇਕਰ ਕੋਈ ਵੀ ਤੰਬਾਕੂ ਵਿਕ੍ਰੇਤਾਂ ਬਿਨਾਂ ਮਾਪਦੰਡ ਵਾਲਾ ਤੰਬਾਕੂ ਸਮਾਨ (ਇਮਪੋਰਟਿਡ ਸਿਗਰਟ) ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਧਾਰਾ 20 ਤਹਿਤ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।ਇਸ ਤੋਂ ਇਲਾਵਾ ਪਬਲਿਕ ਸਥਾਨਾਂ ਤੇ ਸਿਗਰਟਨੋਸ਼ੀ ਕਰਨਾਂ ਅਤੇ ਖੁਲੀ ਸਿਗਰਟ ਵੇਚਣਾਂ ਵੀ ਸਜਾ/ਜੁਰਮਾਨੇ ਯੋਗ ਅਪਰਾਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV


ਅਕਾਲ ਸਹਾਇ
ਸਿੱਖ ਨੌਜਵਾਨਾਂ ਨੂੰ ਗੁਰਬਾਣੀ ਸਿਧਾਂਤਾਂ ਅਤੇ ਮਾਣਮੱਤੇ ਸਿੱਖ ਵਿਰਸੇ ਨਾਲ ਜੋੜ ਕੇ ਸਮੇਂ ਦੇ ਹਾਣੀ ਬਣਾਉਣ ਲਈ
ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ
ਅੰਤਰਰਾਸ਼ਟਰੀ ਸਿੱਖ ਯੂਥ ਕਾਨਫਰੰਸ
ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ
ਮਿਤੀ :25 ਜਨਵਰੀ 2024 ਦਿਨ ਵੀਰਵਾਰ
ਸਵੇਰੇ 11 ਵਜੇ ਤੋਂ 1 ਵਜੇ ਤੱਕ
ਸਿੱਖ ਸਿਧਾਂਤਾਂ ਦੀ ਪਹਿਰੇਦਾਰੀ ਕਰਦਿਆਂ ਵੱਖ ਵੱਖ ਖੇਤਰਾਂ ਵਿਚ ਵਡਮੁੱਲੀਆਂ ਸੇਵਾਵਾਂ ਕਰ ਰਹੀਆਂ ਸਿੱਖ ਸਖਸ਼ੀਅਤਾਂ ਨੂੰ ਵਿਸ਼ੇਸ਼ ਸਨਮਾਨ ਦਿੱਤਾ ਜਾਵੇਗਾ। ਪੰਥ ਦੇ ਮਹਾਨ ਵਿਦਵਾਨ ਇਤਿਹਾਸਕਾਰ ਸੰਬੋਧਨ ਕਰਨਗੇ।
ਸਿੱਖ ਨੌਜਵਾਨਾਂ ਨੂੰ ਅਪੀਲ ਹੈ ਕਿ ਆਓ! ਗੁਰੂ ਦਰ ਤੇ ਜੁੜ ਬੈਠੀਏ ਤੇ ਸਿੱਖੀ ਦੀਆਂ ਬਾਤਾਂ ਪਾਈਏ
ਪ੍ਰਬੰਧਕ: ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ
ਆਵਾਜ਼ਿ ਕੌਮ AWAZE QAUM International Newspaper & WEB TV
ਗੁਰੂ ਪੰਥ ਦੀ ਸੇਵਾ ਵਿਚ
ਗਿਆਨੀ ਹਰਪ੍ਰੀਤ ਸਿੰਘ, ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ
ਕੋਆਰਡੀਨੇਟਰ : ਪਰਮਪਾਲ ਸਿੰਘ ਸਭਰਾਅ
ਅਲਾਇੰਸ ਆਫ ਸਿੱਖ ਆਰਗੇਨਾਈਜੇਸ਼ਨਸ
98555 05800, 981499 1699, 8146 810006

ਸਰਬੱਤ ਖਾਲਸਾ 1986 ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਥਾਪੇ ਕਾਰਜਕਾਰੀ ਜਥੇਦਾਰ

# ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਉਂਕੇ

ਜਿਨਾਂ ਨੂੰ ਉਸ ਵਕਤ ਦੀ ਜ਼ਾਲਮ ਸਰਕਾਰ ਵੱਲੋਂ ਅਣਮਨੁੱਖੀ ਤਸੀਹੇ ਦੇ ਕੇ
1 ਜਨਵਰੀ 1993 ਨੂੰ ਸ਼ਹੀਦ ਕਰ ਦਿੱਤਾ ਸੀ ਉਨਾਂ ਦੀ ਯਾਦ ਵਿੱਚ



# ਮਹਾਨ ਸ਼ਹੀਦੀ ਸਮਾਗਮ

ਵੀਰਵਾਰ 25 ਜਨਵਰੀ 2024
ਗੁਰਦੁਆਰਾ ਪਾਤਸ਼ਾਹੀ 10ਵੀਂ ਨਾਢਾ ਸਾਹਿਬ ਪੰਚਕੂਲਾ (ਨੇੜੇ ਚੰਡੀਗੜ) ਵਿਖੇ

ਸ੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਹੋਵੇਗਾ

ਪ੍ਰਸਿੱਧ ਸ਼ਖਸ਼ੀਅਤਾਂ ਪੰਥਕ ਆਗੂ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਗੁਰਦੇਵ ਸਿੰਘ ਕਉਂਕੇ ਨੂੰ
ਸ਼ਰਧਾਂਜਲੀ ਭੇਟ ਕਰਦਿਆਂ ਉਹਨਾਂ ਦੇ ਜੀਵਨ ਬਾਰੇ ਚਾਨਣਾ ਪਾਉਣਗੇ
ਆਓ ਸਾਰੇ ਹਾਜ਼ਰੀਆਂ ਭਰਕੇ ਆਪਣੇ ਸ਼ਹੀਦਾਂ ਦੀ ਯਾਦ ਮਨਾਉਂਦੇ ਹੋਏ ਅਕਾਲ ਪੁਰਖ
ਵਾਹਿਗੁਰੂ ਪਾਸੋਂ ਖਾਲਸਾ ਪੰਥ ਦੀ ਚੜਦੀਕਲਾ ਦੀ ਅਰਦਾਸ ਕਰੀਏ

ਬੇਨਤੀ ਕਰਤਾ:-
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ
ਸਮੂੰਹ ਮੈਂਬਰ ਸਾਹਿਬਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਧ ਸੰਗਤ
93560-60960

## ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖਿਡਾਰੀਆਂ ਨੇ

# ਆਲ ਇੰਡੀਆ ਇੰਟਰ ਯੂਨੀਵਰਸਿਟੀ ਤਲਵਾਰਬਾਜ਼ੀ ਚੈਂਪੀਅਨਸ਼ਿਪ 2023-24 'ਚ ਜਿੱਤੇ





**ਤਲਵੰਡੀ ਸਾਬੋ, 24 ਜਨਵਰੀ (ਗੁਰਜੰਟ ਸਿੰਘ ਨਥੇਹਾ)-** ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਆਯੋਜਿਤ ਆਲ ਇੰਡੀਆ ਇੰਟਰ ਯੂਨੀਵਰਸਿਟੀ ਤਲਵਾਰਬਾਜ਼ੀ ਚੈਂਪੀਅਨਸ਼ਿਪ 2023-24 ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਖਿਡਾਰੀਆਂ ਅਤੇ ਖਿਡਾਰਣਾਂ ਨੇ ਟੀਮ ਇਵੈਂਟ ਵਿੱਚ ਚਾਂਦੀ ਅਤੇ ਕਾਂਸੇ ਦੇ ਤਮਗੇ ਜਿੱਤ ਕੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਉਪ ਕੁਲਪਤੀ ਪ੍ਰੋ. (ਡਾ.) ਐਸ.ਕੇ ਬਾਵਾ ਨੇ ਕਿਹਾ ਕਿ ਤਲਵਾਰਬਾਜ਼ੀ ਦੀ ਖੇਡ ਇਸ ਇਲਾਕੇ ਲਈ ਨਵੀਂ ਹੈ, ਪਰ ਜੀ.ਕੇ.ਯੂ ਦੇ ਵਿਦਿਆਰਥੀਆਂ ਨੇ ਇਸ ਖੇਡ ਵਿੱਚ ਤਮਗੇ ਜਿੱਤ ਕੇ ਆਪਣੇ ਹੁਨਰ ਦਾ ਲੋਹਾ ਮਨਵਾਇਆ ਹੈ।ਉਨ੍ਹਾਂ ਦੱਸਿਆ ਕਿ ਤਲਵਾਰਬਾਜ਼ੀ ਵਿੱਚ ਖਿਡਾਰੀਆਂ ਵੱਲੋਂ ਕੀਤੀਆਂ ਗਈਆਂ ਪ੍ਰਾਪਤੀਆਂ ਨੂੰ ਧਿਆਨ 'ਚ ਰੱਖਦੇ 'ਵਰਸਿਟੀ ਪ੍ਰਬੰਧਕਾਂ ਵੱਲੋਂ ਤਲਵਾਰਬਾਜ਼ੀ ਅਕੈਡਮੀ ਸਥਾਪਿਤ ਕਰਨ ਦੀ ਯੋਜਨਾ ਬਣਾਈ ਗਈ ਹੈ, ਜੋ ਇਲਾਕਾ ਨਿਵਾਸੀਆਂ ਨੂੰ ਆਪਣੀ ਖੇਡ ਕਲਾ ਨਿਖਾਰਣ ਵਿੱਚ ਸਹਾਈ ਹੋਵੇਗੀ। ਨਿਰਦੇਸ਼ਕ ਖੇਡਾਂ ਡਾ. ਬਲਵਿੰਦਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਦੇ 24 ਤਲਵਾਰਬਾਜ਼ਾਂ ਨੇ ਕੋਚ ਮੈਡਮ ਅਮਨਦੀਪ ਕੌਰ ਦੀ ਸਰਪ੍ਰਸਤੀ ਹੇਠ ਸੈਬਰ ਟੀਮ ਇਵੈਂਟ (ਲੜਕਿਆਂ) ਵਿੱਚ ਚਾਂਦੀ, ਲੜਕੀਆਂ ਨੇ ਫੋਇਲ ਟੀਮ ਇਵੈਂਟ ਅਤੇ ਸੈਬਰ ਟੀਮ ਇਵੈਂਟ ਵਿੱਚ ਕਾਂਸੇ ਦੇ ਤਮਗੇ ਜਿੱਤੇ। ਉਨ੍ਹਾਂ ਇਹ ਵੀ ਦੱਸਿਆ ਕਿ ਲੜਕੀਆਂ ਦੇ ਵਿਅਕਤੀਗਤ ਮੁਕਾਬਲਿਆਂ ਦੇ ਫੋਇਲ ਇਵੈਂਟ ਵਿੱਚ ਖਿਡਾਰਣ ਰਿਤਿਕਾ, ਸੈਬਰ ਇਵੈਂਟ ਵਿੱਚ ਵੇਦਿਕਾ ਕੌਸ਼ਿਕ ਅਤੇ ਉਦੈਵੀਰ ਨੇ ਸੈਬਰ ਵਿਅਕਤੀਗਤ ਲੜਕਿਆਂ ਦੇ ਮੁਕਾਬਲੇ ਵਿੱਚ ਖੇਲੋ ਇੰਡੀਆ ਲਈ ਕੁਆਲੀਫਾਈ ਕੀਤਾ ਹੈ।ਉਨ੍ਹਾਂ ਜਾਣਕਾਰੀ ਦਿੰਦੇ ਦੱਸਿਆ ਕਿ 'ਵਰਸਿਟੀ ਦੇ 24 ਖਿਡਾਰੀਆਂ 'ਚੋਂ 20 ਖਿਡਾਰੀ ਖੇਲੋ ਇੰਡੀਆ ਲਈ ਚੁਣੇ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਵਿੱਚ ਨਕਲੀ ਡਿਗਰੀਆਂ / ਡਿਪਲੋਮਿਆਂ ਦੀ ਭਰਮਾਰ ਨਾਲੇ ਵੇਚਦੇ ਮੈਡੀਕਲ ਨਸ਼ੇ : ਡਾ ਮੁਲਤਾਨੀ



**ਚੌਕ ਮਹਿਤਾ,24 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਲੰਬੇ ਸਮੇਂ ਤੋਂ ਪੰਜਾਬ ਸਿਹਤ ਮਹਿਕਮੇ ਨੂੰ ਬਾਰ ਬਾਰ ਯਾਦ ਕਰਵਾਉਣ ਦੇ ਬਾਵਜੂਦ ਵੀ ਨਕਲੀ ਡਿਗਰੀਆਂ / ਡਿਪਲੋਮੇ ਲਈ ਬੈਠੇ ਡਾਕਟਰ ਅਤੇ ਕੈਮਿਸਟ ਦੁਕਾਨਾਂ ,ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰ ਰਹੇ ਅਤੇ ਮੈਡੀਕਲ ਨਸ਼ੇ ਦੇ ਕੇਂਦਰ ਹਨ ਪਰ ਸਰਕਾਰਾਂ ਅੱਖਾਂ ਤੇ ਕੰਨ ਬੰਦ ਕਰੀ ਬੈਠੀਆਂ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਡਾ ਦਲੇਰ ਸਿੰਘ ਮੁਲਤਾਨੀ ਰਿਟਾ ਸਿਵਲ ਸਰਜਨ ਨੇ ਦੱਸਿਆ ਕਿ

ਹੈਰਾਨੀ ਵਾਲੀ ਗੱਲ ਕਿ ਮੁਹਾਲੀ ਫੇਜ ਸੱਤ ਤੋਂ ਚਲਦੀ ਇੱਕ ਜਾਅਲੀ ਮੈਡੀਕਲ ਸੰਸਥਾ ਜੋ ਕਿ ਕਈ ਤਰਾਂ ਦੀਆਂ ਮੈਡੀਕਲ ਡਿਗਰੀਆਂ ਜਿਵੇਂ ਬੀ ਏ ਐਮ ਐਸ ਤੇ ਹੋਰ ਕਈ ਤਰਾਂ ਦੇ ਡਿਪਲੋਮੇ, ਪੈਸੇ ਲੈ ਕੇ ਦੇ ਰਹੇ ਸੀ ਜਿਸ ਬਾਰੇ ਮੇਰੇ ਵੱਲੋਂ ਕਈ ਸਾਲ ਸਰਕਾਰ ਨਾਲ ਪੱਤਰ ਵਿਹਾਰ ਕਰਨ ਦੇ ਬਾਅਦ 2016-17 ਵਿੱਚ ਐਫ ਆਈ ਆਰ ਹੋਈ ਅਤੇ ਕੁਝ ਐਕਸ਼ਨ ਵੀ ਹੋਇਆ ਸੀ ਪਰ ਡਿਗਰੀਆਂ ਡਿਪਲੋਮੇ ਤਾਂ ਇਥੇ ਬਾਅਦ ਵਿੱਚ ਵੀ ਮਿਲਦੇ ਰਹੇ ।ਇਸੇ ਤਰਾਂ ਮੇਰੇ ਵੱਲੋਂ ਆਰ ਟੀ ਆਈ ਐਕਟ ਰਾਂਹੀ ਕੁਝ ਸਾਲ ਪਹਿਲਾਂ ਲਈ ਗਈ ਸੂਚਨਾ ਤੋਂ ਪਤਾ ਲੱਗਿਆ ਸੀ ਕਿ ਸਟੇਟ ਡਰੱਗ ਕੰਟਰੋਲਰ ਵੱਲੋਂ ਦਵਾਈਆਂ ਦੀਆਂ ਦੁਕਾਨਾਂ ਹੋਲ ਸੇਲ ਦੇ ਨਾਮ ਤੇ ਦਿੱਤੀਆਂ ਗਈਆਂ ਜਿਸ ਵਿੱਚ ਬਹੁਤ ਸਾਰੀਆਂ ਦੁਕਾਨਾਂ ਬਿਨਾਂ ਲਾਈਸੰਸ ਫਾਰਮਾਸਿਸਟ ਵਾਲੇ ਚਲਾ ਰਹੇ ਸਨ ਇਸੇ ਤਰਾਂ ਦਵਾਈਆਂ ਦੀ ਐਡ ਨਹੀ ਕੀਤੀ ਜਾ ਸਕਦੀ ਦੇ ਬਾਰੇ ਡਰੱਗਜ ਐਂਡ ਮੈਜਿਕ ਰੈਮੀਡੇਜ ਐਕਟ 1954 ਹੇਠ ਐਕਸਨ ਕਰਨ ਲਈ ਸਰਕਾਰ ਨੂੰ ਲਿਖਿਆ ਪਰ ਬਹੁਤ ਮਿਹਨਤ ਤੋਂ ਬਾਅਦ ਵੀ ਅੱਧੀ ਪਚੱਧੀ ਕਾਰਵਾਈ ਕੀਤੀ ਜਿਸ ਵਿੱਚ ਖਾਸ ਕਰਕੇ ਟੌਰੈਕਸ ਖਾਸੀ ਵਾਲੀ ਦਵਾਈ ਜਿਸ ਵਿੱਚ ਨਸ਼ੇ ਦੀ ਲੱਤ ਲਾਉਣ ਵਾਲੀ ਦਵਾਈ ਸੀ , ਦੀ ਐਡ ਬਾਰੇ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਹੁਣ ਪਿਛਲੇ ਕਈ ਦਿਨਾਂ ਤੋਂ ਵੱਡੇ ਵੱਡੇ ਕਾਲਜਾਂ ਦਾ ਫਾਰਮੇਸੀ ਕਾਉਂਸਲ ਨਾਲ ਮਿਲ ਕੇ ਫਾਰਮੇਸੀ ਦੀਆਂ ਜਾਅਲੀ ਡਿਗਰੀਆਂ ਦਾ ਧੰਦਾ ਸਾਹਮਣੇ ਆਇਆ ਹੈ ਪਰ ਦੇਖਣਾ ਹੋਵੇਗਾ ਕਿ ਸਰਕਾਰ ਇਹ ਨਾਜਾਇਜ਼ ਧੰਦਾ ਜੋ ਕਈ ਕਰੋੜਾਂ ਅਰਬਾਂ ਦਾ ਹੈ ਦੀ ਤਹਿ ਤੱਕ ਪਹੁੰਚਦੀ ਜਾਂ ਫਿਰ ਗੋਂਗਲੂਆਂ ਤੋ ਮਿੱਟੀ ਝਾੜ ਚੁੱਪ ਕਰ ਜਾਂਦੀ ਜਿਵੇਂ ਮੇਰੇ ਵੱਲੋਂ ਉੱਪਰ ਵਾਲੇ ਤਿੰਨ ਕੇਸ ਮੁਹਾਲੀ ਦਾ ਜਾਅਲੀ ਡਿਗਰੀ ਵਾਲਾ , ਬਿਨਾ ਫਾਰਮਾਸਿਸਟ ਥੋਕ ਦੀਆਂ ਕੈਮਿਸਟ ਦੁਕਾਨਾਂ ਅਤੇ ਟੌਰੈਕਸ ਖਾਸੀ ਵਾਲੇ ਕੇਸਾਂ ਨੂੰ ਐਵੇਂ ਮਿੱਟੀ ਵਿੱਚ ਰੋਲਿਆ , ਉਸੇ ਤਰਾਂ ਹੀ ਇਹ ਕੇਸ ਵੀ ਉਰਦ ਫੁਰਦ ਕਰ ਦਿੰਦੇ ।

ਪੰਜਾਬ ਵਿੱਚ ਨਸ਼ਾ ਕਰਨ ਅਤੇ ਨਸ਼ਾ ਵੇਚਣ ਦੇ ਵਿਓਪਾਰ ਨੂੰ ਖੁਲੇਆਮ ਚਲਾਉਣ ਵਿੱਚ ਸਿਹਤ ਮਹਿਕਮੇ ਅਤੇ ਪੁਲਿਸ ਦਾ ਨੇਤਾਵਾਂ ਦੀ ਸ਼ਹਿ ਨਾਲ ਸਿੱਧਾ ਹੱਥ ਹੈ ਜਿਸ ਬਾਰੇ ਮੇਰੇ ਵੱਲੋਂ ਪਿਛਲੇ ਤਕਰੀਬਨ ਵੀਹ ਸਾਲਾਂ ਤੋਂ ਸਰਕਾਰ ਨੂੰ ਅਗਾਹ ਕੀਤਾ ਜਾ ਰਿਹਾ ਪਰ ਸਰਕਾਰਾਂ ਨਸ਼ੇ ਕੰਟਰੋਲ ਤੇ ਲੋਕਾਂ ਨਾਲ ਵਿਸ਼ਵਾਸਘਾਤ ਕਰ ਰਹੀਆਂ ਤੇ ਨਸ਼ੇ ਤਸਕਰਾਂ ਦਾ ਹਿਸਾ ਬਣੀਆਂ ਹੋਈਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ੴ ਵਾਹਿਗੁਰੂ ਜੀ ਕੀ ਫ਼ਤਹਿ

ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਅਤਿ ਨਜ਼ਦੀਕੀ, ਸਿੱਖ ਸਟੂਡੈਂਟਸ ਫ਼ੈਡਰੇਸ਼ਨ ਦੇ ਰੂਹੇ ਰਵਾਂ, ਰੌਸ਼ਨ ਦਿਮਾਗ ਸ਼ਖ਼ਸੀਅਤ


ਸ਼ਹੀਦ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ


ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ
ਦੀ ਯਾਦ ਨੂੰ ਸਮਰਪਿਤ


ਸ਼ਹੀਦ ਭਾਈ ਅਮਰੀਕ ਸਿੰਘ

ਮਹਾਨ ਪੰਥਕ ਸਮਾਗਮ

ਪਿੰਡ ਮਟੀਆ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਵੇਗਾ।

ਸ਼ਨੀਵਾਰ, 3 ਫ਼ਰਵਰੀ 2024, ਸਵੇਰੇ 10.00 ਵਜੇ ਤੋਂ 3.00 ਵਜੇ ਤਕ

ਪ੍ਰਸਿੱਧ ਪੰਥਕ ਸ਼ਖ਼ਸੀਅਤਾਂ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੀਆਂ। ਸਮੂਹ ਸੰਗਤਾਂ ਨੂੰ ਇਸ ਪੰਥਕ ਸਮਾਗਮ ਵਿੱਚ ਸ਼ਾਮਲ ਹੋਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ।

ਸ਼ਹੀਦ ਸਿੰਘਾਂ ਦੇ ਪਰਿਵਾਰਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾਵੇਗਾ।

ਬੇਨਤੀ ਕਰਤਾ

ਆਵਾਜ਼ਿ ਕੌਮ AWAZE QAUM International Newspaper & WEB TV

# ਗਣਤੰਤਰ ਦਿਵਸ ’ਤੇ ਕਿਸਾਨ ਕਰਨਗੇ ਟਰੈਕਟਰ ਪਰੇਡ





ਤਲਵੰਡੀ ਸਾਬੋ, 24 ਜਨਵਰੀ (ਗੁਰਜੰਟ ਸਿੰਘ ਨਥੇਹਾ)- ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਬਲਾਕ ਤਲਵੰਡੀ ਸਾਬੋ ਅਤੇ ਮੌੜ ਦੀ ਮੀਟਿੰਗ ਤਲਵੰਡੀ ਸਾਬੋ ਵਿਖੇ ਹੋਈ ਜਿਸ ਵਿੱਚ ਜ਼ਲ੍ਹਿਾ ਪ੍ਰਧਾਨ ਬਲਦੇਵ ਸਿੰਘ ਭਾਈਰੂਪਾ ਅਤੇ ਜ਼ਲਿਾ ਜਰਨਲ ਸਕੱਤਰ ਰਾਜਮਹਿੰਦਰ ਸਿੰਘ ਕੋਟਭਾਰਾ ਵਿਸ਼ੇਸ਼ ਤੌਰ ’ਤੇ ਸ਼ਾਮਿਲ ਹੋਏ ਬਲਦੇਵ ਸਿੰਘ ਭਾਈਰੂਪਾ ਨੇ ਦੱਸਿਆ ਕਿ 26 ਜਨਵਰੀ ਵਾਲੇ ਦਿਨ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਅਨੁਸਾਰ ਤਲਵੰਡੀ ਸਾਬੋ ਵਿਖੇ ਵਿਸ਼ਾਲ ਟਰੈਕਟਰ ਪ੍ਰੇਡ ਕੀਤੀ ਜਾਵੇਗੀ। ਜਿਸ ਵਿੱਚ ਵੱਡੀ ਗਿਣਤੀ ’ਚ ਕਿਸਾਨ ਟਰੈਕਟਰ ਲੈ ਕੇ ਸ਼ਾਮਲ ਹੋਣਗੇ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਜ਼ਲ੍ਹਿਾ ਜਰਨਲ ਸਕੱਤਰ ਰਾਜਮਹਿੰਦਰ ਸਿੰਘ ਕੋਟਭਾਰਾ ਨੇ ਦੱਸਿਆ ਕਿ ਕਿਸਾਨਾਂ ਨਾਲ ਦਿੱਲੀ ਅੰਦੋਲਨ ਦੇ ਸਮਾਪਤੀ ਸਮੇਂ ਕੀਤੇ ਗਏ ਵਾਅਦੇ ਪੂਰੇ ਨਾਂ ਕਰਨ ਦੇ ਵਿਰੋਧ ’ਚ ਕਿਸਾਨਾਂ ਵੱਲੋਂ ਫਿਰ ਤੋਂ ਮੋਦੀ ਸਰਕਾਰ ਘੇਰਨ ਲਈ ਅੰਦੋਲਨ ਸ਼ੁਰੂ ਕਰ ਦਿੱਤਾ ਗਿਆ, ਜਿਸ ਵਿਚ ਕਰਜਾ ਮੁਕਤੀ, ਸਾਰੀਆਂ ਫਸਲਾਂ ’ਤੇ ਐਮ ਐਸ ਪੀ ਗਾਰੰਟੀ ਕਾਨੂੰਨ, ਫਸਲੀ ਬੀਮਾ ਯੋਜਨਾ, ਬਜ਼ੁਰਗ ਕਿਸਾਨਾਂ ਲਈ ਪੈਨਸ਼ਨ, ਬਿਜਲੀ ਸੋਧ ਬਿਲ ਰੱਦ ਕਰਨ, ਕਿਸਾਨਾਂ ਖ਼ਲਿਾਫ਼ ਕੀਤੇ ਸਾਰੇ ਕੇਸ ਵਾਪਸ ਲੈਣ, ਲਖਮੀਰ ਪੁਰ ਖੀਰੀ ਕਤਲ ਕਾਂਡ ਦੇ ਸਾਰੇ ਦੋਸ਼ੀਆਂ ਨੂੰ ਸਜ਼ਾ ਦੇਣ, ਅੰਦੋਲਨ ਦੌਰਾਨ ਸ਼ਹੀਦ ਹੋਏ ਸਾਰੇ ਕਿਸਾਨਾਂ ਦੇ ਪਰਿਵਾਰਾਂ ਨੂੰ ਨੌਕਰੀਆਂ ਅਤੇ ਮੁਆਵਜ਼ਾ ਦੇਣ ਆਦਿ ਮੁੱਖ ਮੰਗਾਂ ਹਨ। ਇਸ ਮੌਕੇ ਬਲਾਕ ਤਲਵੰਡੀ ਸਾਬੋ ਪ੍ਰਧਾਨ ਲਛਮਣ ਸਿੰਘ ਭਾਗੀਵਾਂਦਰ, ਮੇਜਰ ਸਿੰਘ ਕੋਟਭਾਰਾ ਬਲਾਕ ਜਰਨਲ ਸਕੱਤਰ, ਸੋਨੂੰ ਅਜ਼ਾਦ ਲਹਿਰੀ ਪ੍ਰੈੱਸ ਸਕੱਤਰ ਬਲਾਕ, ਪ੍ਰੀਤਮ ਸਿੰਘ ਰਾਮਸਰਾ, ਜਸਪਾਲ ਸਿੰਘ ਰਾਜਗੜ੍ਹ ਕੁੱਬੇ, ਅਵਤਾਰ ਸਿੰਘ ਰਾਜਗੜ ਕੁੱਬੇ, ਬਲਕਰਨ ਸਿੰਘ ਭਾਗੀਵਾਂਦਰ, ਗੁਰਪਿਆਰ ਸਿੰਘ ਭਾਗੀਵਾਂਦਰ, ਜਗਜੀਤ ਸਿੰਘ ਤਰਖਾਣ ਵਾਲਾ, ਬੂਟਾ ਸਿੰਘ ਰਾਮਸਰਾ, ਜਗਜੀਤ ਸਿੰਘ ਘੁੰਮਣ ਅਤੇ ਬਾਬੂ ਸਿੰਘ ਮਲਕਾਣਾ ਆਦਿ ਕਿਸਾਨ ਆਗੂ ਮੌਜੂਦ ਸਨ।

## ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਜਨਮ ਦਿਨ ਨੂੰ ਸਮਰਪਿਤ

# 3 ਰੋਜ਼ਾ ਗੁਰਮਤਿ ਸਮਾਗਮ ਪਿੰਡ ਵਾੜਾ ਸ਼ੇਰ ਸਿੰਘ ਗੁਰਦੁਆਰਾ ਬਾਬਾ ਬੀਰ ਸਿੰਘ ਵਿਖੇ ਕਰਵਾਇਆ ਗਿਆ

**ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਅਤੇ ਸਮੂਹ ਪਰਿਵਾਰ ਵੱਲੋਂ ਸਮੂਹ ਸੰਤ ਮਹਾਂਪੁਰਖ, ਰਾਗੀ ਢਾਡੀ ਕਵੀਸ਼ਰ ਅਤੇ ਸਮੂਹ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ**















ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਤਿੰਨ ਰੋਜ਼ਾ ਮਹਾਨ ਗੁਰਮਤਿ ਸਮਾਗਮ ਸ਼ਹੀਦ ਭਾਈ ਸਰਵਣ ਸਿੰਘ ਜੀ ਦੀ ਧਰਮ ਸੁਪਤਨੀ ਬੀਬੀ ਗੁਰਵਿੰਦਰ ਕੌਰ ਸਮੂਹ ਪਰਿਵਾਰ ਅਤੇ ਸੰਗਤਾਂ ਦੇ ਸਹਿਯੋਗ ਨਾਲ ਪਿੰਡ ਵਾੜਾ ਸ਼ੇਰ ਸਿੰਘ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਵਿਖੇ ਕਰਵਾਇਆ ਗਿਆ। ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਸਪੁੱਤਰ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਅਤੇ ਸਮੂਹ ਪਰਿਵਾਰ ਵੱਲੋਂ ਆਏ ਹੋਏ ਮਹਾਂਪੁਰਖ ਰਾਗੀ ਢਾਡੀ ਕਵੀਸ਼ਰ ਅਤੇ ਇਲਾਕੇ ਦੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਵੱਲੋਂ ਸੰਤ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਹੁਰਾਂ ਨੇ ਹਾਜਰੀ ਭਰੀ । ਇੰਟਰਨੈਸ਼ਨਲ ਪੰਥਕ ਦਲ ਆਸਟਰੀਆ ਯੂਰਪ ਦੇ ਮੀਤ ਪ੍ਰਧਾਨ ਜਥੇਦਾਰ ਬਾਬਾ ਜਰਨੈਲ ਸਿੰਘ ਜੀ ਦੇ ਉਦਮ ਸਦਕਾ ਸਮਾਗਮ ਕੀਤਾ ਗਿਆ। ਰਾਗੀ ਜਥਾ ਬੀਬੀ ਰਾਜਵਿੰਦਰ ਕੌਰ ਬਟਾਲੇ ਵੱਲੋਂ ਮਨੋਹਰ ਕੀਰਤਨ ਸਰਵਣ ਕਰਾਇਆ। ਭਾਈ ਮਲਕੀਤ ਸਿੰਘ ਬੱਗਾ ਦੇ ਢਾਡੀ ਜਥੇ ਵੱਲੋਂ ਸੰਗਤਾਂ ਨੂੰ ਢਾਡੀ ਵਾਰਾਂ ਸੁਣ ਕੇ ਨਿਹਾਲ ਕੀਤਾ ।ਸਮਾਗਮ ਵਿੱਚ ਬੇਅੰਤ ਮਹਾਂਪੁਰਖ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਜਨਰਲ ਸਕੱਤਰ ਪੰਜਾਬ, ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਦੇ ਵੱਡੇ ਸਪੁੱਤਰ ਸੰਤ ਬਾਬਾ ਪ੍ਰੇਮ ਸਿੰਘ ਜੀ ਸੁਰ ਸਿੰਘ ਵਾਲੇ, ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲੇ ,ਸੰਤ ਬਾਬਾ ਭੁਪਿੰਦਰ ਸਿੰਘ ਜੀ ਦਮਦਮੀ ਟਕਸਾਲ ਸਦਰਵਾਲ ,ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੇ ਵਾਲੇ, ਸੰਤ ਬਾਬਾ ਹਰਭਜਨ ਸਿੰਘ ਜੀ ਬਾਉਲੀ ਸਾਹਿਬ ਵਾਲੇ ,ਸੰਤ ਬਾਬਾ ਪ੍ਰਿਤਪਾਲ ਸਿੰਘ ਜੀ ਰਸੂਲਪੁਰ ਨਹਿਰਾਂ ਵਾਲੇ, ਸੰਤ ਬਾਬਾ ਮੌਜ ਦਾਸ ਜੀ ਮਾੜੀ ਕੰਬੋਕੇ ਵਾਲੇ, ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਆਸਲ ਉਤਾੜ ਵਾਲੇ , ਸੰਤ ਬਾਬਾ ਸਰਵਣ ਸਿੰਘ ਜੀ ਮਲਕਪੁਰ ਵਾਲੇ, ਬਾਬਾ ਸ਼ਮਸ਼ੇਰ ਸਿੰਘ ਜੀ ਭੋਜੀਆ ਅਤੇ ਹੋਰ ਬੇਅੰਤ ਮਹਾਂਪੁਰਖ ਹਾਜ਼ਰ ਸਨ ।ਇਸ ਮੌਕੇ ਭਾਈ ਕਾਰਜ ਸਿੰਘ ਜੀ ਡਲੀਰੀ ਜਿਲਾ ਪ੍ਰਧਾਨ ਕਿਸਾਨ ਬਚਾਓ ਮੋਰਚਾ ਭਾਈ ਗੁਰਭੇਜ ਸਿੰਘ ਜੀ ਭੈਣੀ ਮਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ, ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਸਪੁੱਤਰ ਬਾਬਾ ਦਇਆ ਸਿੰਘ ਜੀ ,ਬਾਬਾ ਸੱਜਣ ਸਿੰਘ ਜੀ, ਭਾਈ ਪਿਆਰਾ ਸਿੰਘ, ਭਾਈ ਮਹਿੰਦਰਪਾਲ ਸਿੰਘ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ, ਭਾਈ ਬਘੇਲ ਸਿੰਘ ਜੀ ਘਰਿਆਲਾ ਪ੍ਰਧਾਨ ਫਰਾਂਸ,ਬਾਬਾ ਗੁਰਸਾਹਿਬ ਸਿੰਘ ਜੀ ਮੁੱਖ ਸੇਵਾਦਾਰ ਗੁਰਮਤਿ ਸਮਾਗਮ ਵਰਨਾਲਾ, ਭਾਈ ਰਸਾਲ ਸਿੰਘ ਜੀ ਆਰਫਕੇ, ਸ੍ਰ ਸਤਿੰਦਰਪਾਲ ਸਿੰਘ ਜੀ ਮਿੰਟੂ ਮਾੜੀ ਮੇਘਾ, ਸ੍ਰ ਦਿਆਲ ਸਿੰਘ ਜੀ ਪਹੂਵਿੰਡ ਸਾਹਿਬ, ਸ੍ਰ ਚਾਨਣ ਸਿੰਘ ਸਰਪੰਚ, ਸ੍ਰ ਦਲੇਰ ਸਿੰਘ ਮੱਲ੍ਹੀ, ਸ੍ਰ ਸਰਬਜੀਤ ਸਿੰਘ ਵੱਲੀਆਂ ਪ੍ਰੈਸ ਸਕੱਤਰ, ਸ੍ਰ ਸੁਖਦੇਵ ਸਿੰਘ ਮੈਂਬਰ, ਸ੍ਰ ਪਿਸ਼ੋਰਾ ਸਿੰਘ, ਸ੍ਰ ਰਾਜ ਸਿੰਘ, ਸ੍ਰ ਜਸਵੰਤ ਸਿੰਘ, ਸ੍ਰ ਰਜਿੰਦਰ ਸਿੰਘ ਸਾਬਕਾ ਸਰਪੰਚ , ਸ੍ਰ ਰਮਨਬੀਰ ਸਿੰਘ ਨੰਬਰਦਾਰ, ਸ੍ਰ ਗੁਰਸ਼ਰਨ ਸਿੰਘ ਸ੍ਰ ਸਤਨਾਮ ਸਿੰਘ, ਸ੍ਰ ਗੁਰਸੇਵਕ ਸਿੰਘ ਸ੍ਰ ਜਸਵੰਤ ਸਿੰਘ, ਸ੍ਰ ਸੰਤੋਖ ਸਿੰਘ ਸਪੁੱਤਰ ਸ੍ਰ ਸਤਨਾਮ ਸਿੰਘ,ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ। ••

# ਸੁਪਰੀਮ ਸਿੱਖ ਕੌਂਸਲ ਯੂ ਕੇ ਵਲੋਂ ਗਿਆਨੀ ਰਘਵੀਰ ਸਿੰਘ ਜਥੇਦਾਰ ਸ੍ਰੀ ਆਕਾਲ ਤਖਤ ਸਾਹਿਬ ਨੂੰ ਲਿੱਖੀ ਚਿੱਠੀ

## ☛ ਅਕਾਲ ਤਖ਼ਤ ਸਾਹਿਬ ਵੱਲੋਂ ਫ਼ਖ਼ਰੇ ਕੌਮ, ਪੰਥ ਰਤਨ ਦਾ ਖਿਤਾਬ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਦੇਣ ਦਾ ਐਲਾਨ ਕੀਤਾ ਜਾਵੇ ☛ ਪ੍ਰਕਾਸ਼ ਸਿੰਘ ਬਾਦਲ ਨੂੰ ਅਕਾਲ ਤਖ਼ਤ ਸਾਹਿਬ ਵੱਲੋਂ ਦਿੱਤਾ ਗਿਆ ਫ਼ਖ਼ਰੇ ਕੌਮ, ਪੰਥ ਰਤਨ ਖਿਤਾਬ ਵਾਪਸ ਲਿਆ ਜਾਵੇ

ਸਤਿਕਾਰਯੋਗ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀਓ ,
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ।
ਵਾਹਿਗੁਰੂ ਜੀ ਕਾ ਖ਼ਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ।।

**ਵਿਸ਼ਾ: ਅਮਰ ਸ਼ਹੀਦ ਜਥੇਦਾਰ ਭਾਈ ਗੁਰਦੇਵ ਸਿਘ ਜੀ ਕਾਉਂਕੇ ਨੂੰ ਕੋਹ ਕੋਹ ਕੇ ਸ਼ਹੀਦ ਕਰਨ ਦਾ।**



ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਸੁਖਬੀਰ ਸਿੰਘ ਬਾਦਲ ਨੂੰ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਕੇ ਪੰਥਕ ਮਰਿਯਾਦਾ ਅਨੁਸਾਰ ਬਣਦੀ ਧਾਰਮਿਕ ਸਜ਼ਾ ਲਗਾਉਣ ਅਤੇ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤੇ ਗਏ ਪੰਥ ਰਤਨ ਅਤੇ ਫਖ਼ਰੇ – ਕੌਮ ਐਵਾਰਡ ਵਾਪਿਸ ਲੈਣ ਲਈ ਬਿਨੈ ਪੱਤਰ ।

ਆਪ ਜੀ ਨੂੰ ਬਹੁਤ ਹੀ ਨਿਮਰਤਾ ਸਾਹਿਤ ਬੇਨਤੀ ਹੈ ਕੇ 26 ਜਨਵਰੀ 1986 ਸਰਬੱਤ ਖਾਲਸਾ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਕਾਰਜਕਾਰੀ ਜਥੇਦਾਰ ਥਾਪਿਆ ਗਿਆ ਸੀ ਜਿੰਨਾ ਨੂੰ 1 ਜਨਵਰੀ 1993 ਨੂੰ ਪੰਜਾਬ ਪੁਲਿਸ ਵਲੋਂ ਪੁਲਿਸ ਹਿਰਾਸਤ ਵਿੱਚੋਂ ਫ਼ਰਾਰ ਹੋਣ

ਆਵਾਜ਼ਿ ਕੌਮ
AWAZE QAUM
International Newspaper & WEB TV

ਦੀ ਮਨਘੜਤ ਕਹਾਣੀ ਘੜ ਕੇ ਪੁਲਿਸ ਹਿਰਾਸਤ ਵਿੱਚ ਸ਼ਹੀਦ ਕਰ ਦਿੱਤਾ ਗਿਆ ਸੀ ਪੁਲਿਸ ਅਫਸਰ ਬੀ ਪੀ ਤਿਵਾੜੀ ਦੇ ਜਾਂਚ ਕਮਿਸ਼ਨ ਦੀ ਜੋ ਰਿਪੋਰਟ ਪਿਛਲੇ ਦਿਨੀਂ ਜਨਤਕ ਹੋਈ ਹੈ ਅਤੇ ਮਨੁੱਖੀ ਅਧਿਕਾਰ ਸੰਗਠਨ ਦੇ ਐਡਵੋਕੇਟ ਸਰਬਜੀਤ ਸਿੰਘ ਵੇਰਕਾ ਵਲੋਂ ਆਪ ਜੀ ਨੂੰ ਸੌਂਪੀ ਗਈ ਹੈ ।ਇਸ ਰਿਪੋਰਟ ਨੂੰ ਦਬਾਉਣ ਤੇ ਲਕਾਉਣ ਅਤੇ ਦੋਸ਼ੀਆਂ ਨੂੰ ਬਚਾਉਣ ਵਾਲੇ ਦੋਸ਼ੀਆਂ ਬਾਰੇ ਸੁਪਰੀਮ ਸਿੱਖ ਕੌਂਸ਼ਲ ਯੂ ਕੇ, ਜੋ ਇੰਗਲੈਂਡ ਦੇ 200 ਤੋਂ ਵੱਧ ਗੁਰਦੁਆਰਿਆਂ ਦੀ ਸਾਂਝੀ ਸੰਸਥਾ ਹੈ, ਵਲੋਂ ਮਤਾ ਪਾਸ ਕੀਤਾ ਹੈ ਜੋ ਹੇਠ ਲਿਖੇ ਦੋਸ਼ੀਆਂ ਵਿਰੁੱਧ ਧਾਰਮਿਕ ਸਜ਼ਾ ਲਗਾਉਣ ਅਤੇ ਸ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ਫ਼ਖ਼ਰੇ ਏ ਕੌਮ ਦਾ ਅਵਾਰਡ ਵਾਪਿਸ ਲੈਣ ਦੀ ਮੰਗ ਕਰਦਾ ਹੈ।

ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਤੇ ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਭਾਈ ਮਨੀ ਸਿੰਘ ਜੀ ਨੂੰ ਜਿਸ ਤਰਾਂ ਲਾਹੌਰ ਦੇ ਸੂਬੇਦਾਰ ਜ਼ਕਰੀਆ ਖਾਨ ਨੇ ਬੰਦ ਬੰਦ ਕੱਟਕੇ ਸ਼ਹੀਦ ਕੀਤਾ ਸੀ ਇਸੇ ਤਰਾਂ 1 ਜਨਵਰੀ 1993 ਨੂੰ ਉਸ ਸਮੇਂ ਦੇ ਪੰਜਾਬ ਦੇ ਜ਼ਕਰੀਆ ਖਾਂ ਮੁੱਖ ਮੰਤਰੀ ਬੇਅੰਤ ਸਿੰਘ ਤੇ ਪੰਜਾਬ ਪੁਲਿਸ ਦੇ ਉਸ ਸਮੇਂ ਦੇ ਮੁਖੀ ਕੇ ਪੀ ਐਸ (KPS) ਗਿੱਲ ਦੀ ਹਦਾਇਤਾਂ ਤੇ SSP ਜਗਰਾਉਂ ਸਵਰਨ ਸਿੰਘ ਘੋਟਣੇ ਨੇ ਉਸੇ ਤਰਜ਼ ਤੇ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਅਸਹਿ ਤੇ ਅਕਹਿ ਤਸੀਹੇ ਦੇ ਕੇ ਕੋਹ ਕੋਹ ਕੇ ਸ਼ਹੀਦ ਕਰ ਦਿੱਤਾ ਤੇ ਸਰੀਰ ਦੇ ਟੋਟੇ ਟੋਟੇ ਕਰਕੇ ਸ਼ਹੀਦ ਕਰਕੇ ਦਰਿਆ ਵਿੱਚ ਰੋੜ ਦਿੱਤਾ ਗਿਆ ਇਸ ਕੀਤੇ ਗਏ ਵੱਡੇ ਪਾਪ ਨੂੰ ਲੁਕਾਉਣ ਲਈ ਉਹਨਾਂ ਦੇ ਪੁਲਿਸ ਹਿਰਾਸਤ ਵਿੱਚੋਂ ਫ਼ਰਾਰ ਹੋਣ ਦੀ ਝੂਠੀ ਮਨਘੜਤ ਕਹਾਣੀ ਪੁਲਿਸ ਵਲੋਂ ਘੜਕੇ ਪੇਸ਼ ਕਰ ਦਿੱਤੀ ਗਈ ਸੀ।ਉਨਾਂ ਦੀ ਸ਼ਹਾਦਤ ਤੋਂ ਬਾਅਦ ਜਦੋਂ ਪ੍ਰਕਾਸ਼ ਸਿੰਘ ਬਾਦਲ ਦੀ ਪ੍ਰਧਾਨਗੀ ਹੇਠ ਸ਼੍ਰੋਮਣੀ ਅਕਾਲੀ ਦਲ ਨੇ 1997 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਪਣੇ ਚੋਣ ਮੈਨੀਫੈਸਟੋ ਵਿੱਚ ਪੰਜਾਬ ਦੇ ਲੋਕਾਂ ਤੇ ਪੰਥ ਨਾਲ਼ ਇਹ ਵਾਅਦਾ ਕੀਤਾ ਸੀ ਕਿ ਜਦ ਪੰਜਾਬ ਵਿੱਚ ਅਕਾਲੀ ਸਰਕਾਰ ਬਣੇਗੀ ਤਾਂ ਜਥੇਦਾਰ ਕਾਉਂਕੇ ਸਮੇਤ ਹੋਰ ਪੁਲਿਸ ਹਿਰਾਸਤ ਵਿੱਚ ਨਜਾਇਜ਼ ਮਾਰੇ ਗਏ ਲੋਕਾਂ ਬਾਰੇ ਜਾਂਚ ਤੇ ਇਨਸਾਫ ਲਈ ਇੱਕ ਜਾਂਚ ਕਮਿਸ਼ਨ ਬਣਾਇਆ ਜਾਵੇਗਾ ਅਤੇ ਜੋ ਦੋਸ਼ੀਆਂ ਨੂੰ ਕਟਹਿਰੇ ਵਿੱਚ ਖੜਾ ਕਰਕੇ ਕਨੂੰਨੀ ਸਖ਼ਤ ਸਜਾਵਾਂ ਦੇਵਾਂਗਾ ਫ਼ਰਿ ਜਦੋਂ ਸ਼੍ਰੋਮਣੀ ਅਕਾਲੀ ਦਲ ਦੀ 1997 ਵਿੱਚ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਸਰਕਾਰ ਬਣੀ ਤਾਂ ਪੰਥਕ ਸ਼ਖਸ਼ੀਅਤਾਂ ਦਾ ਇੱਕ ਵਫਦ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਮਿਲਕੇ ਇੱਕ ਲਿਖਤੀ ਪੱਤਰ ਦਿੱਤਾ ਕੇ ਤੁਸੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਦੀ ਜਾਂਚ ਕਰਵਾਕੇ ਦੋਸ਼ੀ ਪੁਲਿਸ ਅਫਸਰਾਂ ਨੂੰ ਸਜ਼ਾਵਾਂ ਦਿਵਾਉ ।ਉਨਾਂ ਨੇ ਇਸ ਮੌਕੇ ਭਾਈ ਕਾਉਂਕੇ ਦੇ ਕਤਲ ਦੀ ਇੱਕ ਗੈਰ ਸਿੱਖ ਤੇ ਗੈਰ ਪੰਜਾਬੀ ਇਮਾਨਦਾਰ ਪੁਲਿਸ ਅਫਸਰ ਬੀ ਪੀ ਤਿਵਾੜੀ IPS ਦੀ ਜਾਂਚ ਲਈ ਡਿਊਟੀ ਲਗਾਈ ਗਈ।ਬੀ ਪੀ ਤਿਵਾੜੀ ਜਾਂਚ ਕਮਿਸ਼ਨ ਨੇ ਆਪਣੀ ਜਾਂਚ ਮੁਕੰਮਲ ਕਰਕੇ ਇਹ ਰਿਪੋਰਟ 1999 ਵਿੱਚ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਸੌਂਪ ਦਿੱਤੀ ਸੀ ਪਰ ਪ੍ਰਕਾਸ਼ ਸਿੰਘ ਬਾਦਲ ਨੇ ਪੰਥ ਦੀਆਂ ਵੋਟਾਂ ਲੈ ਕੇ ਬਣਾਈਆਂ ਆਪਣੀਆਂ ਤਿੰਨ ਅਕਾਲੀ ਸਰਕਾਰਾਂ ਵਿੱਚ ਇਸ ਜਾਂਚ ਰਿਪੋਰਟ ਤੇ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਸਗੋਂ ਇਹ ਤਿਵਾੜੀ ਕਮਿਸ਼ਨ ਦੀ ਰਿਪੋਰਟ 13 ਸਾਲ ਆਪਣੇ ਗੋਡੇ ਥੱਲੇ ਦਬਾਕੇ ਦੋਸ਼ੀ ਪੁਲਿਸ ਅਫਸਰਾਂ ਨੂੰ ਬਚਾਉਂਦੇ ਤੇ ਲਕਾਉਂਦੇ ਰਹੇ।ਇਸੇ ਤਰਾਂ ਸਾਢੇ ਨੌਂ ਸਾਲ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਰਹੀ ਤੇ ਉਸ ਨੇ ਵੀ ਤਿਵਾੜੀ ਕਮਿਸ਼ਨ ਦੀ ਰਿਪੋਰਟ ਆਪਣੇ ਸਿਰਹਾਣੇ ਥੱਲੇ ਦਬਾਅ ਕੇ ਰੱਖ ਛੱਡੀ ਤੇ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ।ਇਸ ਵਾਸਤੇ ਕੈਪਟਨ ਅਮਰਿੰਦਰ ਸਿੰਘ ਵਿਰੁੱਧ ਬਣਦੀ ਧਾਰਮਿਕ ਕਾਰਵਾਈ ਕੀਤੀ ਜਾਵੇ।ਇਸ ਲਈ ਅਸੀਂ ਸੁਪਰੀਮ ਸਿੱਖ ਕੌਂਸ਼ਲ ਯੂ ਕੇ ਆਪ ਜੀ ਨੂੰ ਇਹ ਬੇਨਤੀ ਕਰਦੇ ਹਾਂ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਪ੍ਰਕਾਸ਼ ਸਿੰਘ ਬਾਦਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦਿੱਤਾ ਗਿਆ ਫ਼ਖ਼ਰੇ – ਏ – ਕੌਮ ਐਵਾਰਡ ਵਾਪਸ ਲਿਆ ਜਾਵੇ ।ਇਸ ਦੇ ਨਾਲ ਹੀ ਪ੍ਰਕਾਸ਼ ਸਿੰਘ ਬਾਦਲ ਦੀ ਅਕਾਲੀ ਸਰਕਾਰ ਵਿੱਚ 8 ਸਾਲ ਗ੍ਰਹਿ ਮੰਤਰੀ ਰਹੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜਿਨਾਂ ਨੇ ਖਾਲਸਾ ਪੰਥ ਦੇ ਹਿੱਤਾਂ ਤੇ ਹੱਕਾਂ ਦੀ ਠੋਕ ਕੇ ਪਹਿਰੇਦਾਰੀ ਕਰਨੀ ਸੀ ।ਉਹ ਵੀ 8 ਸਾਲ ਬੀ ਪੀ ਤਿਵਾੜੀ ਜਾਂਚ ਕਮਿਸ਼ਨ ਦੀ ਰਿਪੋਰਟ ਆਪਣੇ ਗੋਡੇ ਥੱਲੇ ਦਬਾਕੇ ਦੋਸ਼ੀ ਪੁਲਿਸ ਅਫਸਰਾਂ ਨੂੰ ਆਪਣੀ ਬੁੱਕਲ ਵਿੱਚ ਲੈਕੇ ਬਚਾਉਂਦੇ ਤੇ ਲਕਾਉਦੇ ਰਹੇ ।ਇਸ ਲਈ ਸੁਖਬੀਰ ਸਿੰਘ ਬਾਦਲ ਨੂੰ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਕੇ ਉਸ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਤੋਂ ਅਸਤੀਫ਼ਾ ਲੈ ਕੇ ਉਸ ਵਿਰੁੱਧ ਪੰਥਕ ਮਰਯਾਦਾ ਅਨੁਸਾਰ ਬਣਦੀ ਧਾਰਮਿਕ ਸਜ਼ਾ ਲਗਾਈ ਜਾਵੇ।ਆਪ ਜੀ ਅਤਿ ਧੰਨਵਾਦੀ ਹੋਵਾਂਗੇ।

**ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।**

ਗੁਰੂ ਪੰਥ ਦੇ ਦਾਸ

**ਸੁਪਰੀਮ ਸਿੱਖ ਕੌਂਸਲ ਯੂ. ਕੇ.**

SUPREME SIKH COUNCIL UNITED KINGDOM

Head Office: SSCUK • PO BOX 2626 • Ilford • Essex • IG1 8TQ
E: info@sikhcounciluk.org • W: www. sikhcounciluk.org

22 ਜਨਵਰੀ 2024

Jathedar Singh Sahib Bhai Raghbir Singh
Sri Akal Takht Sahib
Golden Temple Road
Amritsar Punjab
India

ਸਤਿਕਾਰਯੋਗ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀਓ
ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ।

ਵਾਹਿਗੁਰੂ ਜੀ ਕਾ ਖ਼ਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ।।

**ਵਿਸ਼ਾ: ਅਮਰ ਸ਼ਹੀਦ ਜਥੇਦਾਰ ਭਾਈ ਗੁਰਦੇਵ ਸਿਘ ਜੀ ਕਾਉਂਕੇ ਨੂੰ ਕੋਹ ਕੋਹ ਕੇ ਸ਼ਹੀਦ ਕਰਨ ਦਾ ।**

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਸੁਖਬੀਰ ਸਿੰਘ ਬਾਦਲ ਨੂੰ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਕੇ ਪੰਥਕ ਮਰਿਯਾਦਾ ਅਨੁਸਾਰ ਬਣਦੀ ਧਾਰਮਿਕ ਸਜ਼ਾ ਲਗਾਉਣ ਅਤੇ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤੇ ਗਏ ਪੰਥ ਰਤਨ ਅਤੇ ਫਖ਼ਰ-ਏ-ਕੌਮ ਐਵਾਰਡ ਵਾਪਿਸ ਲੈਣ ਲਈ ਬਿਨੈ ਪੱਤਰ ।

ਆਪ ਜੀ ਨੂੰ ਬਹੁਤ ਹੀ ਨਿਮਰਤਾ ਸਾਹਿਤ ਬੇਨਤੀ ਹੈ ਕੇ 26 ਜਨਵਰੀ 1986 ਸਰਬੱਤ ਖਾਲਸਾ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਕਾਰਜਕਾਰੀ ਜਥੇਦਾਰ ਥਾਪਿਆ ਗਿਆ ਸੀ ਜਿੰਨਾ ਨੂੰ 1 ਜਨਵਰੀ 1993 ਨੂੰ ਪੰਜਾਬ ਪੁਲਿਸ ਵਲੋਂ ਪੁਲਿਸ ਹਿਰਾਸਤ ਵਿੱਚੋਂ ਫ਼ਰਾਰ ਹੋਣ ਦੀ ਮਨਘੜਤ ਕਹਾਣੀ ਘੜ੍ਹ ਕੇ ਪੁਲਿਸ ਹਿਰਾਸਤ ਵਿੱਚ ਸ਼ਹੀਦ ਕਰ ਦਿੱਤਾ ਗਿਆ ਸੀ ਪੁਲਿਸ ਅਫਸਰ ਬੀ ਪੀ ਤਿਵਾੜੀ ਦੇ ਜਾਂਚ ਕਮਿਸ਼ਨ ਦੀ ਜੋ ਰਿਪੋਰਟ ਪਿਛਲੇ ਦਿਨੀਂ ਜਨਤਕ ਹੋਈ ਹੈ ਅਤੇ ਮਨੁੱਖੀ ਅਧਿਕਾਰ ਸੰਗਠਨ ਦੇ ਐਡਵੋਕੇਟ ਸਰਬਜੀਤ ਸਿੰਘ ਵੇਰਕਾ ਵਲੋਂ ਆਪ ਜੀ ਨੂੰ ਸੌਂਪੀ ਗਈ ਹੈ । ਇਸ ਰਿਪੋਰਟ ਨੂੰ ਦਬਾਉਣ ਤੇ ਲਕਾਉਣ ਅਤੇ ਦੋਸ਼ੀਆਂ ਨੂੰ ਬਚਾਉਣ ਵਾਲੇ ਦੋਸ਼ੀਆਂ ਬਾਰੇ ਸੁਪਰੀਮ ਸਿੱਖ ਕੌਂਸਲ ਯੂ ਕੇ, ਜੋ ਇੰਗਲੈਂਡ ਦੇ 200 ਤੋਂ ਵੱਧ ਗੁਰਦੁਆਰਿਆਂ ਦੀ ਸਾਂਝੀ ਸੰਸਥਾ ਹੈ, ਵਲੋਂ ਮਤਾ ਪਾਸ ਕੀਤਾ ਹੈ ਜੋ ਹੇਠ ਲਿਖੇ ਦੋਸ਼ੀਆਂ ਵਿਰੁੱਧ ਧਾਰਮਿਕ ਸਜ਼ਾ ਲਗਾਉਣ ਅਤੇ ਸ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ਫਖ਼ਰੇ-ਏ-ਕੌਮ ਦਾ ਅਵਾਰਡ ਵਾਪਿਸ ਲੈਣ ਦੀ ਮੰਗ ਕਰਦਾ ਹੈ ।

ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਤੇ ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਭਾਈ ਮਨੀ ਸਿੰਘ ਜੀ ਨੂੰ ਜਿਸ ਤਰਾਂ ਲਾਹੌਰ ਦੇ ਸੂਬੇਦਾਰ ਜ਼ਕਰੀਆ ਖਾਨ ਨੇ ਬੰਦ ਬੰਦ ਕੱਟਕੇ ਸ਼ਹੀਦ ਕੀਤਾ ਸੀ ਇਸੇ ਤਰਾਂ 1 ਜਨਵਰੀ 1993 ਨੂੰ ਉਸ ਸਮੇਂ ਦੇ ਪੰਜਾਬ ਦੇ ਜ਼ਕਰੀਆ ਖਾਂ ਮੁੱਖ ਮੰਤਰੀ ਬੇਅੰਤ ਸਿੰਘ ਤੇ ਪੰਜਾਬ ਪੁਲਿਸ ਦੇ ਉਸ ਸਮੇਂ ਦੇ ਮੁਖੀ ਕੇ ਪੀ ਐਸ (KPS) ਗਿੱਲ ਦੀ ਹਦਾਇਤਾਂ ਤੇ SSP ਜਗਰਾਉਂ ਸਵਰਨ ਸਿੰਘ ਘੋਟਣੇ ਨੇ ਉਸੇ ਤਰਜ ਤੇ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਅਸਹਿ ਤੇ ਅਕਹਿ ਤਸੀਹੇ ਦੇ ਕੇ ਕੋਹ ਕੋਹ ਕੇ ਸ਼ਹੀਦ ਕਰ ਦਿੱਤਾ ਤੇ ਸਰੀਰ ਦੇ ਟੋਟੇ ਟੋਟੇ ਕਰਕੇ ਸ਼ਹੀਦ ਕਰਕੇ ਦਰਿਆ ਵਿੱਚ ਰੋੜ੍ਹ ਦਿੱਤਾ ਗਿਆ ਇਸ ਕੀਤੇ ਗਏ ਵੱਡੇ ਪਾਪ ਨੂੰ ਲੁਕਾਉਣ ਲਈ ਉਹਨਾਂ ਦੇ ਪੁਲਿਸ ਹਿਰਾਸਤ ਵਿੱਚੋਂ ਫ਼ਰਾਰ ਹੋਣ ਦੀ ਝੂਠੀ ਮਨਘੜਤ ਕਹਾਣੀ ਪੁਲਿਸ ਵਲੋਂ ਘੜਕੇ ਪੇਸ਼ ਕਰ ਦਿੱਤੀ ਗਈ ਸੀ। ਉਨਾਂ ਦੀ ਸ਼ਹਾਦਤ ਤੋਂ ਬਾਅਦ ਜਦੋਂ ਪ੍ਰਕਾਸ਼ ਸਿੰਘ ਬਾਦਲ ਦੀ ਪ੍ਰਧਾਨਗੀ ਹੇਠ ਸ਼੍ਰੋਮਣੀ ਅਕਾਲੀ ਦਲ ਨੇ 1997 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਪਣੇ ਚੋਣ ਮੈਨੀਫੈਸਟੋ ਵਿੱਚ ਪੰਜਾਬ ਦੇ ਲੋਕਾਂ ਤੇ ਪੰਥ ਨਾਲ਼ ਇਹ ਵਾਅਦਾ ਕੀਤਾ ਸੀ ਕਿ ਜਦ ਪੰਜਾਬ ਵਿੱਚ ਅਕਾਲੀ ਸਰਕਾਰ ਬਣੇਗੀ ਤਾਂ ਜਥੇਦਾਰ ਕਾਉਂਕੇ ਸਮੇਤ ਹੋਰ ਪੁਲਿਸ ਹਿਰਾਸਤ ਵਿੱਚ ਨਜਾਇਜ਼ ਮਾਰੇ ਗਏ ਲੋਕਾਂ ਬਾਰੇ ਜਾਂਚ ਤੇ ਇਨਸਾਫ ਲਈ ਇੱਕ ਜਾਂਚ ਕਮਿਸ਼ਨ ਬਣਾਇਆ ਜਾਵੇਗਾ ਅਤੇ ਦੋਸ਼ੀਆਂ ਨੂੰ ਕਟਹਿਰੇ ਵਿੱਚ ਖੜਾ ਕਰਕੇ ਕਨੂੰਨੀ ਸਖ਼ਤ ਸਜਾਵਾਂ ਦੇਵਾਂਗਾ । ਫ਼ਿਰ ਜਦੋਂ ਸ਼੍ਰੋਮਣੀ ਅਕਾਲੀ ਦਲ ਦੀ 1997 ਵਿੱਚ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਸਰਕਾਰ ਬਣੀ ਤਾਂ ਪੰਥਕ ਸ਼ਖਸ਼ੀਅਤਾਂ ਦਾ ਇੱਕ ਵਫਦ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਮਿਲਕੇ ਇੱਕ ਲਿਖਤੀ ਪੱਤਰ ਦਿੱਤਾ ਕੇ ਤੁਸੀਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਦੀ ਜਾਂਚ ਕਰਵਾਕੇ ਦੋਸ਼ੀ ਪੁਲਿਸ ਅਫਸਰਾਂ ਨੂੰ ਸਜ਼ਾਵਾਂ ਦਿਵਾਉ। ਉਨ੍ਹਾਂ ਨੇ ਇਸ ਮੌਕੇ ਭਾਈ ਕਾਉਂਕੇ ਦੇ ਕਤਲ ਦੀ ਇੱਕ ਗੈਰ ਸਿੱਖ ਤੇ ਗੈਰ ਪੰਜਾਬੀ ਇਮਾਨਦਾਰ ਪੁਲਿਸ ਅਫਸਰ ਬੀ ਪੀ ਤਿਵਾੜੀ IPS ਦੀ ਜਾਂਚ ਲਈ ਡਿਊਟੀ ਲਗਾਈ ਗਈ। ਬੀ ਪੀ ਤਿਵਾੜੀ ਜਾਂਚ ਕਮਿਸ਼ਨ ਨੇ ਆਪਣੀ ਜਾਂਚ ਮੁਕੰਮਲ ਕਰਕੇ ਇਹ ਰਿਪੋਰਟ 1999 ਵਿੱਚ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੂੰ ਸੌਂਪ ਦਿੱਤੀ ਸੀ ਪਰ ਪ੍ਰਕਾਸ਼ ਸਿੰਘ ਬਾਦਲ ਨੇ ਪੰਥ ਦੀਆਂ ਵੋਟਾਂ ਲੈ ਕੇ ਬਣਾਈਆਂ ਆਪਣੀਆਂ ਤਿੰਨ ਅਕਾਲੀ ਸਰਕਾਰਾਂ ਵਿੱਚ ਇਸ ਜਾਂਚ ਰਿਪੋਰਟ ਤੇ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਸਗੋਂ ਇਹ ਤਿਵਾੜੀ ਕਮਿਸ਼ਨ ਦੀ ਰਿਪੋਰਟ 13 ਸਾਲ ਆਪਣੇ ਗੋਡੇ ਥੱਲੇ ਦਬਾਕੇ ਦੋਸ਼ੀ ਪੁਲਿਸ ਅਫਸਰਾਂ ਨੂੰ ਬਚਾਉਂਦੇ ਤੇ ਲਕਾਉਂਦੇ ਰਹੇ।

ਇਸੇ ਤਰਾਂ ਸਾਢੇ ਨੌਂ ਸਾਲ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਰਹੀ ਤੇ ਉਸ ਨੇ ਵੀ ਤਿਵਾੜੀ ਕਮਿਸ਼ਨ ਦੀ ਰਿਪੋਰਟ ਆਪਣੇ ਸਿਰਹਾਣੇ ਥੱਲੇ ਦਬਾਅ ਕੇ ਰੱਖ ਛੱਡੀ ਤੇ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ। ਇਸ ਵਾਸਤੇ ਕੈਪਟਨ ਅਮਰਿੰਦਰ ਸਿੰਘ ਵਿਰੁੱਧ ਬਣਦੀ ਧਾਰਮਿਕ ਕਾਰਵਾਈ ਕੀਤੀ ਜਾਵੇ। ਇਸ ਲਈ ਅਸੀਂ ਸੁਪਰੀਮ ਸਿੱਖ ਕੌਂਸਲ ਯੂ ਕੇ ਵਲੋਂ ਆਪ ਜੀ ਨੂੰ ਇਹ ਬੇਨਤੀ ਕਰਦੇ ਹਾਂ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਪ੍ਰਕਾਸ਼ ਸਿੰਘ ਬਾਦਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਦਿੱਤਾ ਗਿਆ ਫਖ਼ਰੇ-ਏ-ਕੌਮ ਐਵਾਰਡ ਵਾਪਸ ਲਿਆ ਜਾਵੇ।

ਇਸ ਦੇ ਨਾਲ ਹੀ ਪ੍ਰਕਾਸ਼ ਸਿੰਘ ਬਾਦਲ ਦੀ ਅਕਾਲੀ ਸਰਕਾਰ ਵਿੱਚ 8 ਸਾਲ ਗ੍ਰਹਿ ਮੰਤਰੀ ਰਹੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਜਿਨਾਂ ਨੇ ਖਾਲਸਾ ਪੰਥ ਦੇ ਹਿੱਤਾਂ ਤੇ ਹੱਕਾਂ ਦੀ ਠੋਕ ਕੇ ਪਹਿਰੇਦਾਰੀ ਕਰਨੀ ਸੀ।ਉਹ ਵੀ 8 ਸਾਲ ਬੀ ਪੀ ਤਿਵਾੜੀ ਜਾਂਚ ਕਮਿਸ਼ਨ ਦੀ ਰਿਪੋਰਟ ਆਪਣੇ ਗੋਡੇ ਥੱਲੇ ਦਬਾਕੇ ਦੋਸ਼ੀ ਪੁਲਿਸ ਅਫਸਰਾਂ ਨੂੰ ਆਪਣੀ ਬੁੱਕਲ ਵਿੱਚ ਲੈਕੇ ਬਚਾਉਂਦੇ ਤੇ ਲਕਾਉਂਦੇ ਰਹੇ। ਇਸ ਲਈ ਸੁਖਬੀਰ ਸਿੰਘ ਬਾਦਲ ਨੂੰ ਅਕਾਲ ਤਖ਼ਤ ਸਾਹਿਬ ਤੇ ਤਲਬ ਕਰਕੇ ਉਸ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਤੋਂ ਅਸਤੀਫ਼ਾ ਲੈ ਕੇ ਉਸ ਵਿਰੁੱਧ ਪੰਥਕ ਮਰਯਾਦਾ ਅਨੁਸਾਰ ਬਣਦੀ ਧਾਰਮਿਕ ਸਜ਼ਾ ਲਗਾਈ ਜਾਵੇ।

ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫਤਿਹ ॥

ਗੁਰੂ ਪੰਥ ਦਾ ਦਾਸ
ਹਰਦਿਆਲ ਸਿੰਘ ਧਮਰੈਤ
ਚੇਅਰ ਇੰਡੀਅਨ ਸਬ-ਕੌਂਟੀਨੈਂਟ ਅਫੇਅਰਜ਼ ਕਮੇਟੀ
ਸੁਪਰੀਮ ਸਿੱਖ ਕੌਂਸਲ ਯੂ ਕੇ

**The Supreme Sikh Council UK (Est. 2010)** is the largest democratically constituted representative body of the British Sikhs. Membership includes Gurdwaras, Regional / Special Interest Councils and National Organisations.


ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇਤਿਹਾਸਕ ਗੁਰਦੁਆਰਾ ਗੁਰੂਸਰ ਪੰਜੂਆਣਾ ਸਾਹਿਬ ਦਾ

# ਸਲਾਨਾ ਜੋੜ ਮੇਲਾ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ

### ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜ਼ਰੀ ਤੇ ਰਾਗੀ ਢਾਡੀ ਕਵੀਸ਼ਰਾਂ, ਕਥਾ ਵਾਚਕਾਂ ਨੇ ਸੁਣਾਇਆ ਗੁਰ ਇਤਿਹਾਸ







ਜਗਰਾਉਂ - (ਵਰਿਆਮ ਹਠੂਰ) ਸਾਹਿਬ- ਏ- ਕਮਾਲ ਸਰਵੰਸ ਦਾਨੀ ਬਾਜਾਂ ਵਾਲੇ ਸ਼ਹਿਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਪਿੰਡ ਲੰਮਾ-ਜੱਟਪੁਰਾ ਦੀ ਭਾਗਾਂ ਭਰੀ ਧਰਤੀ ਤੇ ਸਸ਼ੋਭਿਤ ਇਤਿਹਾਸਕ ਗੁਰਦੁਆਰਾ ਗੁਰੂਸਰ ਪੰਜੂਆਣਾ ਸਾਹਿਬ ਵਿਖੇ ਸਤਿਗੁਰਾਂ ਦੇ ਮੁਬਾਰਕ ਚਰਨ ਪਿੰਡ ਲੰਮੇ ਵਿਖੇ ਪਾਉਣ ਅਤੇ ਪਾਵਨ ਧਰਤੀ ਤੇ 21 ਦਿਨ ਠਹਿਰਨ ਦੇ ਇਤਿਹਾਸਕ ਪਲਾਂ ਦੀ ਨਿੱਘੀ ਪਿਆਰੀ ਯਾਦ ਵਿੱਚ ਸਲਾਨਾ ਜੋੜ ਮੇਲਾ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ। ਸਲਾਨਾ ਜੋੜ ਮੇਲੇ ਵਿੱਚ ਤਿੰਨੇ ਦਿਨ ਗੁਰਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਅਤੇ ਸਤਿਕਾਰ ਦਾ ਸਬੂਤ ਦਿੱਤਾ, ਸਲਾਨਾ ਜੋੜ ਮੇਲੇ ਮੌਕੇ ਜਿੱਥੇ ਪਹਿਲੇ ਦਿਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਮਹਾਨ ਨਗਰ ਕੀਰਤਨ ਸਜਾਇਆ ਗਿਆ ਉੱਥੇ ਦੂਜੇ ਅਤੇ ਤੀਜੇ ਦਿਨ ਦੀਵਾਨ ਸਜਾਏ ਗਏ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਖੁੱਲ੍ਹਾ ਰਾਗੀ, ਢਾਡੀ, ਅਤੇ ਕਵੀਸ਼ਰੀ ਦਰਬਾਰ ਸਜਾਇਆ ਗਿਆ। ਪ੍ਰਸਿੱਧ ਕਵੀਸ਼ਰ ਗਿਆਨੀ ਕਲਵੰਤ ਸਿੰਘ ਜੀ ਮਾਣੂੰਕੇ ਅਤੇ ਢਾਡੀ ਜਸਵਿੰਦਰ ਸਿੰਘ ਬਾਗ.ੀ ਦੇ ਜੱਥੇ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਦੇ ਲੂ ਕੰਡੇ ਖੜ੍ਹੇ ਕਰ ਦਿੱਤੇ। ਇਸ ਤੋਂ ਇਲਾਵਾ ਹੋਰ ਵੱਖ ਵੱਖ ਜੱਥਿਆਂ ਨੇ ਆਪਣੀਆਂ ਹਾਜ਼ਰੀਆਂ ਭਰੀਆਂ ਤੇ ਕਵੀਸ਼ਰੀ ਅਤੇ ਢਾਡੀ ਕਲਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਇਤਿਹਾਸਕ ਗੁਰਦੁਆਰਾ ਗੁਰੂਸਰ ਪੰਜੂਆਣਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਲਬੀਰ ਸਿੰਘ ਜੀ ਖਾਲਸਾ ਨੇ ਕਥਾ ਕਰਕੇ ਗੁਰਸੰਗਤਾਂ ਦਾ ਦਿਲ ਮੋਹ ਲਿਆ, ਸੇਵਾਦਾਰਾਂ ਨੇ ਤਨ ਮਨ ਧਨ ਨਾਲ ਸੇਵਾਵਾਂ ਕੀਤੀਆਂ, ਤੇ ਵੱਖ ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਗਏ, ਗੱਲਬਾਤ ਕਰਦਿਆਂ ਮੁੱਖ ਸੇਵਾਦਾਰ ਸੰਤ ਬਾਬਾ ਬਲਬੀਰ ਸਿੰਘ ਜੀ ਖਾਲਸਾ ਨੇ ਕਿਹਾ ਕਿ ਸਿੱਖ ਕੌਮ ਬਾਜਾਂ ਵਾਲੇ ਸ਼ਹਿਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਾਜੀ ਹੋਈ ਕੌਮ ਹੈ। ਜਿਸ ਦੀ ਨੀਂਹ ਕੁਰਬਾਨੀਆਂ ਨਾਲ ਉਸਾਰੀ ਗਈ ਹੈ। ਸਾਨੂੰ ਆਪਣੇ ਬੱਚਿਆਂ ਨੂੰ ਸਿੱਖ ਕੌਮ ਦੇ ਮਹਾਨ ਵਿਰਸੇ ਅਤੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂੰ ਕਰਵਾਉਣਾ ਚਾਹੀਦਾ ਹੈ। ਤੇ ਗੁਰੂਆਂ ਦੇ ਦਰਸਾਏ ਮਾਰਗ ਤੇ ਚੱਲਕੇ ਬਾਣੀ ਅਤੇ ਬਾਣੇ ਦੇ ਧਾਰਨੀ ਬਣਨਾ ਚਾਹੀਦਾ ਹੈ। ਸੰਤ ਬਾਬਾ ਬਲਬੀਰ ਸਿੰਘ ਜੀ ਨੇ ਅੱਗੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਹੈ। ਕਿ ਉਹ ਸਿੱਖ ਕੌਮ ਦੇ ਵਾਪਰੇ ਹੋਏ ਇਤਿਹਾਸ ਬਾਰੇ ਜਾਨਣ ਅਤੇ ਨਸ਼ੇ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰੀਆਂ ਬਣਾ ਕੇ ਰੱਖਣ, ਤੇ ਅੰਮ੍ਰਿਤ ਛਕ ਕੇ ਬਾਜਾਂ ਵਾਲੇ ਸ਼ਹਿਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦੇ ਧੀਆਂ ਪੁੱਤਰ ਅਖਵਾਉਣ, ਗੁਰੂ ਘਰ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਲਬੀਰ ਸਿੰਘ ਜੀ ਖਾਲਸਾ ਨੇ ਵੱਖ ਵੱਖ ਰਾਗੀ, ਢਾਡੀ, ਕਵੀਸ਼ਰਾਂ ਅਤੇ ਸੇਵਾਦਾਰਾਂ ਦਾ ਗੁਰੂ ਘਰ ਦੀ ਬਖਸ਼ਸ਼ਿ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ, ਤੇ ਸਲਾਨਾ ਜੋੜ ਮੇਲੇ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰੀਆਂ ਭਰਨ ਵਾਲੀਆਂ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਸਟੇਜ ਸੈਕਟਰੀ ਦੀ ਭੂਮਿਕਾ ਭਾਈ ਦਰਸ਼ਨ ਸਿੰਘ ਜੀ ਨੇ ਬੜੇ ਹੀ ਸੁਚੱਜੇ ਢੰਗ ਨਾਲ ਨਿਭਾਈ, ਇਸ ਮੌਕੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

# 26 ਜਨਵਰੀ ਨੂੰ ਸਿੱਖ ਜਥੇਬੰਦੀਆਂ ਮਨਾਉਣਗੀਆਂ ਕਾਲਾ ਦਿਵਸ

**ਫ਼ਿਰੋਜ਼ਪੁਰ, 24 ਜਨਵਰੀ (ਮਨੋਹਰ ਲਾਲ)** :— 26 ਜਨਵਰੀ ਨੂੰ ਸਿੱਖ ਜਥੇਬੰਦੀਆਂ ਵੱਲੋਂ ਕਾਲੇ ਦਿਵਸ ਵਜੋਂ ਮਨਾਇਆ ਜਾਵੇਗਾ। ਇਹ ਵਿਚਾਰ ਸਾਂਝੇ ਕਰਦਿਆਂ ਲਖਬੀਰ ਸਿੰਘ ਮਹਾਲਮ ਨੇ ਦੱਸਿਆ ਕਿ ਅੰਗਰੇਜਾਂ ਦੀ ਗੁਲਾਮੀ ਤੋਂ ਮੁਕਤ ਕਰਵਾਉਣ ਸਮੇਂ 1947 ਨੂੰ ਭਾਰਤ ਦੇਸ਼ ਆਜ਼ਾਦ ਹੋਇਆ ਸੀ, ਜਿਸ ਵਿਚ ਸਿੱਖ ਕੌਮ ਨੇ 98 ਫੀਸਦੀ ਕੁਰਬਾਨੀਆਂ ਦਿੱਤੀਆਂ, ਕਾਲੇ ਪਾਣੀ ਦੀਆਂ ਸਜਾਵਾਂ ਕੱਟੀਆਂ ਤੇ ਫਾਂਸੀ ਦੇ ਰੱਸੇ ਚੁੱਕੇ। ਉਨ੍ਹਾਂ ਦੱਸਿਆ ਕਿ 1984 ਵਿਚ ਸ੍ਰੀ ਦਰਬਾਰ ਸਾਹਿਬ ਤੇ ਫੌਜੀ ਹਮਲਾ ਕਰਨਾ ਅਤੇ ਦਿੱਲੀ ਵਿਚ ਸਿੱਖ ਕਤਲੇਆਮ ਕਰਦੇ ਹੋਏ ਸਿੱਖਾਂ ਦੀਆਂ ਧੀਆਂ ਭੈਣਾਂ ਨਾਲ ਬਲਾਤਕਾਰ ਕਰਨੇ, ਲੱਖਾਂ ਸਿੱਖ ਨੌਜਵਾਨਾਂ ਦੇ ਝੂਠੇ ਮੁਕਾਬਲੇ ਬਣਾ ਕੇ ਸ਼ਹੀਦ ਕਰਨਾ ਅਤੇ ਉਨ੍ਹਾਂ ਦੇ ਘਰ ਬਾਰ ਤਬਾਅ ਕਰਨ, ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਗਲੀਆਂ ਵਿਚ ਖਿਲਾਰ ਕੇ ਬੇਅਦਬੀ ਕਰਨਾ, ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਇਨਸਾਫ ਲੈਣ ਲਈ ਸ਼ਾਂਤਮਈ ਢੰਗ ਨਾਲ ਧਰਨਾ ਪ੍ਰਦਰਸ਼ਨ ਕਰ ਰਹੇ ਸਿੱਖ ਸੰਗਤਾਂ ਤੇ ਗੋਲੀ ਚਲਾਉਣਾ ਅਤੇ ਝੂਠੇ ਪਰਚਾ ਦਰਜ ਕਰਨੇ, 32—32 ਸਾਲ ਸਜਾ ਭੁਗਤ ਚੁੱਕੇ ਸਿੱਖ ਬੰਦੀਆਂ ਨੂੰ ਅੱਜ ਤੱਕ ਰਿਹਾਅ ਨਾ ਕਰਨਾ, ਭਾਈ ਗੁਰਦੇਵ ਸਿੰਘ ਕਾਉਂਦੇ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਘਰੋਂ ਚੁੱਕ ਕੇ ਸ਼ਹੀਦ ਕਰਕੇ ਸਰੀਰ ਦੇ ਟੁਕੜੇ ਕਰਨ ਵਾਲੇ ਪੁਲਿਸ ਅਫਸਰਾਂ ਨੂੰ ਅੱਜ ਤੱਕ ਸਜਾ ਨਾ ਮਿਲਣ ਨੂੰ ਲੈ ਕੇ ਸਮੂਹ ਸਿੱਖ ਜਥੇਬੰਦੀਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 26 ਜਨਵਰੀ ਨੂੰ ਹੱਥਾਂ ਵਿਚ ਕਾਲੇ ਝੰਡੇ ਫੜ ਕੇ ਫ਼ਿਰੋਜ਼ਪੁਰ ਸ਼ਹਿਰ ਦੇ ਸ਼ਹੀਦ ਊਧਮ ਸਿੰਘ ਚੌਂਕ ਵਿਚ ਇਕੱਠੇ ਹੋ ਕੇ ਕਾਲਾ ਦਿਵਸ ਮਨਾਇਆ ਜਾਵੇਗਾ, ਜਿਨ੍ਹਾਂ ਚਿਰ ਸਿੱਖ ਸਮਾਜ ਨੂੰ ਇਨਸਾਫ ਨਹੀਂ ਮਿਲਦਾ, ਪੰਜਾਬ ਸਰਕਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਦੋਸ਼ੀਆਂ ਨੂੰ ਅਤੇ ਸ਼ਹੀਦੀ ਜਥੇਦਾਰ ਗੁਰਦੇਵ ਸਿੰਘ ਕੁਉਂਕੇ ਦੇ ਦੋਸ਼ੀ ਪੁਲਿਸ ਅਫਸਰਾਂ ਨੂੰ ਗ੍ਰਿਫਤਾਰ ਕਰਕੇ ਸਖਤ ਸਜਾਵਾਂ ਨਹੀਂ ਦਿੰਦੀ ਅਤੇ ਸਰਕਾਰ ਵੱਲੋਂ ਜਦ ਤੱਕ ਸਜਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸਿੱਖ ਜਥੇਬੰਦੀਆਂ ਵੱਲੋਂ ਕਾਲੇ ਦਿਵਸ ਮਨਾਏ ਜਾਣਗੇ। ਇਸ ਮੌਕੇ ਲਖਵੀਰ ਸਿੰਘ ਮਹਾਲਮ ਸਰਪ੍ਰਸਤ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਨੇ ਸਮੂਹ ਸਿੱਖ ਜਥੇਬੰਦੀਆਂ, ਸਮੂਹ ਕਿਸਾਨ ਜਥੇਬੰਦੀਆਂ, ਗੁਰੂ ਘਰ ਦੇ ਰਾਗੀ ਢਾਡੀ, ਪ੍ਰਚਾਰਕਾਂ ਅਤੇ ਕਮੇਟੀਆਂ ਨੂੰ ਅਪੀਲ ਕੀਤੀ ਕਿ 26 ਜਨਵਰੀ ਨੂੰ ਫ਼ਿਰੋਜ਼ਪੁਰ ਸ਼ਹਿਰ ਦੇ ਸ਼ਹੀਦ ਊਧਮ ਸਿੰਘ ਚੌਂਕ ਵਿਚ ਮਨਾਏ ਜਾਣ ਵਾਲੇ ਕਾਲੇ ਦਿਵਸ ਵਿਚ ਵੱਧ ਚੜ ਕੇ ਪਹੁੰਚਣ ਅਤੇ ਸਰਕਾਰਾਂ ਤੋਂ ਇਨਸਾਫ ਦੀ ਮੰਗ ਕਰਦੇ ਆਪਣੀ ਆਵਾਜ਼ ਬੁਲੰਦ ਕਰਨੇ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਦੇ ਪ੍ਰਧਾਨ ਸਤਨਾਮ ਸਿੰਘ ਵਲੀਆਂ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਕਲਗੀਧਰ ਅੰਮ੍ਰਿਤ ਸੰਚਾਰ ਜਥਾ ਦੇ ਅਹੁਦੇਦਾਰ, ਏਕਨੂਰ ਖਾਲਸਾ ਫੌਜ਼ ਪ੍ਰਧਾਨ ਹਿੰਮਤ ਸਿੰਘ ਸ਼ਕੂਰ, ਸਿੱਖ ਸਦਭਾਵਨਾ ਦਲ ਦੇ ਪ੍ਰਧਾਨ ਸੁਖਦੇਵ ਸਿੰਘ ਮਹੀਆਂ ਵਾਲਾ ਆਦਿ ਮੌਜੂਦ ਸਨ।



# ਹਰਜਿੰਦਰ ਸਿੰਘ ਨੂਰਪੁਰ ਵਲੋਂ ਪ੍ਰੀਵਾਰ ਸਮੇਤ ਕਿਸਾਨੀ ਸੰਘਰਸ਼ ਦੀ ਹਮਾਇਤ



ਨਕੋਦਰ/ਮਹਿਤਪੁਰ (ਹਰਜਿੰਦਰ ਪਾਲ ਛਾਬੜਾ)-ਮਹਿਤਪੁਰ ਕਿਸਾਨ ਤਿੰਨ ਖੇਤੀ ਕਨੂੰਨ ਰੱਦ ਹੋਣ ਤੋਂ ਬਾਅਦ ਵੀ ਐਮ ਐਸ ਪੀ ਸਮੇਤ ਰਹਿੰਦੀਆਂ ਮੰਗਾਂ ਜਿਵੇਂ ਕਿਸਾਨਾਂ ਅਤੇ ਮਜ਼ਦੂਰਾਂ ਸਿਰ ਚੜੇ ਕਰਜੇ ਅਤੇ ਪਾਣੀ ਦੇ ਮਸਲੇ ਲਖੀਮਪੁਰ ਖੀਰੀ ਵਿੱਚ ਬੀਜੇਪੀ ਦੇ ਐਮਐਲਏ ਦੇ ਮੁੰਡੇ ਵੱਲੋਂ ਕਿਸਾਨਾਂ ਦੇ ਪਰਿਵਾਰਾਂ ਉੱਤੇ ਗੱਡੀ ਚਾੜ ਕੇ ਮਾਰੇ ਗਏ ਕਿਸਾਨਾਂ ਨੂੰ ਇਨਸਾਫ ਦਵਾਉਣ ਲਈ ਅਤੇ ਹੋਰ ਕਿਸਾਨੀ ਮੰਗਾਂ ਨੂੰ ਲੈ ਕੇ ਲਗਾਤਾਰ ਲੜਦੇ ਆ ਰਹੇ ਹਨ। ਜਿਸ ਦੇ ਸਬੰਧ ਚੋਂ ਵਿਦੇਸ਼ ਵਿੱਚ ਰਹਿੰਦੇ ਹਰਜਿੰਦਰ ਸਿੰਘ ਨੂਰਪੁਰ ਤੇ ਉਸਦੇ ਪਰਿਵਾਰ ਨੇ ਕਿਹਾ ਕਿ ਅਸੀਂ ਇਸ ਕਿਸਾਨੀ ਮੰਗਾਂ ਸੰਘਰਸ਼ ਦੀ ਸਪੋਟ ਕਰਦੇ ਹਾਂ।

# ਮਾਤਾ ਦੇਸ ਕੌਰ ਨਮਿਤ ਪਾਠ ਦਾ ਭੋਗ ਅੱਜ



ਫ਼ਿਰੋਜ਼ਪੁਰ, 24 ਜਨਵਰੀ (ਮਨੋਹਰ ਲਾਲ) :— ਪਤੀ ਦੇ ਮੋਢੇ ਨਾਲ ਮੋਢਾ ਜ਼ੋੜ ਘਰ ਦੀ ਤਰੱਕੀ ਖੁਸ਼ਹਾਲੀ ਲਈ ਯੋਗਦਾਨ ਪਾਉਂਦਿਆਂ ਬੱਚਿਆਂ ਨੂੰ ਉਚੇਰੀ ਸਿੱਖਿਆ ਦਿਵਾਉਣ ਵਾਲੀ ਮਾਤਾ ਦੇਸ ਕੌਰ ਜਿਥੇ ਆਸ—ਪਾਸ ਦੀਆਂ ਔਰਤਾਂ ਦੀ ਹਰਮਨ ਪਿਆਰੀ ਬੀਬੀ ਵਜੋਂ ਪ੍ਰਫੂਲਤ ਹੋਈ, ਉਥੇ ਸਵੇਰੇ—ਸ਼ਾਮ ਗੁਰਬਾਣੀ ਦਾ ਸਰਵਣ ਕਰਦਿਆਂ ਲੋਕਾਂ ਨੂੰ ਸਹੀ ਮਾਰਗ ਅਪਣਾਉਣ ਲਈ ਪ੍ਰੇਰਿਤ ਕਰਦੀ ਰਹਿੰਦੀ। ਆਪਣੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਵਾਲੀ ਮਾਤਾ ਸ੍ਰੀਮਤੀ ਦੇਸ ਕੌਰ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਸਨ, ਜਿਨ੍ਹਾਂ ਦੀ ਅੰਤਿਮ ਅਰਦਾਸ ਅਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਮਿਤੀ 25 ਜਨਵਰੀ ਨੂੰ ਗੁਰਦੁਆਰਾ ਬਾਬਾ ਰਾਮ ਲਾਲ ਫ਼ਿਰੋਜ਼ਪੁਰ ਵਿਖੇ ਪਾਏ ਜਾਣਗੇ, ਜਿਥੇ ਸਾਕ ਸਬੰਧੀ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨਗੇ। ਇਸ ਮੌਕੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ ਦੇ ਅਸ਼ਵਨੀ ਕੁਮਾਰ, ਕਰਮ ਚੰਦ ਭਾਰਦਵਾਜ, ਰਤਨ ਸਿੰਘ ਮਜਾਰੀ, ਬਲਦੇਵ ਸਿੰਘ ਮੰਢਾਲੀ, ਰਵੇਲ ਸਿੰਘ ਸਹਾਏਪੁਰ, ਕੌਰ ਸਿੰਘ ਸੋਹੀ, ਹਰਪਾਲ ਸਿੰਘ, ਜਗਜੀਤ ਸਿੰਘ ਕੋਟਲੀ, ਅਵਤਾਰ ਸਿੰਘ ਕੈਂਥ, ਜਗਜੀਤ ਸਿੰਘ ਕੰਡਾ, ਗੁਰਪਿਆਰ ਸਿੰਘ ਆਦਿ ਹਾਜ਼ਰ ਸਨ।

# ਮੈਂ ਤੰਦਰੁਸਤ ਕਿਵੇਂ ਹੋਇਆ ?

--✶ ਭਾਗ ਪਹਿਲਾ ✶--

ਸਿਆਣੇ ਕਹਿੰਦੇ ਹਨ ਕਿ ਜੇਕਰ ਪੈਸਾ ਚਲਾ ਜਾਵੇ ਤਾਂ ਸਮਝਣਾ ਚਾਹੀਦਾ ਹੈ ਕਿ ਕੁੱਝ ਹੱਥੋਂ ਚਲਾ ਗਿਆ, ਜੇਕਰ ਇੱਜਤ ਮਿੱਟੀ ਚ ਮਿਲ ਜਾਏ ਤਾਂ ਸਮਝਣਾ ਚਾਹੀਦਾ ਹੈ ਕਿ ਬਹੁਤ ਕੁੱਝ ਚਲਾ ਗਿਆ, ਪਰ ਜੇਕਰ ਤੰਦਰੁਸਤੀ ਚਲੀ ਜਾਵੇ ਤਾਂ ਸਮਝੋ ਕਿ ਸਭ ਕੁੱਝ ਚਲਾ ਗਿਆ ।

ਤੰਦਰੁਸਤੀ ਸਭ ਤੋਂ ਵੱਡੀ ਨਿਆਮਤ ਹੈ ।ਤੰਦਰੁਸਤੀ ਨਾਲ ਹੀ ਸ਼ੋਰ, ਸੰਗੀਤ ਵਿਚ ਬਦਲ ਜਾਂਦਾ ਹੈ, ਇਹ ਦੁਨੀਆ ਸੁੰਦਰ ਲਗਦੀ ਹੈ ਤੇ ਇਸ ਦੀ ਅਣਹੋਂਦ ਵਿਚ ਸਭ ਕੁੱਝ ਉਕਤ ਤੋਂ ਉਲਟ ਲੱਗਣ ਲੱਗ ਜਾਂਦਾ ਹੈ ।

ਮਨੁੱਖੀ ਸਰੀਰ ਦੀ ਰਚਨਾ ਹੀ ਕੁਦਰਤ ਨੇ ਕੁੱਝ ਇਸ ਅਨੂਠੇ ਪ੍ਰਕਾਰ ਦੀ ਕੀਤੀ ਹੈ ਕਿ ਇਹ ਵਾਹ ਲਗਦਿਆਂ ਕਿਸੇ ਬਿਮਾਰੀ ਦਾ ਸ਼ਕਿਾਰ ਹੁੰਦਾ ਹੀ ਨਹੀਂ , ਜੇਕਰ ਮਾੜੀ ਮੋਟੀ ਗਰਮੀ ਸਰਦੀ ਲੱਗਣ ਜਾਂ ਕਿਸੇ ਸੱਟ ਫੇਟ ਲੱਗਣ ਨਾਲ ਬਿਮਾਰੀ ਜਾਂ ਜਖਮ ਸਰੀਰ ਨੂੰ ਪ੍ਰਭਾਵਤ ਕਰਦਾ ਹੈ ਤਾਂ ਸਰੀਰਤੰਤਰ ਉਸ ਦਾ ਇਲਾਜ ਆਪਣੇ ਆਪ ਹੀ ਕਰਦਾ ਹੈ, ਬਹੁਤੇ ਉਪਚਾਰ ਇਲਾਜ ਦੀ ਕਈ ਵਾਰ ਜਰੂਰਤ ਹੀ ਨਹੀਂ ਪੈਂਦੀ ।ਮਿਸਾਲ ਵਜੋਂ ਕਿਸੇ ਸੱਟ ਲੱਗਣ ਕਾਰਨ ਹੋਏ ਜਖਮ ਵਿੱਚੋਂ ਵਹਿ ਰਿਹਾ ਖ਼ੂਨ ਕੁੱਝ ਕੁ ਸਮੇ ਬਾਅਦ ਖ਼ੂਨ ਦੇ ਚਿੱਟੇ ਸੈਲਾਂ ਦੇ ਜਖਮ ਉੱਤੇ ਜਮ੍ਹਾ ਹੋ ਜਾਣ ਨਾਲ ਆਪਣੇ ਆਪ ਹੀ ਬੰਦ ਹੋ ਜਾਂਦਾ ਹੈ ਤੇ ਕੁੱਝ ਕੁ ਦਿਨਾ ਬਾਅਦ ਜਖਮ ਦੇ ਠੀਕ ਹੋ ਜਾਣ ਬਾਅਦ ਖਰੀਂਦ ਆਪਣੇ ਆਪ ਹੀ ਉੱਤਰ ਜਾਂਦਾ ਹੈ ।ਇਸੇ ਤਰਾਂ ਜੇਕਰ ਸਾਡਾ ਅਮਿਊਨ ਸਿਸਟਮ ਚੰਗਾ ਹੈ ਤਾਂ ਸਰੀਰ ਉੱਤੇ ਕਿਸੇ ਵਾਇਰਸ ਦਾ ਹਮਲਾ ਹੋਣ ਦੇ ਆਸਾਰ ਬਹੁਤ ਘੱਟ ਹੁੰਦੇ ਹਨ ।ਬੱਚੇ ਅਤੇ ਬੁੱਢੇ ਇਨਫੈਕਸਨ ਤੇ ਵਾਇਰਲ ਆਦਿ ਨਾਲ ਸਬੰਧਿਤ ਬੀਮਾਰੀਆਂ ਦਾ ਸ਼ਕਿਾਰ ਇਸੇ ਕਰਕੇ ਹੀ ਹੁੰਦੇ ਹਨ ਕਿਉਂਕਿ ਉਹਨਾਂ ਦੀ ਸਰੀਰਕ ਅਮਿਊਨਿਟੀ ਨੌਜਵਾਨਾਂ ਦੇ ਮੁਕਾਬਲੇ ਬਹੁਤ ਕਮਜੋਰ ਹੁੰਦੀ ਹੈ। ਅਸੀਂ ਆਪਣੀ ਮੋਟਰਕਾਰ ਜਾਂ ਦੁਪਈਆ ਵਾਹਨ ਦਾ ਬਹੁਤ ਖਿਆਲ ਰੱਖਦੇ ਹਾਂ, ਉਸ ਦਾ ਸਮੇਂ ਸਮੇਂ ਤੇਲ ਪਾਣੀ ਚੈੱਕ ਕਰਦੇ ਹਾਂ, ਉਸ ਦੀ ਝਾੜ ਪੂੰਝ ਤੇ ਧੋਅ ਧੁਆਈ ਕਰਦੇ ਹਾਂ, ਥੋਹੜਾ ਜਿਹਾ ਨੁਕਸ ਪੈ ਜਾਣ 'ਤੇ ਤੁਰੰਤ ਮਕੈਨਿਕ ਕੋਲ ਲੈ ਕੇ ਜਾਂਦੇ ਹਾਂ, ਦੂਜੇ ਪਾਸੇ ਇਹ ਵੀ ਸੱਚ ਹੈ ਕਿ ਅਸੀਂ ਆਪਣੇ ਸਰੀਰ ਦੀ ਵੱਧ ਤੋਂ ਵੱਧ ਵਰਤੋਂ ਕਰਦੇ ਹਾਂ, ਨੌਂਣ੍ਹ ਧੋਣ ਵੇਲੇ ਵੀ ਜਲਦਬਾਜੀ ਵਿਚ ਹੁੰਦੇ ਹਾਂ, ਮਾੜੀ ਮੋਟੀ ਬਿਮਾਰੀ ਦੀ ਪ੍ਰਵਾਹ ਹੀ ਨਹੀਂ ਕਰਦੇ, ਕਈ ਵਾਰ ਖਾਣਾ ਪੀਣਾ ਵੀ ਬੇਧਿਆਨੀ ਵਿਚ ਹੀ ਖਾਂਦੇ ਹਾਂ ।ਸਿਹਤ ਦੀ ਬਜਾਏ ਜੀਭ ਦੇ ਸੁਆਦ ਨੂੰ ਪਹਿਲ ਦਿੰਦੇ ਹਾਂ, ਡਾਕਟਰ ਕੋਲ ਸਿਰਫ ਤੇ ਸਿਰਫ ਉਸ ਵੇਲੇ ਹੀ ਜਾਂਦੇ ਹਾਂ, ਜਦੋਂ ਸਾਡਾ ਸਰੀਰ ਕਿਸੇ ਬਿਮਾਰੀ ਦੀ ਜਕੜ ਵਿਚ ਪੂਰੀ ਤਰਾਂ ਆ ਜਾਂਦਾ ਹੈ ਤੇ ਸਾਡੇ ਕੋਲ ਡਾਕਟਰ ਕੋਲ ਜਾਣ ਤੋਂ ਬਿਨਾ ਹੋਰ ਕੋਈ ਚਾਰਾ ਹੀ ਬਾਕੀ ਨਹੀਂ ਰਹਿੰਦਾ ।



ਸ਼ਿੰਗਾਰਾ ਸਿੰਘ ਢਿੱਲੋਂ (ਪ੍ਰੋ.)

ਇਹ ਕੰਧ ਉੱਤੇ ਲਿਖਿਆ ਸੱਚ ਹੈ ਕਿ ਮਨੁੱਖੀ ਸਰੀਰ ਨੂੰ ਕੋਈ ਵੀ ਬਿਮਾਰੀ ਰਾਤੋ ਰਾਤ ਨਹੀਂ ਲਗਦੀ ।ਜਿਵੇਂ ਕਿ ਉੱਪਰ ਜਿਕਰ ਕੀਤਾ ਗਿਆ ਹੈ ਕਿ ਮਨੁੱਖੀ ਸਰੀਰਤੰਤਰ ਦੀ ਰਚਨਾ ਇਸ ਪ੍ਰਕਾਰ ਦੀ ਹੈ ਕਿ ਇਹ ਆਪਣੇ ਆਪ ਹੀ ਬਹੁਤ ਸਾਰੀਆਂ ਬਿਮਾਰੀਆਂ ਦਾ ਇਲਾਜ ਅਤੇ ਰੋਕਥਾਮ ਕਰਦਾ ਰਹਿੰਦਾ ਹੈ, ਪਰੰਤੂ ਜੇਕਰ ਸਾਡੀ ਜੀਵਨ ਸ਼ੈਲੀ ਹੀ ਅਜਿਹੀ ਬਣ ਗਈ ਹੈ ਕਿ ਅਸੀਂ ਇਕੋ ਗਲਤੀ ਦਾ ਦੁਹਰਾ ਜਾਣੇ ਅਣਜਾਣੇ ਵਿਚ ਆਏ ਦਿਨ ਵਾਰ ਵਾਰ ਕਰੀ ਜਾ ਰਹੇ ਹਾਂ ਤਾਂ ਕੁਦਰਤੀ ਹੈ ਕਿ ਉਸ ਗਲਤੀ ਦਾ ਨਤੀਜਾ ਇਕ ਨ ਇਕ ਦਿਨ ਸਾਨੂੰ ਭੁਗਤਣਾ ਹੀ ਪਵੇਗਾ ।

ਇਥੇ ਦੱਸਦਾ ਜਾਵਾਂ ਕਿ ਇਹ ਲੇਖ ਮੈਂ ਆਪਣੇ ਜੀਵਨ ਤਜਰਬੇ ਦੇ ਅਧਾਰ 'ਤੇ ਲਿਖ ਰਿਹਾਂ ਹਾਂ ।ਮੈਂ ਆਪਣੀ ਜਿੰਦਗੀ ਵਿਚ ਅੱਜ ਤੱਕ ਬਹੁਤ ਸਾਰੀਆਂ ਘਾਤਕ ਬਿਮਾਰੀਆਂ ਨਾਲ ਦੋ ਚਾਰ ਹੋਇਆਂ ਹਾਂ ਜਿਹਨਾਂ ਵਿਚੋਂ ਡਾਇਬਿਟੀ, ਬਲੱਡ ਪਰੈਸ਼ਰ, ਗਠੀਆ, ਇੰਸੂਲਿਨ ਰਿਜੈਸਟਿੰਸ, ਡਿਸਲੈਕਸੀਆ, ਅੱਖਾਂ ਦੀ ਨਜਰ ਦੀ ਕਮਜੋਰੀ, ਚਮੜੀ ਰੋਗ ਅਤੇ ਕਲੀਨਿਕਲ ਡਿਪਰੈਸ਼ਨ ਆਦਿ ਪ੍ਰਮੁੱਖ ਹਨ ।ਆਪਣੇ ਪੇਟ ਵਿਚ ਦਿਨ ਵਿਚ ਚਾਰ ਚਾਰ ਵਾਰ ਇੰਸੂਲਿਨ ਦੇ ਟੀਕੇ ਵੀ ਆਪ ਹੀ ਲਗਾਉਂਦਾ ਰਿਹਾ ਹਾਂ ਤੇ ਦਿਨ ਵਿਚ ਵੀਹ ਤੋਂ ਤੀਹ ਤੱਕ ਗੋਲੀਆ ਤੇ ਕੈਪਸੂਲ ਵੀ ਖਾਂਦਾ ਰਿਹਾ ਹਾਂ ।ਆਪਣੀ ਜਿੰਦਗੀ ਵਿਚ ਬਿਮਾਰੀ ਦੌਰਾਨ ਉਹ ਮਾੜਾ ਸਮਾਂ ਵੀ ਦੇਖਿਆ ਹੈ, ਜਦੋਂ ਅੱਜ ਤੋਂ ਚੌਵੀ ਕੁ ਸਾਲ ਪਹਿਲਾਂ ਬਰਤਾਨੀਆ ਦੇ ਇਕ ਉਚਕੋਟੀ ਦੇ ਹਸਪਤਾਲ ਵਿਚਲੇ ਮਾਹਿਰ ਡਾਕਟਰਾਂ ਦੀ ਟੀਮ ਨੇ ਮੇਰੇ ਸਿਰਫ ਛੇ ਕੁ ਮਹੀਨੇ ਤੱਕ ਹੀ ਜਿੰਦਾ ਰਹਿਣ ਦਾ ਪੇਸ਼ੀਨਗੋਈ ਵੀ ਕਰ ਦਿੱਤੀ ਸੀ ।ਉਕਤ ਸਾਰੀਆਂ ਬਿਮਾਰੀਆਂ ਮੈਂ ਆਪਣੇ ਪਿੰਡੇ ਉੱਤੇ ਇੰਤਹਾ ਦੀ ਹੱਦ ਤੱਕ ਹੰਢਾਈਆਂ, ਇਹਨਾਂ ਬਿਮਾਰੀਆਂ ਕਾਰਨ ਮੇਰੀ ਜਿੰਦਗੀ ਵਿਚ ਬਹੁਤ ਵੱਡੇ ਉਤਰਾਅ ਚੜ੍ਹਾਅ ਆਏ, ਮੇਰੀ ਪਰਿਵਾਰਕ ਅਤੇ ਸਮਾਜਿਕ ਜਿੰਦਗੀ ਬਹੁਤ ਬੁਰੀ ਤਰਾਂ ਪ੍ਰਭਾਵਤ ਹੋਈ, ਪਰ ਸਿਤਮ ਜ਼ਰੀਫੀ ਇਹ ਰਹੀ ਕਿ ਮੇਰੇ ਏਨੇ ਬੁਰੇ ਸਮੇਂ ਦੇ ਦੌਰਾਨ, ਉਹ ਲੋਕ ਜਿਹਨਾਂ ਨੂੰ ਮੈਂ ਆਪਣੇ ਸਮਝਦਾ ਸੀ ਤੇ ਜਿਹਨਾਂ ਦੇ ਵਾਸਤੇ ਮੈਂ ਆਪਣੀ ਜਿੰਦਗੀ ਪੂਰੀ ਤਰਾਂ ਸਮਰਪਿਤ ਕੀਤੀ ਹੋਈ ਸੀ, ਉਹ ਮੇਰੇ ਦੁੱਖ ਨੂੰ ਨਾ ਹੀ ਸਮਝ ਸਕੇ ਤੇ ਨਾ ਉਹਨਾਂ ਨੇ ਮੈਨੂੰ ਕਿਸੇ ਕਿਸਮ ਦਾ ਸਹਿਯੋਗ ਦੇਣ ਦੀ ਲੋੜ ਹੀ ਸਮਝੀ ।ਸੋ ਮੇਰੇ ਵਾਸਤੇ ਆਪਣੇ ਆਪ ਨੂੰ ਤੰਦਰੁਸਤ ਕਰਨਾ, ਪਰਿਵਾਰਕ ਤੇ ਸਮਾਜਿਕ ਉਲਝਣਾ ਦਾ ਸਾਹਮਣਾ ਕਰਨਾ, ਇਕ ਤਰਾਂ ਦੀ ਦੋਹਰੀ ਲੜਾਈ ਸੀ ।ਇਹ ਜੰਗ ਬਹੁਤ ਔਖੀ ਵੀ ਸੀ ਤੇ ਉਲਝੀ ਹੋਈ ਵੀ ਸੀ, ਜਿਸ ਕਰਕੇ ਕਦੇ ਕਦੇ ਮੇਰਾ ਮਨ ਢਹਿੰਦੀ ਕਲਾ ਵੱਲ ਵੀ ਚਲਾ ਜਾਂਦਾ, ਜਿੰਦਗੀ ਨੀਰਸ ਤੇ ਬੋਝਲ ਲੱਗਣ ਲੱਗ ਪੈਂਦੀ, ਮਨ 'ਤੇ ਨਿਰਾਸ਼ਾ ਤੇ ਉਪਰਾਮਤਾ ਭਾਰੂ ਹੋ ਜਾਂਦੀ, ਕਈ ਵਾਰ ਮਨ ਕਰਦਾ ਕਿ ਇਸ ਤਰਾਂ ਦੀ ਜਿੰਦਗੀ ਜੀਓ ਕੇ ਕੀ ਕਰਨਾ !ਮਨ ਚ ਵਾਰ ਵਾਰ ਸਵਾਲ ਪੈਦਾ ਹੁੰਦਾ ਕਿ ਕਿਉਂ ਨਾ ਜੀਵਨ ਲੀਲਾ ਹੀ ਸਮਾਪਤ ਕਰ ਲਈ ਜਾਵੇ ।ਕਹਿਣ ਦਾ ਭਾਵ ਇਹ ਕਿ ਮਨ ਵਿਚ ਹਰ ਭੈੜੇ ਤੋਂ ਭੈੜਾ ਖਿਆਲ ਆਉਂਦਾ ।ਇਹੋ ਜਿਹੇ ਹਾਲਾਤਾਂ ਵਿਚ ਮੂਡ ਸਵਿੰਗ ਬਹੁਤ ਆਉਂਦੇ ਹਨ, ਬੰਦੇ ਦੀ ਮਾਨਸਿਕਤਾ ਵਿਚ ਕਦੀ ਤੋਲਾ ਤੇ ਕਦੇ ਮਾਸਾ ਵਾਲੀ ਸਥਿਤੀ ਹਮੇਸ਼ਾ ਹੀ ਬਣੀ ਰਹਿੰਦੀ ਹੈ, ਕਦੀ ਬੰਦਾ ਸ਼ੇਰ ਹੁੰਦਾ ਹੈ ਤੇ ਅਗਲੇ ਹੀ ਪਲ ਢੇਰ ਹੁੰਦਾ ਹੈ, ਕਦੀ ਘੋੜ ਸਵਾਰ ਤੇ ਕਦੀ ਆਪਣੇ ਹੀ ਪੈਰਾਂ 'ਤੇ ਖੜ੍ਹੇ ਹੋਣ ਦੀ ਸੱਤਿਆ ਨਹੀਂ ਹੁੰਦੀ, ਉੱਤੋ ਥੱਬਾ ਭਰਕੇ ਗੋਲੀਆਂ, ਕੈਪਸੂਲਾਂ ਤੇ ਟੀਕਿਆਂ ਦੇ ਨਾਲ ਡਾਕਟਰਾਂ ਤੇ ਹਸਪਤਾਲਾਂ ਦੀਆਂ ਅਪਆਇੰਟਮੈਂਟਾਂ ਨੇ ਮੱਤ ਮਾਰੀ ਹੋਈ ਹੁੰਦੀ ਹੈ ਤੇ ਜੇਕਰ ਅਜਿਹੇ ਔਖੇ ਸਮੇਂ ਵਿਚ ਪਰਿਵਾਰਕ ਮਾਹੌਲ ਵੀ ਸਹਿਯੋਗ ਦੇਣ ਵਾਲਾ ਨਾ ਹੋਵੇ ਤਾਂ ਇਹ ਅੰਦਾਜਾ ਲਾਉਣਾ ਕੋਈ ਬਹੁਤਾ ਔਖਾ ਨਹੀਂ ਕਿ ਕੋਈ ਮਰੀਜ ਕਿੰਨੇ ਕੁ ਦਿਨ ਜੀਊਂਦਾ ਰਹੇਗਾ !

ਮੇਰਾ ਇਹ ਲੇਖ ਲੰਬਾ ਹੋ ਜਾਣ ਦਾ ਖਦਸ਼ਾ ਹੈ ।ਇਸ ਨੂੰ ਲਿਖਣ ਦਾ ਮੇਰਾ ਮੁੱਖ ਮਨੋਰਥ ਏਹੀ ਹੈ ਕਿ ਜਿੰਦਗੀ ਦੀ ਜੰਗ ਸਾਨੂੰ ਅਕਸਰ ਇਕੱਲਿਆਂ ਨੂੰ ਹੀ ਲੜਨੀ ਪੈਂਦੀ ਹੈ ।ਇਸ ਵਾਸਤੇ ਸਾਨੂੰ ਹਮੇਸ਼ਾ ਤਿਆਰ ਰਹਿਣਾ ਚਾਹੀਦਾ ਹੈ ।ਇਸ ਲੇਖ ਦੇ ਲਿਖਣ ਨਾਲ ਕਿਸੇ ਇਕ ਜਾਨ ਦਾ ਵੀ ਭਲਾ ਹੋ ਜਾਵੇ ਤਾਂ ਮੈ ਸਮਝਾਗਾ ਕਿ ਮੈ ਆਪਣੇ ਮਨੋਰਥ ਵਿਚ ਸਫਲ ਰਿਹਾ ਹਾਂ ।

ਇਥੇ ਦੱਸਣਾ ਚਾਹਾਂਗਾ ਕਿ ਮੈਂ ਅੱਜ ਬਿਲਕੁਲ ਠੀਕ ਹਾਂ, ਕੋਈ ਗੋਲੀ ਜਾਂ ਕੈਪਸੂਲ ਨਹੀਂ ਖਾਂਦਾ, ਨਾ ਹੀ ਕੋਈ ਟੀਕਾ ਲਾਉਂਦਾ ਹਾਂ, ਪੂਰੀ ਤਰਾਂ ਨਿਰੋਗ ਤੇ ਤੰਦਰੁਸਤ ਹੀ ਨਹੀਂ ਬਲਕਿ ਰਿਸ਼ਟ ਪੁਸ਼ਟ ਵੀ ਹਾਂ ।ਇਹ ਸਭ ਕਿਵੇਂ ਸੰਭਵ ਹੋ ਸਕਿਆ ਹੈ, ਇਸ ਸੰਬੰਧੀ ਸਭ ਜਾਣਕਾਰੀ ਦਾ ਖੁਲਾਸਾ ਇਸ ਲੇਖ ਦੀ ਅਗਲੀ ਕੜੀ ਵਿੱਚ ਕਰਾਂਗਾ ।

**(ਚਲਦਾ)**

# ਕਾਲਜ ਵਿਖੇ ਵੋਟਰ ਦਿਵਸ ਮਨਾਇਆ ਗਿਆ




ਧੂਰੀ (ਰਣਜੀਤ ਸਿੰਘ ਪੇਧਨੀ ): ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਪ੍ਰਿੰਸੀਪਲ ਡਾ. ਪਰਮਜੀਤ ਕੌਰ ਦੀ ਅਗਵਾਈ ਵਿੱਚ ਵੋਟਰ ਦਿਵਸ ਮਨਾਇਆ ਗਿਆ। ਇਸ ਪ੍ਰੋਗਰਾਮ ਤਹਿਤ ਪੋਸਟਰ ਮੇਕਿੰਗ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਰਾਜਨੀਤੀ ਸਾਸ਼ਤਰ ਵਿਸ਼ੇ ਦੇ ਅਧਿਆਪਕ ਡਾ. ਸੁਭਾਸ਼ ਕੁਮਾਰ ਨੇ ਮੁੱਖ ਵਕਤਾ ਵਜੋਂ ਸ਼ਰਿਕਤ ਕੀਤੀ ਅਤੇ ਉਨ੍ਹਾਂ ਨੇ ਜੀਵਨ ਵਿੱਚ ਸਹੀ ਵਿਅਕਤੀ ਨੂੰ ਵੋਟ ਕਰਨ ਦੇ ਮਹੱਤਵ ਬਾਰੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਭਾਸ਼ਣ ਮੁਕਾਬਲੇ ਵਿੱਚ ਕ੍ਰਮਵਾਰ ਪਹਿਲਾ ਤੇ ਦੂਜਾ ਸਥਾਨ ਅਮਨਦੀਪ ਕੌਰ ਅਤੇ ਚਹਿਲ ਨੇ ਪ੍ਰਾਪਤ ਕੀਤਾ। ਜਦੋਂ ਕਿ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਪ੍ਰਭਜੋਤ ਕੌਰ ਅਤੇ ਉਨੀਸ਼ਾ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਹਾਸਲ ਕੀਤਾ। ਮੰਚ ਸੰਚਾਲਨ ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਡਾ. ਅਸ਼ੋਕ ਕੁਮਾਰ ਵੱਲੋਂ ਕੀਤਾ ਗਿਆ। ਇਸ ਸਮੇਂ ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਡਾ. ਊਸ਼ਾ ਰਾਣੀ ਅਤੇ ਕੋਆਰਡੀਨੇਟਰ ਰੈਡ ਰਿਬਨ ਕਲੱਬ ਡਾ. ਰਾਕੇਸ਼ ਕੁਮਾਰ ਮੌਜੂਦ ਰਹੇ।

# ਭਾਈ ਮਰਦਾਨਾ ਸੁਸਾਇਟੀ ਪਾਸਪੋਰਟ ਲੈਣ ਸਮੇਂ ਰਸੀਦ ਜਾਰੀ ਕਰਦੀ ਏ—ਭੁੱਲਰ



ਫ਼ਿਰੋਜ਼ਪੁਰ, 24 ਜਨਵਰੀ (ਮਨੋਹਰ ਲਾਲ) :— ਰਬਾਬੀ ਭਾਈ ਮਰਦਾਨਾ ਯਾਦਗਾਰੀ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਮੀਤ ਪ੍ਰਧਾਨ ਹਰਜੀਤ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਫ਼ਿਰੋਜ਼ਪੁਰ ਤੋਂ ਕੁਝ ਲੋਕ ਭਾਈ ਮਰਦਾਨਾ ਕੀਰਤਨ ਦਰਬਾਰ ਸੁਸਾਇਟੀ ਦਾ ਨਾਮ ਲੈ ਕੇ ਪਾਸਪੋਰਟ ਮੰਗ ਰਹੇ ਹਨ, ਸਾਡਾ ਉਨ੍ਹਾਂ ਲੋਕਾਂ ਨਾਲ ਕੋਈ ਸਬੰਧ ਨਹੀਂ। ਉਨ੍ਹਾਂ ਕਿਹਾ ਕਿ ਪਾਸਪੋਰਟ ਦੇਣ ਸਮੇਂ ਲੋਕ ਰਸੀਦ ਜ਼ਰੂਰ ਲਵੋ, ਅਸੀਂ ਰਸੀਦ ਬਗੈਰ ਕੋਈ ਵੀ ਪਾਸੋਪਰਟ ਨਹੀਂ ਲੈਂਦੇ, ਸਭ ਤੋਂ ਪਹਿਲਾਂ ਸ: ਸ਼ਾਮ ਸਿੰਘ ਨੇ ਹਰਪਾਲ ਸਿੰਘ ਭੁੱਲਰ ਨੂੰ ਲਿਖਤੀ ਰੂਪ ਵਿਚ ਜਥੇ ਭੇਜਣ ਬਾਰੇ ਆਖਿਆ ਸੀ, ਅਸੀਂ ਸਭ ਤੋਂ ਪਹਿਲਾਂ ਜਥਾ ਭੇਜਿਆ ਸੀ। ਸ੍ਰੀ ਭੁੱਲਰ ਨੇ ਕਿਹਾ ਕਿ ਨਨਕਾਣਾ ਸਾਹਿਬ, ਪੰਜਾ ਸਾਹਿਬ, ਕਰਤਾਰਪੁਰ ਸਾਹਿਬ, ਡੇਹਰਾ ਸਾਹਿਬ, ਸੱਚਾ ਸੌਦਾ ਵਿਖੇ ਜਿਨ੍ਹੇ ਵੱਡੇ ਭਾਂਡੇ ਕੜਾਹੇ ਦੇਗਾ ਥਾਲ ਅਤੇ ਗਲਾਸ ਬਾਟੀਆਂ, ਇਹ ਸਭ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਵੱਲੋਂ ਪਾਕਿਸਤਾਨ ਵਿਚ ਦਿੱਤੇ ਹਨ ਅਤੇ ਕਮਰਿਆਂ ਲਈ ਦਰੀਆਂ ਵਗੈਰਾ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਵੱਲੋਂ ਭੇਜਿਆ ਗਈਆਂ ਸਨ ਅਤੇ ਮੋਗਾ ਦੇ ਸਿੰਘਾਂ ਵੱਲੋਂ ਗੁਰੂ ਸਾਹਿਬ ਲਈ 10 ਪੀੜ੍ਹੇ ਉਹ ਵੀ ਸਾਡੀ ਸੁਸਾਇਟੀ ਰਾਹੀਂ ਪਾਕਿ ਵਿਖੇ ਭੇਂਟ ਕੀਤੇ ਗਏ ਹਨ।

# ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਤੇ ਕੇਂਦਰ ਦੀ ਭਾਜਪਾ ਅਤੇ ਦਿੱਲੀ ਦੀ ਕੇਜਰੀਵਾਲ ਸਰਕਾਰ ਦੋਹਾਂ ਦਾ ਸਿੱਖ ਵਿਰੋਧੀ ਚਿਹਰਾ ਨੰਗਾ—ਅਜੇਪਾਲ ਸਿੰਘ ਬਰਾੜ

ਫ਼ਿਰੋਜ਼ਪੁਰ, 24 ਜਨਵਰੀ (ਮਨੋਹਰ ਲਾਲ) :— ਕੁਝ ਦਿਨ ਪਹਿਲਾਂ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਰਿਹਾਈ ਬਾਬਤ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪਾਰਲੀਮੈਂਟ ਵਿੱਚ ਕੋਰੀ ਨਾਂਹ ਅਤੇ ਪ੍ਰੋ: ਦਵਿੰਦਰ ਪਾਲ ਸਿੰਘ ਭੁੱਲਰ ਦੇ ਸੰਟੈਂਸ ਰਿਵੀਓ ਬੋਰਡ ਵੱਲੋਂ ਪਹਿਲਾਂ ਲਗਾਤਾਰ ਤਿੰਨ ਵਾਰ ਫੈਸਲਾ ਮੁਲਤਵੀ ਕਰਨਾ ਅਤੇ ਹੁਣ ਚੌਥੀ ਵਾਰ ਰਿਹਾਈ ਨੂੰ ਰੱਦ ਕਰਨਾ ਇਹ ਸਾਬਤ ਕਰਦਾ ਹੈ ਕਿ ਕੋਈ ਵੀ ਕੇਂਦਰੀ ਪਾਰਟੀ ਸਿੱਖਾਂ ਦੇ ਮਸਲੇ ਸੁਲਝਾਉਣਾ ਨਹੀਂ ਚਾਹੁੰਦੀ। ਸੰਟੈਸ ਰਿਵੀਊ ਬੋਰਡ ਵੱਲੋਂ ਰੱਦ ਕਰਨ ਉੱਪਰ ਹੁਣ ਅਗਲੇ ਛੇ ਮਹੀਨੇ ਤੱਕ ਰਿਹਾਈ ਪਟੀਸ਼ਨ ਸੁਣਵਾਈ ਲਈ ਦਾਖਲ ਨਹੀਂ ਹੋ ਸਕਦੀ ਜਦਕਿ ਪੰਜਾਬ ਸਰਕਾਰ ਦੇ ਬੁਲਾਰੇ ਵਾਰ ਵਾਰ ਇਹ ਕਹਿਕੇ ਭਰਮਾ ਰਹੇ ਹਨ ਕਿ ਪੰਜਾਬ ਸਰਕਾਰ ਨੇ ਤਾਂ ਰਿਹਾਈ ਦੀ ਕਾਰਵਾਈ ਪੂਰੀ ਕਰਕੇ ਭੇਜੀ , ਜਿਸ ਨੂੰ ਇਹ ਕਾਰਵਾਈ ਪੂਰੀ ਕਹਿ ਰਹੇ ਹਨ ਇਹ ਤਾਂ ਪਿਛਲੀ ਬਾਦਲ ਸਰਕਾਰ, ਉਸ ਤੋਂ ਬਾਅਦ ਕੈਪਟਨ ਅਤੇ ਚੰਨੀ ਸਰਕਾਰ ਵੀ ਕਰਦੀ ਰਹੀ ਹੈ, ਜੇ ਪੰਜਾਬ ਦੀ ਆਮ ਆਦਮੀ ਪਾਰਟੀ ਸੱਚਮੁਚ ਦੀ ਸਿੰਘਾਂ ਦੀ ਰਿਹਾਈ ਲਈ ਸੁਹਿਰਦ ਹੈ ਤਾਂ ਉਹ ਰਾਜਸਥਾਨ ਸਰਕਾਰ ਦੀ ਤਰਜ ਤੇ ਪੱਕੀ ਪੇਰੋਲ ਦਾ ਕਨੂੰਨ ਬਣਾਵੇ ਜਿੱਥੇ ਕੈਦੀਆਂ ਵੱਲੋਂ 14 ਸਾਲ ਜਾਂ 21 ਸਾਲ ਕੈਦ ਪੂਰੀ ਕਰਨ ਤੌਂ ਬਾਅਦ ਪੱਕੀ ਪਰੋਲ ਦਿੱਤੀ ਜਾ ਸਕੇ, ਨਾਲ ਬਿਮਾਰੀ ਦੀ ਮੱਧ ਵੀ ਪਾ ਸਕਦੇ ਹਨ ਕਿ ਜੇ ਕੋਈ ਸਾਲ ਤੋਂ ਉੱਪਰ ਦਾਖਲ ਹੈ। ਰਾਜਸਥਾਨ ਸਰਕਾਰ ਦੇ ਇਸੇ ਕਨੂੰਨ ਤਹਿਤ ਦਇਆ ਸਿੰਘ ਲਹੌਰੀਆ ਅਤੇ ਹਰਨੇਕ ਸਿੰਘ ਭੱਪ ਨੂੰ ਪਰਮਾਨੈਂਟ ਪੇਰੋਲ ਮਿਲੀ ਹੋਈ ਹੈ। ਮਿਸਲ ਸਤਲੁਜ ਮੰਨਦੀ ਹੈ ਕਿ ਬੰਦੀ ਸਿੰਘ ਰਾਜਨੀਤਿਕ ਸੰਘਰਸ਼ ਦੇ ਕੈਦੀ ਹਨ ਸੋ ਭਾਰਤ ਸਰਕਾਰ ਬੰਦੀ ਸਿੰਘਾਂ ਨੂੰ ਸਿਆਸੀ ਕੈਦੀ ਮੰਨਦੇ ਹੋਏ ਤੁਰੰਤ ਰਿਹਾਅ ਕਰੇ ਅਤੇ ਸਿੱਖਾਂ ਦੇ ਰਾਜਸੀ ਮਸਲੇ ਸੁਲਝਾਉਣ ਵੱਲ ਪਹਿਲਕਦਮੀ ਕਰੇ।



# ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਗਣਤੰਤਰ ਦਿਵਸ ਦੀ ਅੰਤਿਮ ਰਿਹਰਸਲ ਦਾ ਜਾਇਜ਼ਾ

## ਗਣਤੰਤਰ ਦਿਵਸ ਸਮਾਰੋਹ ਮੌਕੇ ਸੰਗਰੂਰ ਵਿਖੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਫਹਿਰਾਉਣਗੇ ਕੌਮੀ ਝੰਡਾ


ਸੰਗਰੂਰ, 24 ਜਨਵਰੀ ( ਰਣਜੀਤ ਸਿੰਘ ਪੇਧਨੀ)-ਦੇਸ਼ ਦੇ 75ਵੇਂ ਗਣਤੰਤਰ ਦਿਵਸ ਦੇ ਮੌਕੇ 'ਤੇ ਪੁਲਿਸ ਲਾਈਨ ਸਟੇਡੀਅਮ ਵਿਖੇ ਕਰਵਾਏ ਜਾਣ ਵਾਲੇ ਜ਼ਿਲ੍ਹਾ ਪੱਧਰੀ ਸਮਾਰੋਹ ਦੀਆਂ ਤਿਆਰੀਆਂ ਦੇ ਜਾਇਜ਼ੇ ਵਜੋਂ ਅੱਜ ਅੰਤਿਮ ਰਿਹਰਸਲ ਹੋਈ ਜਿਸ ਵਿੱਚ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੁੰਦਿਆਂ ਕੌਮੀ ਝੰਡਾ ਫਹਿਰਾਉਣ ਦੀ ਰਸਮ ਅਦਾ ਕੀਤੀ। ਇਸ ਉਪਰੰਤ ਉਨ੍ਹਾਂ ਨੇ ਮਾਰਚ ਪਾਸਟ ਵਿੱਚ ਸ਼ਾਮਲ ਵੱਖ-ਵੱਖ ਟੁਕੜੀਆਂ ਦਾ ਜਾਇਜ਼ਾ ਲਿਆ। ਇਸ ਤੋਂ ਪਹਿਲਾਂ ਉਨ੍ਹਾਂ ਨੇ ਸ਼ਹੀਦੀ ਯਾਦਗਾਰ ਵਿਖੇ ਸ਼ਰਧਾ ਦੇ ਫੁੱਲ ਭੇਟ ਕੀਤੇ। ਅੱਜ ਅੰਤਿਮ ਰਿਹਰਸਲ ਦੌਰਾਨ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਆਧਾਰਿਤ ਸਭਿਆਚਾਰਕ ਪ੍ਰੋਗਰਾਮ, ਗੱਤਕਾ, ਭੰਗੜਾ, ਗਿੱਧਾ ਲੋਕ ਨਾਚਾਂ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ 26 ਜਨਵਰੀ ਨੂੰ ਪੰਜਾਬ ਦੇ ਟਰਾਂਸਪੋਰਟ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਸ਼੍ਰੀ ਲਾਲਜੀਤ ਸਿੰਘ ਭੁੱਲਰ ਕੌਮੀ ਝੰਡਾ ਫਹਿਰਾਉਣ ਦੀ ਰਸਮ ਅਦਾ ਕਰਨਗੇ ਅਤੇ ਸਲਾਮੀ ਲੈਣਗੇ। ਉਨ੍ਹਾਂ ਦੱਸਿਆ ਕਿ ਆਜ਼ਾਦੀ ਘੁਲਾਟੀਏ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਤੇ ਸ਼ਹੀਦ ਸੈਨਿਕਾਂ ਦੇ ਪਰਿਵਾਰਕ ਮੈਂਬਰ ਵੀ ਸਮਾਗਮ ਵਿੱਚ ਖਾਸ ਤੌਰ 'ਤੇ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਸਮਾਰੋਹ ਦੌਰਾਨ ਵੱਖ-ਵੱਖ ਵਿਭਾਗਾਂ ਦੇ ਫਲੈਗਸ਼ਿਪ ਪ੍ਰੋਗਰਾਮਾਂ 'ਤੇ ਆਧਾਰਿਤ ਝਾਕੀਆਂ ਖਿੱਚ ਦਾ ਕੇਂਦਰ ਬਣਨਗੀਆਂ। ਅੰਤਿਮ ਰਿਹਰਸਲ ਦਾ ਜਾਇਜ਼ਾ ਲੈਣ ਉਪਰੰਤ ਡਿਪਟੀ ਕਮਿਸ਼ਨਰ ਅਤੇ ਐਸਐਸਪੀ ਸਰਤਾਜ ਸਿੰਘ ਚਹਿਲ ਵੱਲੋਂ ਸਮੂਹ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਅਤੇ ਪ੍ਰਬੰਧਾਂ ਬਾਰੇ ਦਿਸ਼ਾ ਨਿਰਦੇਸ਼ ਦਿੱਤੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਸਹਾਇਕ ਕਮਿਸ਼ਨਰ ਜਸਪਿੰਦਰ ਸਿੰਘ ਤੇ ਦੇਵਦਰਸ਼ਦੀਪ ਸਿੰਘ, ਸਮੂਹ ਐਸ ਪੀ, ਡੀ ਐਸ ਪੀ ਅਤੇ ਹੋਰ ਪ੍ਰਸ਼ਾਸ਼ਨਿਕ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹਰਿਆਣਾ ਵਿੱਚ ਸਿੰਘ ਸਾਹਿਬ ਭਾਈ ਕਾਉਂਕੇ ਸਬੰਧੀ ਸ਼ਹੀਦੀ ਸਮਾਗਮ ਅੱਜ

## ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਧ ਚੜ੍ਹ ਕੇ ਪਹੁੰਚਣ : ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦੀ ਯਾਦ ਵਿੱਚ ਵਿਸ਼ੇਸ਼ ਸ਼ਹੀਦੀ ਸਮਾਗਮ 25 ਜਨਵਰੀ ਦਿਨ ਵੀਰਵਾਰ ਨੂੰ ਹਰਿਆਣਾ ਦੇ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਪਾਤਸ਼ਾਹੀ ਦੱਸਵੀਂ ਪੰਚਕੂਲਾ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸੰਤ ਬਾਬਾ ਬਲਜੀਤ ਸਿੰਘ ਦਾਦੂਵਾਲ ਨੇ ਦੱਸਿਆ ਕਿ ਇਸ ਸ਼ਹੀਦੀ ਸਮਾਗਮ ਵਿੱਚ ਦੇਸ਼ ਵਿਦੇਸ਼ ਦੀਆਂ ਪ੍ਰਮੁੱਖ ਪੰਥਕ ਸ਼ਖਸੀਅਤਾਂ ਪਹੁੰਚ ਰਹੀਆਂ ਹਨ। ਉਨ੍ਹਾਂ ਪ੍ਰੋਗਰਾਮ ਦੀ ਰੂਪ ਰੇਖਾ ਸਬੰਧੀ ਦੱਸਿਆ ਕਿ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ 2 ਵਜੇ ਤੱਕ ਸ਼ਹੀਦੀ ਸਮਾਗਮ ਹੋਵੇਗਾ। ਇਸੇ ਦੌਰਾਨ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਬੁਲਾਰੇ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ



ਦਮਦਮੀ ਟਕਸਾਲ ਭਿੰਡਰਾਂਵਾਲੇ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਣਗੇ। ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਨੇ ਕਿਹਾ ਕਿ ਸ਼ਹੀਦ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਜਿਨ੍ਹਾਂ ਲੋਕਾਂ ਨੇ ਅਣਮਨੁੱਖੀ ਤਸੀਹੇ ਦੇ ਕੇ ਸ਼ਹੀਦ ਕੀਤਾ ਹੈ ਅਤੇ ਜਿਨ੍ਹਾਂ ਲੋਕਾਂ ਨੇ ਸ਼ਹੀਦ ਕਰਨ ਵਾਲੇ ਦੋਸ਼ੀ ਪੁਲਸ ਅਧਿਕਾਰੀਆਂ ਨੂੰ ਬਚਾਉਣ ਲਈ ਤਿਵਾੜੀ ਰਿਪੋਰਟ ਦਬਾਅ ਕੇ ਰੱਖੀ, ਉਨ੍ਹਾਂ ਲੋਕਾਂ ਨੂੰ ਸਜਾਵਾਂ ਦਿਵਾਉਣ ਲਈ ਸਿੱਖ ਪੰਥ ਵੱਲੋਂ ਇਨਸਾਫ ਪ੍ਰਾਪਤੀ ਦੀ ਜੋ ਮੁਹਿੰਮ ਚਲਾਈ ਜਾ ਰਹੀ ਹੈ, ਉਸ ਨੂੰ ਕਾਮਯਾਬ ਕਰਨ ਲਈ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਭਰਵਾਂ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਸਿੱਖ ਪੰਥ ਦੀ ਲਾਮਬੰਦੀ ਹੀ ਦੋਸ਼ੀਆਂ ਨੂੰ ਸਜਾਵਾਂ ਤੱਕ ਪਹੁੰਚਾਉਣ ਵਿੱਚ ਕਾਮਯਾਬ ਹੋਵੇਗੀ।

# ਭਾਈ ਹਰਜਿੰਦਰ ਸਿੰਘ ਸੰਧੂ ਵੱਲੋਂ ਵੀ 'ਫ਼ਖ਼ਰ-ਏ-ਕੌਮ ਐਵਾਰਡ' ਸਿੰਘ ਸਾਹਿਬ ਸ਼ਹੀਦ ਭਾਈ ਗੁਰਦੇਵ ਸਿੰਘ ਕਾਂਉਕੇ ਨੂੰ ਦੇਣ ਦੀ ਅਪੀਲ

**ਸਤਿਕਾਰ** ਯੋਗ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਬਹੁਤ ਸੂਝਵਾਨ ਸੁਲਜੇ ਹੋਏ ਵਿਦਵਾਨ ਹਨ ਅਤੇ ਬਹੁਤ ਬਹਾਦਰ ਤੇ ਨਿਧੱੜਕ ਹਨ ਅਤੇ ਬੇਪਰਵਾਹ ਹਨ ਕਿਉਕਿ ਦਾਸ ਬਹੁਤ ਲੰਮੇ ਸਮੇ ਤੋਂ ਉਹਨਾਂ ਨਾਲ ਜੁੜਿਆ ਹੋਇਆ ਹੈ ਉਹਨਾਂ ਦੇ ਕਈ ਕਿਸਿਆਂ ਚੋ੍ਂ ਇਕ ਕਿਸਾ ਤੁਹਾਨੂੰ ਸਾਝਾਂ ਕਰਦਾ ਹਾਂ 1999 ਚ੍ ਉਹ ਯੂਕੇ ਦੇ ਟੂਰ ਤੇ ਆਏ ਦਫਤਰ ਚ੍ ਤਿੰਨ ਮਹੀਨੇ ਦੀ ਛੁੱਟੀ ਭਰੀ ਜੋ ਅਜੇ ਪ੍ਰਵਾਨ ਨਗਹੀ ਹੋਈ ਸੀ ਪਰ ਉਹ ਯੂਕੇ ਆ ਗਏ ਮਗਰ ਦੀ ਕਮੇਟੀ ਦਾ ਫੋਨ ਆ ਗਿਆ ਜਾਂ ਤਾਂ ਵਾਪਿਸ ਆ ਕੇ ਆਪਣੀ ਡੀਊਟੀ ਕਰੋ ਜਾ ਰਜਾਇਨ ਦੇਵੋ ਤਾਂ ਉਸ ਵਕਤ ਉਹਨਾਂ ਦੇ ਮੂੰਹ ਦੇ ਬੋਲ ਸਨ ਮੈ ਇੰਗਲੈਂਡ ਛੱਡ ਸਕਦਾ ਪਰ ਗੁਰੂ ਰਾਮਦਾਸ ਜੀ ਅਤੇ ਹਰਗੋਬਿੰਦ ਸਾਹਿਬ ਜੀ ਦੇ ਦਰ ਦੀ ਸੇਵਾ ਨਹੀ ਕਿਉਕਿ ਇਹ ਸੇਵਾ ਬਹੁਤ ਤਪੱਸਿਆ ਅਤੇ ਮਿਹਨਤ ਨਾਲ ਮਿਲਦੀ ਹੈ ਦਾਸ ਨੇ ਤਾਂ ਗੁਰੂ ਦੀ ਕਿਰਪਾ ਅਤੇ ਸੰਗਤਾਂ ਦੇ ਅਸ਼ੀਰਵਾਦ ਨਾਲ ਸਾਰੇ ਪਰਿਵਾਰ ਨੂੰ ਯੂਕੇ ਦੀ ਨੈਸ਼ਨੈਲਟੀ ਮਿਲ ਗਈ ਪਰ ਸਿੰਘ ਸਾਹਿਬ ਵਾਪਿਸ ਪੰਜਾਬ ਚਲੇ ਗਏ ਉਸ ਟਾਈਮ ਤੋਂ ਲੈ ਕੇ ਅੱਜ ਤੱਕ ਮੈ ਉਹਨਾਂ ਨੂੰ ਕਦੀ ਭੁੱਲ ਨਹੀ ਸਕਿਆ ਉਹਨਾਂ ਨੇ ਵੀ ਦਾਸ ਨੂੰ ਬਹੁਤ ਪਿਆਰ ਮਾਣ ਸਤਿਕਾਰ ਦਿਤਾ ਮੈ ਸਦਾ ਰਿਣੀ ਹਾਂ



ਕੌਮ ਨੂੰ ਇੰਦਾਂ ਦਾ ਜੱਥੇਦਾਰ ਬਾਰ ਬਾਰ ਨਹੀ ਮਿਲਣਾ, ਉਹਨਾਂ ਨੇ ਇਸ ਮੰਜਲ ਨੂੰ ਕਿਸੇ ਦੀ ਮੁਥਾਜੀ ਨਾਲ ਨਹੀ ਮਿਹਨਤ ਨਾਲ ਪਾਇਆ ਹੈ। ਦਰਬਾਰ ਸਾਹਿਬ ਵਿੱਚ ਪਾਠੀ ਸਿੰਘ ਦੀ ਡੀਊਟੀ ਤੋਂ ਸੇਵਾ ਸੁਰੂ ਕਰ ਫਿਰ ਸ਼੍ਰੀ ਅਕਾਲ ਤਖਤ ਸਾਹਿਬ ਤੇ ਪੰਜਾਂ ਪਿਆਰਿਆਂ ਵਿੱਚ ਕਈ ਸਾਲ ਸੇਵਾ ਨਿਭਾਉਣ ਤੋਂ ਬਾਅਦ ਫਿਰ ਸ਼੍ਰੀ ਦਰਬਾਰ ਸਾਹਿਬ ਵਿੱਚ "ਗ੍ਰੰਥੀ" ਸਿੰਘ ਸਾਹਿਬ ਦੀ ਸੇਵਾ ਦੇ ਨਾਲ ਨਾਲ ਤਖਤ ਸ਼੍ਰੀ ਕੇਸਗੜ ਸਾਹਿਬ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਮੁੱਖ ਜੱਥੇਦਾਰ ਦੀ ਸੇਵਾ ਨਿਭਾਉਣ ਤੋਂ ਬਾਅਦ ਰਾਤੋ ਰਾਤ ਗੁਰੂ ਰਾਮਦਾਸ ਪਾਤਸ਼ਾਹ ਜੀ ਦੀ ਐਸੀ ਅਪਾਰ ਕਿਰਪਾ ਹੋਈ ਕਿ ਸ਼੍ਰੀ ਅਕਾਲ ਤਖਤ ਸਾਹਿਬ ਦੀ ਜੱਥੇਦਾਰੀ ਦੇ ਨਾਲ ਕੌਮ ਦੀ ਸੇਵਾ ਦੇ ਨਾਲ ਨਾਲ ਸ਼੍ਰੀ ਦਰਬਾਰ ਸਾਹਿਬ ਵਿੱਚ ਮੁੱਖ ਹੈਡਗ੍ਰੰਥੀ ਦੀ ਸੇਵਾ ਵੀ ਮਿਲ ਗਈ ਜੋ ਬਾਖੂਬੀ ਸ਼ਰਧਾ ਭਾਵਨਾ ਨਾਲ ਬਹਾਦਰੀ ਅਤੇ ਨਿਧੱੜਕ ਹੋ ਕੇ ਨਿਭਾ ਰਹੇ ਹਨ ਅਸੀ ਵੀ ਉਹਨਾਂ ਨੂੰ ਬੇਨਤੀ ਕਰਦੇ ਹਾਂ ਕਿ ਕੌਮ ਨੂੰ ਤੁਹਾਡੇ ਤੇ ਬਹੁਤ ਆਸਾਂ ਹਨ ਸੋ ਫਖਰੇ ਕੌਮ ਅਵਾਡ ਦਾ ਐਲਾਨ ਜੱਥੇਦਾਰ ਸ਼ਹੀਦ ਗੁਰਦੇਵ ਸਿੰਘ ਕਾਂਉਕੇ ਜੀ ਨੂੰ ਦੇਣ ਦਾ ਐਲਾਨ ਕੀਤੀ ਜਾਵੇ ਜੀ ਬਾਕੀ ਸੰਗਤਾਂ ਨੂੰ ਵੀ ਚਾਹੀਦਾ ਕਿ ਉਹ ਜੋ ਵੀ ਫੈਸਲੇ ਲੈ ਰਹੇ ਹਨ ਕੌਮ ਨੂੰ ਉਹਨਾਂ ਦਾ ਭਰਵਾਂ ਸੁਆਗਤ ਕਰਨਾ ਚਾਹੀਦਾ ਹੈ।

**Bhai Harjinder Singh Sandhu**
**0044 7943087777**

# ਆਮ ਆਦਮੀ ਪਾਰਟੀ ਸ਼ਰੇਆਮ ਸਿੱਖ ਜਜ਼ਬਾਤਾਂ ਨੂੰ ਵੰਗਾਰ ਰਹੀ ਹੈ : ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ

**ਅੰਮ੍ਰਿਤਸਰ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਸ਼ਰੇਆਮ ਸਿੱਖ ਜਜ਼ਬਾਤਾਂ ਨੂੰ ਵੰਗਾਰ ਰਹੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ, ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਰੋਕਣ ਅਤੇ ਸੁਲਤਾਨਪੁਰ ਲੋਧੀ ਕਾਂਡ ਸਮੇਤ ਹਰ ਮਸਲੇ ਉੱਤੇ ਆਮ ਆਦਮੀ ਪਾਰਟੀ ਸਿੱਖੀ ਅਤੇ ਸਿੱਖਾਂ ਦੇ ਬਰ-ਖਿਲਾਫ ਭੁਗਤ ਰਹੀ ਹੈ। ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦੀ ਫਾਈਲ ਤੇ ਦਸਤਖਤ ਨਾ ਕਰਕੇ ਦਿੱਲੀ ਦੀ ਕੇਜਰੀਵਾਲ ਸਰਕਾਰ ਨੇ ਇੱਕ ਵਾਰ ਫਿਰ ਸਿੱਖ ਪੰਥ ਅਤੇ ਪੰਜਾਬੀਆਂ ਨਾਲ ਧਰੋਹ ਕਮਾਇਆ ਹੈ ਤੇ ਕੇਜਰੀਵਾਲ ਸਰਕਾਰ ਦਾ ਪੰਥ ਅਤੇ ਪੰਜਾਬ ਵਿਰੋਧੀ ਚਿਹਰਾ ਨੰਗਾ ਹੋ ਚੁੱਕਾ ਹੈ। ਕੇਜਰੀਵਾਲ ਲਗਾਤਾਰ ਭਾਈ ਦਵਿੰਦਰਪਾਲ ਸਿੰਘ ਭੁੱਲਰ ਨਾਲ ਦੁਸ਼ਮਣਾਂ ਵਾਲਾ ਵਤੀਰਾ ਕਰ ਰਿਹਾ ਹੈ ਜਿਸ ਤੋਂ ਸਾਫ ਹੋ ਗਿਆ ਹੈ ਕਿ ਭਾਵੇਂ ਕੇਜਰੀਵਾਲ ਸਰਕਾਰ ਹੋਵੇ, ਚਾਹੇ ਭਾਜਪਾ, ਚਾਹੇ ਬਾਦਲਕੇ ਜਾਂ ਕਾਂਗਰਸੀ ਹੋਣ ਕੋਈ ਵੀ ਪੰਥ ਅਤੇ ਪੰਜਾਬ ਹਿਤੈਸ਼ੀ ਨਹੀਂ ਹੈ, ਇਹ ਸਾਰੇ ਹੀ ਸਾਡੇ ਯੋਧਿਆਂ ਨੂੰ ਜੇਲ੍ਹਾਂ ਦੇ ਵਿੱਚ ਬੰਦ ਵੇਖਣਾ ਚਾਹੁੰਦੇ ਹਨ। ਸਾਰੀਆਂ ਪਾਰਟੀਆਂ ਇੱਕੋ ਨੀਤੀ ਦੇ ਉੱਤੇ ਕੰਮ ਕਰ ਰਹੀਆਂ ਹਨ। ਕੇਜਰੀਵਾਲ ਜੋ ਪ੍ਰੋਫੈਸਰ ਸਾਹਿਬ ਦੀ ਰਿਹਾਈ ਰੋਕ ਕੇ ਭਾਜਪਾ ਸਰਕਾਰ ਅਤੇ ਫਿਰਕੂ ਹਿੰਦੂਤਵੀਆਂ ਨੂੰ ਖੁਸ਼ ਕਰ ਰਿਹਾ ਹੈ। ਭਾਰਤ ਵਿੱਚ ਬਹੁ ਗਿਣਤੀ ਦੇ ਨਾਲ ਵਿਹਾਰ ਹੋਰ ਅਤੇ ਸਿੱਖਾਂ ਸਮੇਤ ਘੱਟ ਗਿਣਤੀ ਕੌਮਾਂ ਦੇ ਨਾਲ ਵਿਹਾਰ ਹੋਰ ਕੀਤਾ ਜਾਂਦਾ ਹੈ। ਝਾੜੂ ਪਾਰਟੀ ਤੇ ਭਾਜਪਾ ਇੱਕੋ ਸਿੱਕੇ ਦੇ ਦੋ ਪਹਿਲੂ ਹਨ, ਬੰਦੀ ਸਿੰਘਾਂ ਨੂੰ ਜੇਲ੍ਹਾਂ ਵਿੱਚ ਡੱਕਣ ਦੀ ਦੋਨਾਂ ਦੀ ਇੱਕੋ ਨੀਤੀ ਹੈ, ਉਹ ਸਾਨੂੰ ਝੁਕਾਉਣਾ ਚਾਹੁੰਦੇ ਹਨ, ਸਾਡੀ ਅਣਖ ਮਾਰਨਾ ਚਾਹੁੰਦੇ ਹਨ, ਸਾਨੂੰ ਨੀਵਾਂ ਵਿਖਾਉਣਾ ਚਾਹੁੰਦੇ ਹਨ। ਇਹ ਭਾਰਤ ਆਪਣੇ ਆਪ ਨੂੰ ਲੋਕਤੰਤਰ, ਧਰਮ ਨਿਰਪੱਖ ਅਤੇ ਮਨੁੱਖੀ ਹੱਕਾਂ ਦਾ ਅਲੰਬਰਦਾਰ ਅਖਵਾਉਂਦਾ ਹੈ ਪਰ ਇਹ ਹਿੰਦੂ ਰਾਸ਼ਟਰ ਦੀ ਲੀਹ 'ਤੇ ਹੈ। ਜਦੋਂ ਸਾਡੇ ਬੰਦੀ ਸਿੰਘ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਹਨ ਫਿਰ ਉਹਨਾਂ ਨੂੰ ਕਿਉਂ ਨਹੀਂ ਰਿਹਾਅ ਕੀਤਾ ਜਾ ਰਿਹਾ ? ਜੇਕਰ ਝਾੜੂ ਪਾਰਟੀ ਦੇ ਵਿਧਾਇਕਾਂ ਦੇ ਵਿੱਚ ਰੱਤਾ ਜਿੰਨੀ ਵੀ ਅਣਖ-ਗੈਰਤ ਹੈ ਤਾਂ ਉਹ ਕੇਜਰੀਵਾਲ ਦਾ ਵਿਰੋਧ ਕਰਨ ਅਤੇ ਪ੍ਰੋਫੈਸਰ ਦਵਿੰਦਰ ਪਾਲ ਸਿੰਘ ਭੁੱਲਰ ਦੀ ਤੁਰੰਤ ਰਿਹਾਈ ਕਰਵਾਉਣ। ਕਾਂਗਰਸ ਨੇ ਸਾਡੇ ਸਿੰਘਾਂ ਨੂੰ ਜੇਲ੍ਹਾਂ ਵਿੱਚ ਧੱਕਿਆ, ਬਾਦਲਕਿਆਂ ਨੇ ਪਹਿਲਾਂ ਇਹਨਾਂ ਨੂੰ ਰਿਹਾਅ ਨਹੀਂ ਹੋਣ ਦਿੱਤਾ ਅਤੇ ਹੁਣ ਭਾਜਪਾ ਸਰਕਾਰ ਅਤੇ ਕੇਜਰੀਵਾਲ ਪਾਰਟੀ ਵੀ ਕਾਂਗਰਸ ਦੇ ਰਾਹਾਂ ਉੱਤੇ ਹੀ ਚੱਲ ਰਹੀ ਹੈ।



# ਜ਼ਿਲ੍ਹਾ ਮੈਜਿਸਟਰੇਟ ਵੱਲੋਂ 26 ਜਨਵਰੀ ਸਵੇਰੇ 7 ਵਜੇ ਤੋਂ ਸ਼ਾਮ 5 ਵਜੇ ਤੱਕ ਕੀਤਾ ਡਰਾਈ ਡੇ ਘੋਸ਼ਿਤ



**ਪਠਾਨਕੋਟ, 24 ਜਨਵਰੀ ( ਆਵਾਜ਼ਿ ਕੌਮ ਬਿਊਰੋ)**-ਸ. ਹਰਬੀਰ ਸਿੰਘ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ ਪਠਾਨਕੋਟ ਵੱਲੋਂ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇੱਕ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ। ਜਿਸ ਵਿੱਚ ਲਿਖਿਆ ਗਿਆ ਹੈ ਕਿ ਜਿਲ੍ਹਾ ਪਠਾਨਕੋਟ ਅੰਦਰ 26 ਜਨਵਰੀ 2024 ਨੂੰ ਗਣਤੰਤਰਤਾ ਦਿਵਸ ਮਨਾਇਆ ਜਾ ਰਿਹਾ ਹੈ ਜਿਸ ਅਧੀਨ 26 ਜਨਵਰੀ ਸਵੇਰੇ 7 ਵਜੇ ਤੋਂ ਸਾਮ 5 ਵਜੇ ਤੱਕ ਡਰਾਈ ਡੇ ਘੋਸਿਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਉਪਰੋਕਤ ਪਾਬੰਦੀ ਦੌਰਾਨ ਜਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਕਿਸੇ ਵੀ ਸ਼ਰਾਬ ਦੇ ਠੇਕੇ (ਦੇਸੀ ਅਤੇ ਅੰਗਰੇਜੀ) ਹੋਟਲ, ਦੁਕਾਨ, ਰੈਸਟੋਰੈਂਟ, ਕਲੱਬ, ਬੀਅਰ ਬਾਰ, ਅਹਾਤੇ, ਜਿੱਥੇ ਸ਼ਰਾਬ ਵੇਚਣ ਤੇ ਪੀਣ ਦੀ ਕਾਨੂੰਨੀ ਇਜਾਜਤ ਹੈ ਜਾਂ ਹੋਰ ਜਨਤਕ ਥਾਵਾਂ ਤੇ ਸ਼ਰਾਬ ਦੀ ਵਿਕਰੀ ਕਰਨ, ਵਰਤੋਂ ਕਰਨ, ਪੀਣ/ਪਿਲਾਉਣ ਅਤੇ ਸਟੋਰ ਕਰਨ ਤੇ ਮੁਕੰਮਲ ਪਾਬੰਦੀ ਲਗਾਈ ਜਾਂਦੀ ਹੈ।




## 24 ਗੈਂਗਸਟਰਾਂ ਦੇ ਪੇਸ਼ੀ, ਜੱਗੂ ਦੀ ਪਟੀਸ਼ਨ 'ਤੇ ਅਦਾਲਤ ਨੇ ਸਿੱਧੂ ਦੇ ਪਰਿਵਾਰ ਤੋਂ ਮੰਗਿਆ ਰਿਕਾਰਡ

**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮਰਹੂਮ ਪੰਜਾਬੀ ਗਇਕ ਸਿੱਧੂ ਮੂਸੇਵਾਲਾ ਕਤਲ ਕੇਸ ਵਿੱਚ ਪੰਜਾਬ ਪੁਲਿਸ ਵੱਲੋਂ ਮਾਨਸਾ ਦੀ ਅਦਾਲਤ ਵਿੱਚ 24 ਗੈਂਗਸਟਰਾਂ ਨੂੰ ਪੇਸ਼ ਕੀਤਾ ਗਿਆ। ਇਸ ਵਿੱਚ ਤਿੰਨ ਗੈਂਗਸਟਰਾਂ ਨੂੰ ਨਿੱਜੀ ਤੌਰ 'ਤੇ ਪੇਸ਼ ਕੀਤਾ ਗਿਆ ਜਦਕਿ ਬਾਕੀ 21 ਗੈਂਗਸਟਰਾਂ ਦੀ ਪੇਸ਼ੀ ਵੀਡੀਓ ਕਾਨਫਰੰਸਿੰਗ ਰਾਹੀਂ ਹੋਈ ਹੈ। ਇਹ ਸਾਰੇ ਮੰਗਲਵਾਰ ਦੀ ਸੁਣਵਾਈ ਦੌਰਾਨ ਮਾਨਸਾ ਅਦਾਲਤ 'ਚ ਪੇਸ਼ ਕੀਤੇ ਗਏ ਸਨ। ਹੁਣ ਇਸ ਮਾਮਲੇ 'ਤੇ ਅਗਲੀ ਸੁਣਵਾਈ 8 ਫਰਵਰੀ ਨੂੰ ਹੋਵੇਗੀ। ਪੰਜਾਬ ਪੁਲਿਸ ਨੇ ਗੈਂਗਸਟਰ ਕਪਿਲ ਪੰਡਿਤ, ਅਰਸ਼ਦ ਖਾਨ, ਸਚਿਨ ਭਵਾਨੀ ਨੂੰ ਅਦਾਲਤ ਵਿੱਚ ਨਿੱਜੀ ਤੌਰ 'ਤੇ ਪੇਸ਼ ਕੀਤਾ ਸੀ ਇਹਨਾਂ ਤੋਂ ਇਲਾਵਾ ਵੀਸੀ ਰਾਹੀਂ 21 ਮੁਲਜ਼ਮਾਂ ਨੂੰ ਪੇਸ਼ ਕੀਤਾ ਗਿਆ। ਇਸ ਕੇਸ ਵਿੱਚ ਸਚਿਨ ਬਿਸ਼ਨੋਈ ਪੇਸ਼ ਨਹੀਂ ਕੀਤਾ ਗਿਆ। ਦੱਸ ਦੇਈਏ ਕਿ ਮੁੱਖ ਮੁਲਜ਼ਮ ਸਚਿਨ ਬਿਸ਼ਨੋਈ, ਗੈਂਗਸਟਰ ਜੱਗੂ ਭਗਵਾਨ ਪੁਰੀਆ ਅਤੇ ਕੁਝ ਹੋਰਾਂ ਮੁਲਜ਼ਮਾਂ ਨੇ ਖੁਦ ਨੂੰ ਬੇਕਸੂਰ ਦੱਸਦੇ ਹੋਏ ਅਦਾਲਤ 'ਚ ਪਟੀਸ਼ਨ ਦਾਇਰ ਕੀਤੀ ਸੀ। ਇਸ 'ਤੇ ਅਦਾਲਤ ਨੇ ਸਿੱਧ ਮੂਸੇਵਾਲਾ ਦੇ ਪਰਿਵਾਰ ਤੋਂ ਰਿਕਾਰਡ ਦੀ ਮੰਗ ਕੀਤੀ ਹੈ। ਸਿੱਧੂ ਮੂਸੇਵਾਲਾ ਪਰਿਵਾਰ ਦੇ ਵਕੀਲ ਸਤਿੰਦਰ ਪਾਲ ਮਿੱਤਲ ਨੇ ਦੱਸਿਆ ਕਿ ਸਿੱਧੂ ਮੂਸੇਵਾਲਾ ਕੇਸ ਦੀ ਅਗਲੀ ਸੁਣਵਾਈ 8 ਫਰਵਰੀ ਨੂੰ ਹੋਵੇਗੀ। ਸੁਣਵਾਈ ਦੌਰਾਨ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਅਦਾਲਤ ਵਿੱਚ ਪੇਸ਼ ਹੋਏ। ਅਦਾਲਤ ਤੋਂ ਤਰੀਕ ਮਿਲਣ ਤੋਂ ਬਾਅਦ ਸਿੱਧੂ ਮੂਸੇਵਾਲਾ ਦੇ ਪਿਤਾ ਨਿਰਾਸ਼ ਨਜ਼ਰ ਆਏ। ਉਨ੍ਹਾਂ ਕਿਹਾ ਕਿ ਅਦਾਲਤੀ ਪ੍ਰਕਿਰਿਆ ਯਕੀਨੀ ਤੌਰ 'ਤੇ ਚੱਲ ਰਹੀ ਹੈ, ਜਿਸ ਕਾਰਨ ਤਰੀਕ ਤੈਅ ਕੀਤੀ ਜਾ ਰਹੀ ਹੈ।

# ਪੰਜਾਬ ਕੈਬਨਿਟ ਦੀ ਮੀਟਿੰਗ 'ਚ ਅਹਿਮ ਫੈਸਲੇ

# 10 ਲੱਖ 77 ਹਜ਼ਾਰ ਰਾਸ਼ਨ ਕਾਰਡ ਬਹਾਲ



**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕੈਬਨਿਟ ਦੀ ਮੀਟਿੰਗ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰਧਾਨਗੀ ਹੇਠ ਹੋਈ। ਕੈਬਨਿਟ ਮੀਟਿੰਗ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਪ੍ਰੈੱਸ ਕਾਨਫਰੰਸ ਕਰਕੇ ਦੱਸਿਆ ਕਿ ਇਹ ਮੀਟਿੰਗ ਬੇਹੱਦ ਅਹਿਮ ਸੀ ਕਿਉਂਕਿ ਅਗਲਾ ਬਜਟ ਸੈਸ਼ਨ ਆ ਰਿਹਾ ਹੈ। ਅਜਿਹੇ 'ਚ ਕਈ ਅਹਿਮ ਫੈਸਲੇ ਲਏ ਗਏ। ਉਨ੍ਹਾਂ ਨੇ ਕਿਹਾ ਕਿ 10 ਲੱਖ 77 ਹਜ਼ਾਰ ਰਾਸ਼ਨ ਕਾਰਡ ਬਹਾਲ ਕੀਤੇ ਹਨ। ਇਹ ਰਾਸ਼ਨ ਕਾਰਡ ਪਹਿਲਾਂ ਕੱਟੇ ਗਏ ਸਨ। ਸੀਐਮ ਮਾਨ ਨੇ ਕਿਹਾ ਕਿ ਸਰਕਾਰ ਜਲਦੀ ਹੀ ਰਾਸ਼ਨ ਦੀ ਡੋਰ ਸਟੈਪ ਡਿਲੀਵਰੀ ਸ਼ੁਰੂ ਕਰਨ ਜਾ ਰਹੀ ਹੈ। ਅਜਿਹੀ ਸਥਿਤੀ ਵਿੱਚ ਸਾਰੇ ਰਾਸ਼ਨ ਕਾਰਡ ਧਾਰਕਾਂ ਨੂੰ ਰਾਸ਼ਨ ਮਿਲੇਗਾ। ਇਸ ਦੇ ਨਾਲ ਹੀ ਮੀਟਿੰਗ ਵਿੱਚ ਅਧਿਆਪਕਾਂ ਦੀ ਬਦਲੀ ਨੀਤੀ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਹੁਣ ਬਦਲੀ ਪ੍ਰਕਿਰਿਆ ਨੂੰ ਸਰਲ ਬਣਾਇਆ ਗਿਆ ਹੈ। ਜੇਕਰ ਕੋਈ ਅਧਿਆਪਕ ਗੰਭੀਰ ਬਿਮਾਰੀ ਤੋਂ ਪੀੜਤ ਹੈ ਤਾਂ ਉਹ ਹੁਣ ਸਿਰਫ਼ ਇੱਕ ਸਾਲ ਲਈ ਐਪਲੀਕੇਸ਼ਨ 'ਤੇ ਰਹਿ ਸਕਦਾ ਹੈ। ਇਸ ਦੇ ਨਾਲ ਹੀ ਅਜਿਹੇ ਅਧਿਆਪਕ ਆਪਣੇ ਨਜ਼ਦੀਕੀ ਸਕੂਲ ਵਿੱਚ ਤਬਦੀਲ ਹੋ ਸਕਦੇ ਹਨ। ਇਸ ਦੇ ਨਾਲ ਹੀ 15 ਸ਼ਹਿਰਾਂ ਵਿੱਚ ਯੋਗਸ਼ਾਲਾਵਾਂ ਖੋਲ੍ਹੀਆਂ ਜਾਣਗੀਆਂ। ਇਸ ਲਈ ਸਟਾਫ਼ ਭਰਤੀ ਕਰਨ ਦੀ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸੇ ਤਰ੍ਹਾਂ ਸ਼ਹੀਦ ਸੈਨਿਕਾਂ ਦੀਆਂ ਵਿਧਵਾਵਾਂ ਦੀ ਪੈਨਸ਼ਨ 6 ਹਜ਼ਾਰ ਰੁਪਏ ਤੋਂ ਵਧਾ ਕੇ 10 ਹਜ਼ਾਰ ਰੁਪਏ ਕਰ ਦਿੱਤੀ ਗਈ ਹੈ। ਫਰਿਸ਼ਤੇ ਸਕੀਮ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਹਾਦਸੇ ਵਿੱਚ ਜ਼ਖਮੀ ਹੋਏ ਵਿਅਕਤੀ ਦਾ ਪੂਰਾ ਇਲਾਜ ਮੁਫਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਉਸ ਨੂੰ ਹਸਪਤਾਲ ਲੈ ਕੇ ਜਾਣ ਵਾਲੇ ਵਿਅਕਤੀ ਨੂੰ ਇਨਾਮ ਵੀ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਰੋਡ ਸੇਫਟੀ ਫੋਰਸ 27 ਜਨਵਰੀ ਨੂੰ ਸ਼ੁਰੂ ਕੀਤੀ ਜਾਵੇਗੀ। ਇਸ ਦੇ ਸਾਰੇ ਤੱਥਾਂ ਦਾ ਮੁਲਾਂਕਣ ਕੀਤਾ ਜਾਵੇਗਾ। ਇਸ ਦੇ ਨਾਲ ਹੀ ਸੜਕ ਹਾਦਸਿਆਂ 'ਤੇ ਬਰੇਕਾਂ ਲਗਾਈਆਂ ਜਾਣਗੀਆਂ।

## ਸੀਐਮ ਭਗਵੰਤ ਮਾਨ ਦਾ ਵੱਡਾ ਐਲਾਨ, ਕਾਂਗਰਸ ਨਾਲ ਕੋਈ ਗੱਠਜੋੜ ਨਹੀਂ, ਇਕੱਲੇ ਹੀ ਲੜਾਂਗੇ 13 ਸੀਟਾਂ 'ਤੇ ਚੋਣਾਂ

**ਚੰਡੀਗੜ੍ਹ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਨੇ ਐਲਾਨ ਕੀਤਾ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਇਕੱਲੇ ਹੀ ਲੋਕ ਸਭਾ ਚੋਣਾਂ ਲੜੇਗੀ। ਉਨ੍ਹਾਂ ਨੇ ਸਪਸ਼ਟ ਕਰ ਦਿੱਤਾ ਹੈ ਕਿ ਇੰਡੀਆ ਗਠਜੋੜ ਤਹਿਤ ਆਮ ਆਦਮੀ ਪਾਰਟੀ ਪੰਜਾਬ ਵਿੱਚ ਕਾਂਗਰਸ ਨਾਲ ਰਲ ਕੇ ਚੋਣਾਂ ਨਹੀਂ ਲੜੇਗੀ। ਸੀਐਮ ਭਗਵੰਤ ਮਾਨ ਦੇ ਐਲਾਨ ਨਾਲ ਗੱਠਜੋੜ ਦੀਆਂ ਸਾਰੀਆਂ ਕਿਆਸਰਾਈਆਂ ਖਤਮ ਹੋ ਗਈਆਂ ਹਨ। ਇਸ ਤੋਂ ਤੈਅ ਹੈ ਕਿ ਲੋਕ ਸਭਾ ਚੋਣ 2024 ਨੂੰ ਲੈ ਕੇ ਪੰਜਾਬ ਵਿੱਚ ਇੰਡੀਆ ਗਠਜੋੜ ਨਹੀਂ ਹੋਏਗਾ। ਹਾਸਲ ਜਾਣਕਾਰੀ ਮੁਤਾਬਕ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਇੱਕਲਿਆਂ ਹੀ ਸਾਰੀਆਂ 13 ਦੀਆਂ 13 ਸੀਟਾਂ 'ਤੇ ਚੋਣ ਲੜਨ ਦੀ ਰਣਨੀਤੀ ਬਣਾ ਲਈ ਹੈ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਆਪ ਦੇ ਵਰਕਰਾਂ ਤੇ ਲੀਡਰਾਂ ਨੂੰ 13 ਸੀਟਾਂ 'ਤੇ ਤਿਆਰੀ ਕਰਨ ਦੇ ਹੁਕਮ ਦੇ ਦਿੱਤੇ ਹਨ। ਸੂਤਰਾਂ ਮੁਤਾਬਕ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੇ ਸੀਐਮ ਭਗਵੰਤ ਮਾਨ ਤੇ ਪੰਜਾਬ ਤੋਂ ਰਾਜ ਸਭਾ ਮੈਂਬਰ ਸੰਦੀਪ ਪਠਾਕ ਦੇ ਨਾਲ ਬੰਦ ਕਮਰਾ ਮੀਟਿੰਗ ਕੀਤੀ ਸੀ। ਇਸ ਵਿੱਚ ਤੈਅ ਹੋਇਆ ਹੈ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ 13 ਸੀਟਾਂ 'ਤੇ ਚੋਣ ਲੜੇਗੀ। ਕੇਜਰੀਵਾਲ ਨੇ ਆਪਣੇ ਲੀਡਰਾਂ ਨੂੰ ਹਰੀ ਝੰਡੀ ਦੇ ਦਿੱਤੀ ਹੈ। ਇਹ ਵੀ ਜਾਣਕਾਰੀ ਮਿਲੀ ਹੈ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੀਆਂ ਲੋਕ ਸਭਾ ਸੀਟਾਂ ਲਈ 39 ਚਿਹਰਿਆਂ ਦੀ ਭਾਲ ਕੀਤੀ ਹੈ ਜਿਨ੍ਹਾਂ 'ਚੋਂ ਹੁਣ 13 ਉਮੀਦਵਾਰ ਚੁਣੇ ਜਾਣਗੇ। ਆਮ ਆਦਮੀ ਪਾਰਟੀ ਇਨ੍ਹਾਂ ਚੋਣਾਂ ਵਿੱਚ ਨੌਜਵਾਨਾਂ ਤੇ ਮਹਿਲਾਵਾਂ ਨੂੰ ਤਵੱਜੋ ਦੇਵੇਗੀ। ਦੱਸ ਦਈਏ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਇਕੱਲੇ ਚੋਣ ਲੜਨ ਦੀ ਲਗਾਤਾਰ ਗੱਲ ਹਾਈਕਮਾਨ ਅੱਗੇ ਰੱਖ ਚੁੱਕੇ ਸਨ। ਇਸ 'ਤੇ ਆਮ ਆਦਮੀ ਪਾਰਟੀ ਨੇ ਸਹਿਮਤੀ ਜਤਾ ਦਿੱਤੀ ਹੈ। ਇਸ ਤੋਂ ਇਲਾਵਾ ਸੀਐਮ ਭਗਵੰਤ ਮਾਨ ਪਹਿਲਾਂ ਵੀ ਬਿਆਨ ਵੀ ਦੇ ਚੁੱਕੇ ਹਨ ਕਿ ਇਸ ਵਾਰ ਪੰਜਾਬ 'ਚ ਆਮ ਆਦਮੀ ਪਾਰਟੀ 13-0, ਯਾਨੀ ਆਪ 13 ਸੀਟਾਂ 'ਤੇ ਜਿੱਤ ਹਾਸਲ ਕਰਨ ਜਾ ਰਹੀ ਹੈ। ਉਧਰ ਪੰਜਾਬ ਕਾਂਗਰਸ ਦੇ ਲੀਡਰ ਵੀ ਸੂਬੇ ਵਿੱਚ ਸੱਤਾਧਿਰ ਪਾਰਟੀ 'ਆਪ' ਨਾਲ ਗਠਜੋੜ ਨਹੀਂ ਕਰਨਾ ਚਾਹੁੰਦੇ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ ਕਾਂਗਰਸ ਹਾਈਕਮਾਨ ਅੱਗੇ ਵਾਰ ਵਾਰ ਆਪਣੀ ਮੰਗ ਰੱਖ ਚੁੱਕੇ ਹਨ ਕਿ ਸਾਨੂੰ ਪੰਜਾਬ 'ਚ ਗਠਜੋੜ ਨਹੀਂ ਚਾਹੀਦਾ ਹੈ। ਅਸੀਂ ਆਪਣੇ ਦਮ 'ਤੇ ਸਾਰੀਆਂ ਚੋਣਾਂ ਲੜਾਂਗੇ।

ਫਰਵਰੀ ਦੇ ਪਹਿਲੇ ਹਫ਼ਤੇ 1 ਸਾਲ ਤੋਂ 19 ਸਾਲ ਦੇ

# ਬੱਚਿਆਂ ਆਲਬੈਡਾਜੋਲ ਖਵਾਈ ਜਾਵੇਗੀ

ਧੂਰੀ ( ਰਣਜੀਤ ਸਿੰਘ ਪੇਧਨੀ ) ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਦੇ ਦਿਸ਼ਾ ਨਿਰਦੇਸ਼ ਅਤੇ ਐਸ ਐਮ ਓ ਡਾਕਟਰ ਮਹੁੰਮਦ ਆਖਤਰ ਦੀ ਯੋਗ ਅਗਵਾਈ ਵਿੱਚ ਅਤੇ ਅਸ਼ੌਕ ਕੁਮਾਰ ਐਸ ਆਈ ਨੇ ਹੈੱਲਥ ਵੈਲਨੈਸ਼ ਸੈਂਟਰ ਵਿਖੇ ਮਮਤਾ ਦਿਵਸ਼ ਤੇ ਪੁਹੰਚੇ ਇੱਕ ਸਾਲ ਤੋਂ ਵੱਧ ਉਮਰ ਦੇ ਬੱਚਿਆਂ ਦੇ ਮਾਪਿਆਂ ਨੂੰ ਜਾਗਰੂਕ ਕੀਤਾ ਗਿਆ ਕੇ ਫਰਵਰੀ ਮਹੀਨੇ ਦੇ ਪਹਿਲੇ ਹਫ਼ਤੇ ਏਰੀਏ ਦੇ ਇੱਕ ਸਾਲ ਤੋਂ ਉੱਨੀ ਸਾਲ ਤੱਕ ਦੇ ਸਾਰੇ ਬੱਚਿਆਂ ਦੀ ਆਲਬੈਡਾਜੋਲ ਦੀ ਦੁਵਾਈ ਘਰਾਂ,ਆਂਗਨਵਾੜੀ ਸੈਟਰਾਂ ਅਤੇ ਸਾਰੇ ਸਰਕਾਰੀ ਸਕੂਲ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਖੁਵਾਈ ਜਾਵੇਗੀ । ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਸ਼ੌਕ ਕੁਮਾਰ ਐਸ ਆਈ ਨੇ ਦੱਸਿਆ ਕਿ ਇੱਕ ਸਾਲ ਤੋਂ ਉੱਨੀ ਸਾਲ ਤੱਕ ਦੇ ਬੱਚਿਆਂ ਨੂੰ ਆਲਬੈਡਾਜੋਲ ਦੀ ਦਵਾਈ ਜਰੂਰ ਖੁਵਾਈ ਜਾਵੇ ।ਪੇਟ ਕੀੜੀਆਂ ਕਾਰਨ ਬੱਚੇ ਕੁਪੋਸ਼ਣ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਬੱਚਿਆਂ ਖੂਨ ਦੀ ਕਮੀ ਆ ਜਾਂਦੀ ਹੈ ।ਉਸ ਕਾਰਨ ਬੱਚੇ ਹਮੇਸ਼ਾ ਥਕਾਵਟ ਮਹਿਸੂਸ ਕਰਦਾ ਰਹਿੰਦਾ ਹੈ ।ਕੀੜਿਆਂ ਕਾਰਨ ਬੱਚੇ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਰੁਕਾਵਟ ਆ ਸਕਦੀ ਹੈ ।ਪੇਟ ਦ ਕੀੜਿਆਂ ਤੇ ਕਾਬੂ ਲਈ ਕੁੱਝ ਗੱਲਾਂ ਦਾ ਧਿਆਨ ਰੱਖਣਾ ਚਾਹੀਦਾ ਹੈ । ਜਿਵੇਂ ਖੁੱਲੇ ਵਿੱਚ ਲੈਟਰੀਨ ਨਾ ਜਾਓ ਹਮੇਸ਼ਾਂ ਘਰਾਂ ਵਿੱਚ ਬਣੇ ਪਖਾਨਿਆਂ ਦੀ ਵਰਤੋਂ ਕੀਤੀ ਜਾਵੇ ਅਤੇ ਘਰ ਦੇ ਆਲੇ ਦੁਆਲੇ ਸਫ਼ਾਈ ਦਾ ਖਾਸ ਧਿਆਨ ਰੱਖਿਆਂ ਜਾਵੇ ਅਤੇ ਸਾਫ ਪਾਣੀ ਦੀ ਵਰਤੋਂ ਕੀਤੀ ਜਾਵੇ ।ਫਲ ਅਤੇ ਸਬਜੀਆਂ ਚੰਗੀ ਤਰ੍ਹਾਂ ਧੋ ਕੇ ਵਰਤਿਆ ਜਾਵੇ ।ਖਾਣਾ ਖਾਣ ਤੋਂ ਪਹਿਲਾਂ ਅਤੇ ਖਾਣਾ ਖਾਣ ਤੋਂ ਬਾਅਦ ਹੱਥਾਂ ਨੂੰ ਚੰਗੀ ਤਰ੍ਹਾਂ ਸਾਫ ਕਰਨਾ ਚਾਹੀਦਾ ਹੈ ।ਖਾਣ ਪੀਣ ਦੀਆਂ ਚੀਜ਼ਾਂ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ ਜਿਆਦਾ ਕੱਚੇ ਅਤੇ ਜਿਆਦਾ ਪੱਕੇ ਫਲ ਅਤੇ ਸਬਜੀਆਂ ਦੀ ਵਰਤੋਂ ਨਾ ਕਰੋ ।ਇਸ ਮੌਕੇ ਡਾਕਟਰ ਵਰਿੰਦਰ ਸਿੰਘ ਸੀ ਐਚ ਓ ਅਤੇ ਜਸਵਿੰਦਰ ਸਿੰਘ ਸੰਧੂ ਮ,ਪਹ,ਵ(ਮ) ਅਤੇ ਰਾਜਿੰਦਰ ਕੌਰ,ਹਰਜਿੰਦਰ ਕੌਰ ਮ,ਪ,ਹ, ਵ(ਫ) ਪਰਮਜੀਤ ਕੌਰ,ਸਰਬਜੀਤ ਕੌਰ,ਵੀਰਪਾਲ ਕੌਰ,ਕਰਮਜੀਤ ਕੌਰ ਆਸ਼ਾ ਵਰਕਰ ਹਾਜ਼ਰ ਸਨ।



ਡੀਟੀਐੱਫ ਜਥੇਬੰਦੀ ਦਾ ਸਲਾਨਾ ਕਲੈਂਡਰ ਜਾਰੀ ਕਰਦਿਆਂ

# ਚੋਣਾਂ ਸਮੇਂ ਕੀਤੇ ਵਾਅਦੇ ਪੂਰੇ ਕਰਨ ਦੀ ਕੀਤੀ ਮੰਗ



## ਪੁਰਾਣੀ ਪੈਨਸ਼ਨ ਤੇ 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨ ਦੀ ਕੀਤੀ ਮੰਗ

ਤਲਵੰਡੀ ਸਾਬੋ, 24 ਜਨਵਰੀ (ਗੁਰਜੰਟ ਸਿੰਘ ਨਥੇਹਾ)– ਅੱਜ ਇੱਥੇ ਡੈਮੋਕ੍ਰੇਟਿਕ ਟੀਚਰਜ਼ ਫਰੰਟ, ਬਲਾਕ ਤਲਵੰਡੀ ਸਾਬੋ ਵੱਲੋਂ ਆਪਣਾ ਸਲਾਨਾ ਕਲੈਂਡਰ ਜਾਰੀ ਕਰਦਿਆਂ ਬਲਾਕ ਦੇ ਪ੍ਰਧਾਨ ਭੋਲਾ ਰਾਮ ਤਲਵੰਡੀ ਅਤੇ ਸਕੱਤਰ ਗੁਰਜਿੰਦਰ ਸਿੰਘ ਨੇ ਪੰਜਾਬ ਦੀ ਆਪ ਸਰਕਾਰ ਵੱਲੋਂ ਮੰਗ ਕੀਤੀ ਗਈ ਕਿ ਆਪ ਸਰਕਾਰ ਦੇ ਸਰਕਾਰ ਵਿੱਚ ਆਉਣ ਤੋਂ ਪਹਿਲਾਂ ਸੂਬੇ ਦੇ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਮੁਤਾਬਕ ਸੂਬੇ ਦੇ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਅਤੇ 37 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕੀਤੇ ਜਾਣ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਹੋਇਆਂ ਜ਼ਿਲ੍ਹਾ ਆਗੂ ਰਣਦੀਪ ਕੌਰ ਖਾਲਸਾ, ਪ੍ਰੈੱਸ ਸਕੱਤਰ ਰਾਜੇਸ਼ ਕੁਮਾਰ, ਵਿੱਤ ਸਕੱਤਰ ਜਸਵਿੰਦਰ ਸੰਦੋਹਾ, ਜਥੇਬੰਦਕ ਸਕੱਤਰ ਸਰਬਜੀਤ ਸਿੰਘ ਨੇ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਾਇਮਰੀ ਕੇਡਰ ਤੋਂ ਮਾਸਟਰ ਕੇਡਰ ਦੀਆਂ ਪ੍ਰਮੋਸ਼ਨਾਂ ਲੰਬੇ ਸਮੇਂ ਤੋਂ ਲਟਕ ਰਹੀਆਂ ਹਨ।ਪ੍ਰਾਇਮਰੀ ਕੇਡਰ ਤੋਂ ਮਾਸਟਰ ਕੇਡਰ ਦੀਆਂ ਪ੍ਰਮੋਸ਼ਨਾਂ ਜਲਦੀ ਕੀਤੀਆਂ ਜਾਣ। ਅਧਿਆਪਕ ਆਗੂਆਂ ਨੇ ਇਹ ਵੀ ਮੰਗ ਕੀਤੀ ਕਿ ਆਪਣੇ ਘਰਾਂ ਤੋਂ ਦੂਰ ਦੁਰਾਡੇ ਬੈਠੇ ਅਧਿਆਪਕਾਂ ਨੂੰ ਬਦਲੀ ਦਾ ਮੌਕਾ ਦੇ ਕੇ ਉਨ੍ਹਾਂ ਨੂੰ ਘਰਾਂ ਦੇ ਨੇੜੇ ਲਿਆਂਦਾ ਜਾਵੇ। ਇਸ ਮੌਕੇ ਜਗਤਾਰ ਸਿੰਘ ਗਿਆਨਾ, ਹਰਮੇਸ਼ ਕੁਮਾਰ, ਜਸਕਰਨ ਸਿੰਘ, ਗੁਰਬਾਜ ਸਿੰਘ, ਹਰਸ਼ਰਨ ਸਿੰਘ, ਪਰਮਜੀਤ ਸੰਗਤ, ਰੂਪ ਸਿੰਘ, ਦਰਸ਼ਨ ਸਿੰਘ, ਮੈਂਗਲ ਸਿੰਘ, ਸਵਰਨ ਸਿੰਘ ਆਦਿ ਆਗੂ ਮੌਜੂਦ ਸਨ।

# 26 ਨੂੰ ਮੁੱਖ ਮੰਤਰੀ ਨੂੰ ਵਾਅਦਾ ਯਾਦ ਕਰਵਾਇਆ ਜਾਵੇਗਾ: ਤਰਲੋਕ ਸਿੰਘ

**ਨਕੋਦਰ/ਮਹਿਤਪੁਰ (ਹਰਜਿੰਦਰ ਪਾਲ ਛਾਬੜਾ)** -ਸਟੇਟ ਕਮੇਟੀ ਮੈਂਬਰ ਤਰਲੋਕ ਸਿੰਘ ਨੇ ਦੱਸਿਆ ਕਿ 13 ਜੂਨ 2023 ਤੋਂ ਪਿੰਡ ਖਰਾਣੇ ਵਿਖੇ ਚੱਲ ਰਹੇ ਪੱਕਾ ਮੋਰਚੇ ਸਬੰਧੀ ਸਰਕਾਰ ਦੇ ਮੰਤਰੀਆਂ ਨਾਲ ਲਗਾਤਾਰ ਮੀਟਿੰਗਾਂ ਹੋ ਰਹੀਆਂ ਹਨ, ਜਿਸ ਦੇ ਅੰਤ ਵਿਚ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੀਟਿੰਗ ਹੋਈ, ਸੰਗਰੂਰ ਵਿਖੇ ਕੀਤੀ, ਜਿਸ ’ਤੇ ਉਨ੍ਹਾਂ ਪੂਰਾ ਭਰੋਸਾ ਦਿੱਤਾ ਕਿ ਅਸੀਂ ਤੁਹਾਡੀਆਂ ਮੰਗਾਂ ’ਤੇ ਗੌਰ ਕਰਕੇ ਉਨ੍ਹਾਂ ਨੂੰ ਪੂਰਾ ਕਰਾਂਗੇ। ਉਨ੍ਹਾਂ ਕਿਹਾ ਕਿ ਤੁਸੀਂ ਆਪਣਾ ਸੰਘਰਸ਼ ਖਤਮ ਕਰਕੇ ਮੇਰੇ ’ਤੇ ਭਰੋਸਾ ਕਰਕੇ ਚੰਡੀਗੜ੍ਹ ਵਿਖੇ ਮਿਲੋ ਤਾਂ ਜੋ ਅਸੀਂ ਬੈਠ ਕੇ ਤੁਹਾਡੀ ਸਮੱਸਿਆ ਦਾ ਹੱਲ ਕਰ ਸਕੀਏ, ਇਸ ਲਈ ਉਨ੍ਹਾਂ ਦੀ ਗੱਲ ਮੰਨਦਿਆਂ ਅਸੀਂ ਸਭ ਨੇ ਫੈਸਲਾ ਲਿਆ ਕਿ ਮੁੱਖ ਮੰਤਰੀ ਦੀ ਗੱਲ ਮੰਨਦੇ ਹੋਏ ਇੰਦਰਜੀਤ ਸਿੰਘ ਮਾਨਸਾ ਨੂੰ ਟੈਂਕੀ ਤੋਂ ਉਤਾਰ ਦਿੱਤਾ ਜਾਵੇ। ਮੁੱਖ ਮੰਤਰੀ ਨੇ ਮਾਘੀ ਦਾ ਭਰੋਸਾ ਦਿੱਤਾ ਸੀ ।ਉਸ ਤੋਂ ਬਾਅਦ ਅਸੀਂ ਤੁਹਾਨੂੰ ਚੰਡੀਗੜ੍ਹ ਬੁਲਾਵਾਂਗੇ ਅਤੇ ਤੁਹਾਡੇ ਸਾਰੇ ਪੈਂਡਿੰਗ ਮੁੱਦਿਆਂ ਜਿਵੇਂ ਕਿ ਪੇ-ਸਕੇਲ ਲਾਗੂ ਕਰਨਾ, ਡੀ.ਏ., ਮੈਡੀਕਲ ਸਹੂਲਤ, ਆਈਈਵੀ ਸਾਥੀਆਂ ਦੀ ਉੱਚ ਯੋਗਤਾ ਸ਼ਾਮਲ ਕਰਨਾ ਆਦਿ ਦਾ ਹੱਲ ਕੀਤਾ ਜਾਵੇਗਾ। ਪਰ ਅਜੇ ਤੱਕ ਪ੍ਰਸ਼ਾਸਨ ਅਤੇ ਸੀ.ਐਮ.ਹਾਊਸ ਵਲੋਂ ਸਾਡੇ ਨਾਲ ਸੰਪਰਕ ਨਹੀਂ ਕੀਤਾ ਗਿਆ ਹੈ। ਇਸ ਲਈ ਅਸੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮਿਲਾਂਗੇ ਜਿੱਥੇ ਵੀ ਉਹ 26 ਜਨਵਰੀ ਨੂੰ ਝੰਡਾ ਲਹਿਰਾਉਣਗੇ ਤਾਂ ਜੋ ਉਨ੍ਹਾਂ ਨੂੰ ਆਪਣਾ ਵਾਅਦਾ ਯਾਦ ਕਰਵਾਇਆ ਜਾ ਸਕੇ। ਉਨ੍ਹਾਂ ਨੂੰ ਯਾਦ ਕਰਵਾਇਆ ਜਾਵੇਗਾ ਕਿ ਅਸੀਂ ਤੁਹਾਡੇ ਭਰੋਸੇ ’ਤੇ ਆਪਣਾ ਸੰਘਰਸ਼ ਖਤਮ ਕਰਕੇ ਤੁਹਾਡੇ ਨਾਲ ਗੱਲਬਾਤ ਕਰਨ ਆਏ ਹਾਂ। ਇਸ ਸਮੇਂ ਹਰਪ੍ਰੀਤ ਹੇਅਰ,ਪਰਮਿੰਦਰ ਅੱਟਾ, ਕਰਨਵੀਰ ਮਾਹੂਵਾਲ ,ਅਮਨ ਵਰਮਾ,ਸੁਰਜੀਤ ਗੋਰਾਇਆ,ਰਛਪਾਲ ਨੂਰਮਹਿਲ,ਅਵਤਾਰ ਫਿਲੌਰ, ਤਰਲੋਚਨ ਆਦਮਪੁਰ,ਸੰਦੀਪ ਆਦਮਪੁਰ ਪਰਮਜੀਤ ਸ਼ਾਹਕੋਟ,ਨਿਰਮਲ ਸਿੰਘ,ਮਨੋਜ ਕੁਮਾਰ ਰਿਪੁਦਮਨ ਗਿਲ, ਰਵੀ ਸ਼ਾਸਤਰੀ ਅਤੇ ਕੁਲਵੰਤ ਆਦਿ ਮੈਂਬਰ ਹਾਜ਼ਰ ਸਨ।



# ਪੰਜਾਬ ਸਰਕਾਰ ਵੱਲੋਂ ਐਸ, ਐਸ, ਐਫ, ਫੋਰਸ ਤਾਇਨਾਤ ਕਰਨ ਦਾ ਫ਼ੈਸਲਾ ਸ਼ਲਾਘਾਯੋਗ

**ਜਲਾਲ ਉਸਮਾ, ਚੌਕ ਮਹਿਤਾ 24 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗਣਤੰਤਰ ਦਿਵਸ ਮੌਕੇ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਦੀ ਸਹਾਇਤਾ ਲਈ ਸੜਕ ਸੁਰਖਿਆ ਫੋਰਸ ਪੰਜਾਬ ਦੇ ਵੱਖ ਵੱਖ ਮਾਰਗਾ ਉਪਰ ਤਾਇਨਾਤ ਕਰਨ ਨੂੰ ਹਰੀ ਝੰਡੀ ਦਿੱਤੀ ਜਾ ਰਹੀ ਹੈ ਜੋ ਪੰਜਾਬ ਸਰਕਾਰ ਦਾ ਸਲਾਘਾਯੋਗ ਫੈਸਲਾ ਹੈਂ।ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਗੂ ਅਤੇ ਵਪਾਰ ਮੰਡਲ ਵਿੰਗ ਦੇ ਜਿਲਾ ਵਾਈਸ ਪ੍ਰਧਾਨ ਸ, ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਅਤੇ ਸਾਬਕਾ ਪ੍ਰਧਾਨ ਬੂਟਾ ਸਿੰਘ ਜਲਾਲ ਨੇ ਚੋਣਵੇਂ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਨੇ ਕਿਹਾ ਪੰਜਾਬ ਦੀਆਂ ਵੱਖ ਵੱਖ ਸੜਕਾਂ ਉੱਤੇ ਇਹ ਸੁਰਖਿਅਤ ਫੋਰਸ ਆਧਿਨੁਕ ਸਹੂਲਤਾਂ ਨਾਲ ਲੈਸ ਮਹਿੰਗੀਆਂ ਗੱਡੀਆਂ ਹੋਣਗੀਆਂ ਇਸ ਫੋਰਸ ਦੇ ਤਾਇਨਾਤ ਕਰਨ ਜਿਥੇ ਸੜਕੀ ਹਾਦਸੇ ਘੱਟ ਹੋਣਗੇ ਉੱਥੇ ਹੀ ਜੇਕਰ ਕਿਧਰੇ ਛੋਟੀ ਮੋਟੀ ਅਣਸੁਖਾਵੀਂ ਘਟਨਾ ਵਾਪਰ ਵੀ ਜਾਂ'ਦੀ ਹੈ ਤਾਂ ਇਹ ਸੜਕ ਸੁਰਖਿਆ ਫੋਰਸ ਤੁਰੰਤ ਲੋਕਾਂ ਦੀ ਸਹੂਲਤ ਲਈ ਮੌਕੇ ਤੇ ਪਹੁੰਚ ਜਾਇਆ ਕਰੇਗੀ। ਇਸ ਦੌਰਾਨ ਜਲਾਲ ਉਸਮਾ ਨੇ ਕਿਹਾ ਕਿ ਸੜਕ ਸੁਰਖਿਆ ਫੋਰਸ ਸੜਕਾਂ ਉੱਤੇ ਟੈਰਿਫਕ ਕਾਰਣ ਹੋਣ ਵਾਲੀ ਖੱਜਲ ਖੁਆਰੀ ਤੇ ਵੀ ਲੋਕਾਂ ਨੂੰ ਰਾਹਿਤ ਦਿਵਾਵੇਗੀ। ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਜੀ ਮਾਨ ਵੱਲੋਂ ਇਸ ਫੈਸਲੇ ਦੀ ਲੋਕਾਂ ਵੱਲੋਂ ਪ੍ਰਸੰਸਾ ਕੀਤੀ ਜਾ ਰਹੀ ਹੈ।





# ਮੋਦੀ ਸਰਕਾਰ ਦੀਆਂ ਪੰਜਾਬ ਮਾਰੂ ਨੀਤੀਆਂ ਦਾ ਜੁਆਬ, ਪੰਜਾਬੀ ਲੋਕ ਸਭਾ ਚੋਣਾਂ ’ਚ ਦੇਣਗੇ: ਆਪ ਆਗੂ

ਧੂਰੀ ( ਰਣਜੀਤ ਸਿੰਘ ਪੇਧਨੀ ) ਕੇਂਦਰ ਦੀ ਭਾਜਪਾ ਸਰਕਾਰ ਨੇ ਹਮੇਸ਼ਾ ਹੀ ਪੰਜਾਬ ਦੇ ਲੋਕਾਂ ਨਾਲ ਵਿਤਕਰਾ ਹੀ ਕੀਤਾ ਤੇ ਹੁਣ ਕੇਂਦਰ ਸਰਕਾਰ ਵੱਲੋਂ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਹੋ ਰਹੀ ਪਰੇਡ ਵਿੱਚ ਪੰਜਾਬ ਦੀ ਝਾਕੀ ਨੂੰ ਸਾਮਿਲ ਨਾ ਕਰਕੇ ਪੰਜਾਬੀਆਂ ਨਾਲ ਲੋਕ ਸਭਾ ਚੋਣਾਂ ਤੋਂ ਪਹਿਲਾਂ ਵੱਡਾ ਧੋਖਾ ਕੀਤਾ ਹੈ,ਜਿਸ ਨੂੰ ਪੰਜਾਬ ਦੇ ਲੋਕ ਕਦੇ ਵੀ ਮਾਫ ਨਹੀਂ ਕਰਨਗੇ । ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ,ਕਰਮਜੀਤ ਸਿੰਘ ਕਾਂਝਲਾ, ਆਪ ਆਗੂ ਰਣਜੋਤ ਸਿੰਘ ਕਾਂਝਲਾ ਪ੍ਰਮੁੱਖ ਉਮੀਦਵਾਰ ਜਿਲ੍ਹਾ ਪ੍ਰੀਸ਼ਦ ਜੋਨ ਬੇਨੜਾ ਨੇ ਕੀਤਾ।ਉਹਨਾਂ ਕਿਹਾ ਕਿ ਇਸ ਵਾਰ ਬਿਨਾਂ ਕਿਸੇ ਕਾਰਨ 26 ਜਨਵਰੀ ਨੂੰ ਹੋ ਰਹੇ ਗਣਤੰਤਰ ਦਿਵਸ ਮੌਕੇ ਝਾਕੀ ਬੰਦ ਕਰਨ ਮਾੜੀ ਸੋਚ ਦਾ ਨਤੀਜਾ ਹੈ ਜਦੋਂ ਕਿ ਹਿੰਦੁਸਤਾਨ ਦੇ ਇਤਿਹਾਸ ਦੇ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਸਿੱਖ ਕੌਮ ਅਤੇ ਪੰਜਾਬੀਆਂ ਦੀਆਂ ਹਨ। ਕੇਂਦਰ ਦੀ ਮੋਦੀ ਸਰਕਾਰ ਦਾ ਇਸ ਗੱਲ ਦਾ ਜਵਾਬ ਪੰਜਾਬ ਦੇ ਲੋਕ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਦੇਣਗੇ। ਇਸ ਮੌਕੇ ਉਹਨਾਂ ਦੇ ਨਾਲ , ਆਪ ਆਗੂ ਬਿੱਲਾ ਸਾਹੀਵਾਲ, ਆਪ ਆਗੂ ਭਿੰਦਾ ਸਾਹੀਵਾਲ, ਆਪ ਆਗੂ ਗੁਗਨੀ ਧੰਦੀਵਾਲ ,ਆਪ ਆਗੂ ਬੂਟਾ ਸੁਲਤਾਨਪੁਰ ,ਆਪ ਆਗੂ ਰਣਜੀਤ ਸਿੰਘ ਧੰਦੀਵਾਲ , ਆਪ ਆਗੂ ਬਖਸੀਸ ਅਲਾਲ , ਆਪ ਆਗੂ ਜਸਬੀਰ ਸਿੰਘ ਜੱਜ , ਆਪ ਆਗੂ ਬਲਦੇਵ ਸਿੰਘ ਖਾਲਸਾ, ਆਪ ਆਗੂ ਪ੍ਰਦੀਪ ਸਿੰਘ ਹਰਚੰਦਪੁਰ,ਆਪ ਆਗੂ ਸੇਵਕ ਲੱਡਾ, ਆਪ ਆਗੂ ਰਾਜੂ ਲੱਡਾ, ਆਪ ਆਗੂ ਮਨਦੀਪ ਰੰਗੀਆ ਹਾਜ਼ਰ ਸਨ।



# ਜੁਆਇੰਟ ਫੋਰਮ ਸਾਥੀਆਂ ਨੇ ਮੁੱਖ ਮੰਤਰੀ ਦੇ ਓ.ਐਸ. ਡੀ ਪ੍ਰੋ. ਓਂਕਾਰ ਸਿੰਘ ਸਿੱਧੂ ਨੂੰ ਦਿੱਤਾ ਮੰਗ ਪੱਤਰ



ਧੂਰੀ ( ਰਣਜੀਤ ਸਿੰਘ ਪੇਧਨੀ ) ਜੁਆਇੰਟ ਫੋਰਮ ਪਾਵਰਕੌਮ ਪੰਜਾਬ ਦੇ ਸੱਦੇ ਤੇ ਮੰਡਲ ਧੂਰੀ ਦੇ ਜੁਆਇੰਟ ਫੋਰਮ ਦੇ ਸਾਥੀਆਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ ਪ੍ਰੋ. ਓਂਕਾਰ ਸਿੰਘ ਨੂੰ ਆਪਣੀਆਂ ਮੰਗਾਂ ਸਬੰਧੀ ਇੱਕ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਮੁਲਾਜ਼ਮਾਂ ਦੀਆਂ ਮੁੱਖ ਮੰਗਾਂ 295/19 ਅਧੀਨ ਭਰਤੀ ਸਹਾਇਕ ਲਾਇਨਮੈਨ ਸਾਥੀਆਂ ਨੂੰ ਪਰਖ ਕਾਲ ਸਮਾਂ ਪੂਰਾ ਕਰਨ ਦੇ ਬਾਵਜੂਦ ਵੀ ਹੋਪਰਖ ਕਾਲ ਸਮਾਂ ਪੂਰਾ ਕਰਨ ਦੇ ਬਾਵਜੂਦ ਵੀ ਸਮਾਂ ਪੂਰਾ ਹੋਣ ਦੇ ਬਾਵਜੂਦ ਵੀ ਤਨਖਾਹ , ਭੱਤੇ ਨਹੀਂ ਦਿੱਤੇ ਜਾ ਰਹੇ, ਸਗੋਂ ਕੋਰਟਾਂ ਰਾਹੀਂ ਮੁਲਾਜ਼ਮ ਸਾਥੀਆਂ ਨੂੰ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਕੋਰਟ ਵੱਲੋਂ ਸਟੇਟ ਹੋਣ ਤੋਂ ਬਾਅਦ 25 ਸਹਾਇਕ ਲਾਇਨਮੈਨ ਸਾਥੀਆਂ ਨੂੰ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ।ਆਗੂਆਂ ਨੇ ਕਿਹਾ ਕਿ ਹੁਣ ਤੱਕ ਬਿਜਲੀ ਮੰਤਰੀ ਅਤੇ ਪਾਵਰਕੌਮ ਅਧਿਕਾਰੀਆਂ ਨਾਲ ਹੋਈਆਂ ਮੀਟਿੰਗਾਂ ਬੇਸਿੱਟਾ ਰਹੀਆਂ ਹਨ। ਸਾਥੀਆਂ ਨੇ ਕਿਹਾ ਕਿ ਸਮੂਹ ਮੁਲਾਜ਼ਮ ਸਾਥੀਆਂ ਦੀਆਂ ਮੰਗਾਂ ਨੂੰ ਲੈ ਕੇ 30,1,24 ਨੂੰ ਪੰਜਾਬ ਦੇ ਸਮੂਹ ਮੰਡਲ ਦਫਤਰਾਂ ਵਿੱਚ ਪਾਵਰਕੌਮ ਦੀ ਮੈਨੇਜਮੈਂਟ ਵਿਰੁੱਧ ਆਰਥੀ ਫੂਕ ਮੁਜਾਰੇ ਕੀਤੇ ਜਾਣਗੇ ਅਤੇ 6,2,24 ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਤੇ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਉਹਨਾਂ ਦੇ ਨਾਲ ਫੋਰਮ ਦੇ ਆਗੂ ਬਲਵੀਰ ਸਿੰਘ ਜੈਨਪੁਰ, ਲਖਵੀਰ ਸਿੰਘ ਮੂਲੋਵਾਲ, ਰਮਨਦੀਪ ਸਿੰਘ ਫਰਵਾਹੀ, ਅੰਮ੍ਰਿਤਪਾਲ ਸਿੰਘ ਬੇਨੜਾ, ਸਤਿਨਾਮ ਸਿੰਘ ,ਗੁਰਪਾਲ ਸਿੰਘ, ਜਸਪਾਲ ਸਿੰਘ ਖੁਰਮੀ, ਹਰਦੇਵ ਸਿੰਘ ਅਤੇ ਹਰਬੰਸ ਦਾਸ ਬਾਵਾ ਸਾਥੀਆਂ ਸਮੇਤ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬਟਾਲਾ ਫਾਈਨੈਂਸ ਕੰਪਨੀ ਦੇ ਦਫ਼ਤਰ ਉਪਰ ਗੋਲੀਆਂ ਚਲਾਉਣ ਵਾਲੇ

# ਤਿੰਨ ਮੁਲਜ਼ਮਾਂ ਨੂੰ 24 ਘੰਟਿਆਂ ਦੇ ਅੰਦਰ ਪੁਲਿਸ ਨੇ ਕੀਤਾ ਕਾਬੂ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 24 ਜਨਵਰੀ (ਕੁਲਜੀਤ ਸਿੰਘ ਖੋਖਰ)**- 22-01-2024 ਦੀ ਦਰਮਿਆਨੀ ਰਾਤ ਬਟਾਲਾ ਸ਼ਹਿਰ ਦੇ ਜਲੰਧਰ ਰੋਡ ਤੇ ਪੰਜਾਬ ਫਾਇਨਾਂਸ ਕੰਪਨੀ ਦੇ ਬੰਦ ਦਫਤਰ ਉਪਰ ਫਾਈਰਿੰਗ ਕੀਤੀ ਗਈ ਸੀ। ਬਟਾਲਾ ਪੁਲਿਸ ਨੂੰ ਸੂਚਨਾ ਮਿਲਣ ਉਪਰੰਤ ਫੋਰੀ ਤੌਰ ਤੇ ਕਾਰਵਾਈ ਕਰਦੇ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ। ਪੁਲਿਸ ਪਾਰਟੀ ਵੱਲੋਂ ਤੁਰੰਤ ਮੌਕੇ ਤੇ ਪੁੱਜ ਕੇ ਤਫਤੀਸ ਅਮਲ ਵਿਚ ਲਿਆਂਦੀ ਗਈ ਅਤੇ ਮੌਕਾ ਤੋਂ 05 ਚੱਲੇ ਹੋਏ ਖੋਲ ਬਰਾਮਦ ਕੀਤੇ। ਦੋਸ਼ੀਆਂ ਨੂੰ ਟਰੇਸ ਕਰਨ ਲਈ ਕਪਤਾਨ ਪੁਲਿਸ ਇਨਵੈਸਟੀਗੇਸ਼ਨ, ਬਟਾਲਾ ਦੀ ਸੁਪਰਵੀਜਨ ਹੇਠ ਉਪ ਕਪਤਾਨ ਪੁਲਿਸ, ਸਿਟੀ ਬਟਾਲਾ ਮੁੱਖ ਅਫਸਰ ਥਾਣਾ ਸਿਟੀ ਬਟਾਲਾ ਅਤੇ ਸੀ.ਆਈ.ਏ. ਸਟਾਫ, ਬਟਾਲਾ ਦੀ ਟੀਮ ਵੱਲੋਂ ਮਿਹਨਤ ਨਾਲ ਕੰਮ ਕਰਦੇ ਹੋਏ 3 ਅਰੋਪੀਆ ਨੂੰ 24 ਘੰਟੇ ਦੇ ਅੰਦਰ-ਅੰਦਰ ਟਰੇਸ ਕਰਕੇ ਵਾਰਦਾਤ ਕਰਨ ਵਾਲੇ ਤਿੰਨਾਂ ਅਰੋਪੀਆ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਇਹ ਤਿੰਨਾਂ ਅਰੋਪੀਆ ਦੀ ਉਮਰ 20 ਤੋਂ 22 ਸਾਲ ਹੈ ਐਸ ਐਸ ਪੀ ਬਟਾਲਾ ਅਸ਼ਵਨੀ ਗੋਟਿਆਲ ਨੇ ਪ੍ਰੈਸ ਵਾਰਤਾ ਦੌਰਾਨ ਦੱਸਿਆ ਕਿ ਮੁੱਢਲੇ ਤੌਰ ਤੇ ਇਹ ਗੱਲ ਸਾਹਮਣੇ ਆਈ ਹੈ ਕਿ ਫਾਈਨਾਂਸਰ ਨੂੰ ਕੁੱਝ ਦਿਨ ਪਹਿਲਾਂ ਵਿਦੇਸ਼ ਦੇ ਨੰਬਰ ਤੋਂ ਧਮਕੀ ਦੇ ਕੇ 50 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਸੀ । ਫਾਈਨਾਂਸਰ ਦੇ ਦਫਤਰ ਦੇ ਨਾਲ Octave Showroom ਵਿੱਚ ਕੰਮ ਕਰਦੇ ਆਰੋਪੀ ਸੌਰਵ ਵੱਲੋਂ ਫਾਈਨਾਂਸਰ ਨੂੰ ਆਪਣਾ ਟਾਰਗੇਟ ਚੁਣਿਆ ਗਿਆ। ਇਸ ਦੋਸ਼ੀ ਦੇ ਸਾਥੀ ਸਰਤਾਜ ਸਿੰਘ ਅਤੇ ਜਸ਼ਨਪ੍ਰੀਤ ਸਿੰਘ ਹਨ। ਇਹ ਤਿੰਨੇ ਜਾਣੇ ਬਚਪਣ ਦੇ ਦੋਸਤ ਹਨ।ਦੋਸ਼ੀ ਸਰਤਾਜ ਸਿੰਘ ਪੰਜਾਬ ਪੁਲਿਸ ਵਿੱਚ ਜਿਲ੍ਹਾ ਕਪੂਰਥਲਾ ਵਿਖੇ ਬਤੌਰ ਕਾਂਸਟੇਬਲ ਨੌਕਰੀ ਕਰਦਾ ਹੈ। ਇਹਨਾਂ ਵੱਲੋਂ ਪਲੈਨਿੰਗ ਤਹਿਤ ਸਰਤਾਜ ਸਿੰਘ ਦੇ ਰਿਸ਼ਤੇਦਾਰ ਸਤਨਾਮ ਸਿੰਘ ਵਾਸੀ ਕੰਡਿਆਲ ਜੋ ਵਿਦੇਸ਼ ਵਿੱਚ ਰਹਿੰਦਾ ਹੈ ਅਤੇ ਦੀਪਿੰਦਰ ਸਿੰਘ ਵਾਸੀ ਯੂ.ਐਸ.ਏ. ਕੋਲੋਂ ਫਾਈਨਾਂਸਰ ਨੂੰ ਫਿਰੌਤੀ ਲਈ ਧਮਕੀ ਭਰੀਆਂ ਕਾਲਾਂ ਕਰਵਾਈਆ ਗਈਆਂ ਹਨ। ਮੁਕਦਮਾਂ ਵਿੱਚ ਗ੍ਰਿਫਤਾਰ ਉਕਤ ਤਿੰਨਾਂ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਿਲ ਕੀਤੀ ਜਾ ਰਿਹਾ ਹੈ। ਵਾਰਦਾਤ ਵਿੱਚ ਵਰਤੇ ਹਥਿਆਰ 32 ਬੋਰ ਪਿਸਟਲ 10 ਜਿੰਦਾ ਰੌਂਦ, ਮੋਬਾਇਲ ਫੋਨ, ਕਰੇਟਾ ਕਾਰ ਅਤੇ ਐਕਟਿਵਾ ਬਰਾਮਦ ਕਰ ਲਏ ਹਨ। ਕੇਸ ਦਰਜ ਕਰਦੇ ਹੋਏ ਅਗਲੀ ਤਫਤੀਸ਼ ਜਾਰੀ ਹੈ।

### ਡਿਪਟੀ ਕਮਿਸ਼ਨਰ ਘਨਸ਼ਾਮ ਥੋਰੀ ਦੀ ਅਗਵਾਈ ਹੇਠ

# ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਹੋਈ

- ਪੰਜਾਬ ਪੁਲਿਸ ਦੇ ਜਵਾਨਾਂ, ਮਹਿਲਾ ਪਲਟੂਨ, ਪੰਜਾਬ ਹੋਮਗਾਰਡ, ਪੰਜਾਬ ਪੁਲਿਸ ਬੈਂਡ ਅਤੇ ਸਕੂਲੀ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪਾਰਚ ਪਾਸਟ
- ਗਣਤੰਤਰ ਦਿਵਸ ਮੌਕੇ ਅੰਮ੍ਰਿਤਸਰ ਜਿਲ੍ਹੇ ਵਿਖੇ ਕੈਬਨਿਟ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ ਕੌਮੀ ਝੰਡਾ ਲਹਿਰਾਉਣ ਦੀ ਰਸਮ ਕਰਨਗੇ ਅਦਾ








**ਅੰਮ੍ਰਿਤਸਰ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)**- 26 ਜਨਵਰੀ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਦੀ ਫੁੱਲ ਡਰੈੱਸ ਰਿਹਰਸਲ ਗੁਰੂ ਨਾਨਕ ਸਟੇਡੀਅਮ ਅੰਮ੍ਰਿਤਸਰ ਵਿਖੇ ਹੋਈ, ਜਿਸ ਦੌਰਾਨ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਘਨਸ਼ਾਮ ਥੋਰੀ ਵਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਕੌਮੀ ਝੰਡਾ ਲਹਿਰਾਉਣ ਤੋਂ ਬਾਅਦ ਸ੍ਰੀ ਥੋਰੀ ਵੱਲੋਂ ਪਰੇਡ ਦਾ ਮੁਆਇਨਾ ਕੀਤਾ ਗਿਆ। ਇਸ ਉਪਰੰਤ ਪਰੇਡ ਕਮਾਂਡਰ ਏ.ਸੀ.ਪੀ. ਖੁਸ਼ਬੀਰ ਕੌਰ ਚਾਹਲ ਦੀ ਕਮਾਂਡ ਹੇਠ ਪੰਜਾਬ ਪੁਲਿਸ ਦੇ ਜਵਾਨਾਂ, ਪੰਜਾਬ ਪੁਲਿਸ ਦੀ ਮਹਿਲਾ ਪਲਟੂਨ, ਪੰਜਾਬ ਹੋਮਗਾਰਡ ਅਤੇ ਪੰਜਾਬ ਪੁਲਿਸ ਦੇ ਬੈਂਡ ਵੱਲੋਂ ਸ਼ਾਨਦਾਰ ਪਾਰਚ ਪਾਸਟ ਕੀਤਾ ਗਿਆ। ਇਸ ਤੋਂ ਬਾਅਦ ਵੱਖ-ਵੱਖ ਸਿੱਖਿਆ ਸੰਸਥਾਵਾਂ ਦੇ ਵਿਦਿਆਰਥੀਆਂ ਵੱਲੋਂ ਕੋਰਿਓਗ੍ਰਾਫੀ, ਗਿੱਧਾ, ਭੰਗੜਾ ਸਮੇਤ ਦੇਸ਼ ਭਗਤੀ ਦੇ ਰੰਗ ਵਿਚ ਰੰਗਿਆ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 26 ਜਨਵਰੀ ਨੂੰ ਅੰਮ੍ਰਿਤਸਰ ਵਿਖੇ ਗਣਤੰਤਰ ਦਿਵਸ ਸਮਾਗਮ ਪੂਰੇ ਉਤਸ਼ਾਹ ਨਾਲ ਕਰਵਾਇਆ ਜਾਵੇਗਾ, ਜਿਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸੂਬੇ ਦੇ ਮੰਤਰੀ ਨਵੇਂ ਤੇ ਨਵਿਆਉਣਯੋਗ ਊਰਜਾ ਅਤੇ ਛਪਾਈ ਤੇ ਲਿਖਣ ਸਮੱਗਰੀ ਪੰਜਾਬ ਸ੍ਰੀ ਅਮਨ ਅਰੋੜਾ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ। ਉਨ੍ਹਾਂ ਕਿਹਾ ਕਿ ਸਾਰੇ ਸਰਕਾਰੀ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਹਾਜ਼ਰੀ ਲਾਜ਼ਮੀ ਹੈ ਅਤੇ ਸਾਰੇ ਆਪਣਾ ਫ਼ਰਜ ਸਮਝਦੇ ਹੋਏ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋਣ। ਇਸਦੇ ਨਾਲ ਹੀ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਗਣਤੰਤਰ ਦਿਵਸ ਸਮਾਗਮ ਵਿੱਚ ਸ਼ਾਮਲ ਹੋ ਕੇ ਰੌਣਕਾਂ ਨੂੰ ਵਧਾਉਣ। ਫੁੱਲ ਡਰੈੱਸ ਰਿਹਰਸਲ ਤੋਂ ਬਾਅਦ ਡਿਪਟੀ ਕਮਿਸ਼ਨਰ ਵੱਲੋਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਉਨ੍ਹਾਂ ਨੂੰ ਸਮਾਗਮ ਦੀ ਸਫਲਤਾ ਲਈ ਜਰੂਰੀ ਦਿਸ਼ਾ ਨਿਰਦੇਸ਼ ਦਿੱਤੇ। ਇਸ ਮੌਕੇ ਪੁਲਿਸ ਕਮਿਸ਼ਨਰ ਸ: ਗੁਰਪ੍ਰੀਤ ਸਿੰਘ ਭੁੱਲਰ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ, ਐਸ.ਡੀ.ਐਮ.-1 ਸ: ਮਨਕੰਵਲ ਸਿੰਘ ਚਾਹਲ, ਐਸ.ਡੀ.ਐਮ-2 ਸ੍ਰੀ ਨਿਕਾਸ ਕੁਮਾਰ, ਸਹਾਇਕ ਕਮਿਸ਼ਨਰ ਜਨਰਲ ਮੈਡਮ ਗੁਰਸਿਮਰਨ ਕੌਰ, ਜਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਰਾਜੇਸ਼ ਸ਼ਰਮਾ ਅਤੇ ਸ੍ਰੀ ਸੁਸ਼ੀਲ ਕੁਮਾਰ ਤੁੱਲੀ, ਜਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਫ਼ਸਰ ਸ੍ਰੀ ਪਲਵ ਸ੍ਰੇਸ਼ਟ, ਜਿਲ੍ਹਾ ਸਮਾਜਿਕ ਤੇ ਸੁਰੱਖਿਆ ਅਫ਼ਸਰ ਸ: ਅਸੀਸਇੰਦਰ ਸਿੰਘ, ਡੀ.ਪੀ.ਆਰ.ਓ. ਸ੍ਰੀ ਸ਼ੇਰਜੰਗ ਸਿੰਘ ਹੁੰਦਲ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।



# ਪੰਜਾਬ ਵਿੱਚ ਆਪ ਦੀ ਸਰਕਾਰ ਬਿਜਲੀ ਦਾ ਹੈ ਬੁਰਾ ਹਾਲ: ਰਣਜੀਤ ਸਿੰਘ ਸਲਾਰੀਆ

## 24 ਘੰਟਿਆਂ ਦੇ ਦੌਰਾਨ ਸਿਰ.ਫ 7 ਘੰਟੇ ਆਉਂਦੀ ਹੈ ਬਿਜਲੀ ਸਲਾਰੀਆ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 24 ਜਨਵਰੀ (ਕੁਲਜੀਤ ਸਿੰਘ ਖੋਖਰ)**-ਭਾਰਤੀਯ ਜਨਤਾ ਪਾਰਟੀ ਦੇ ਮੰਡਲ ਪ੍ਰਧਾਨ ਪੁਰਾਣਾ ਸ਼ਾਲਾ ਠਾਕੁਰ ਰਣਜੀਤ ਸਿੰਘ ਸਲਾਰੀਆ ਨੇ ਦੱਸਿਆ ਕਿ ਪਿਛਲੇ 15 ਦਿਨ ਤੋਂ ਬਿਜਲੀ ਦਾ ਬਹੁਤ ਬੁਰਾ ਹਾਲ ਹੈ ।24 ਘੰਟੇ ਵਿੱਚੋਂ ਸਿਰਫ ਸੱਤ ਘੰਟੇ ਬਿਜਲੀ ਆਉਂਦੀ ਹੈ ਤੇ ਹਰ ਵਿਅਕਤੀ ਬਿਜਲੀ ਦੇ ਇਡੇ ਵੱਡੇ ਵੱਡੇ ਕੱਟਾ ਤੋਂ ਤੰਗ ਪ੍ਰੇਸਾਨ ਹਨ ਤੇ ਇੱਥੇ ਜ਼ਕਿਰਯੋਗ ਹੈ ਕਿ ਸੁਬਾਹ 7 ਵਜੇ ਦੀ ਬੰਦ ਹੋਈ ਬਿਜਲੀ ਸ਼ਾਮ ਤਕ ਵੀ ਨਹੀਂ ਆਉਂਦੀ ਤੇ ਲੋਕਾਂ ਵਿਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ ਸੋ ਇਸ ਦੀ ਜਿੰਮੇਵਾਰ ਸਿੱਧੀ ਸਿੱਧੀ ਆਪ ਸਰਕਾਰ ਹੈ। ਅਗੇ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਲੋਕਾਂ ਨੂੰ ਬਿਜਲੀ ਤੋਂ ਵਾਂਝਾ ਰੱਖ ਕੇ ਪੰਜਾਬ ਦੀ ਆਪ ਸਰਕਾਰ ਦਿੱਲੀ ਦੀ ਬਿਜਲੀ ਜਗਾ ਰਹੀ ਹੈ ਅਗੇ ਉਹਨਾਂ ਕਿਹਾ ਕਿ ਪੰਜਾਬ ਦੇ ਭੋਲੇ ਭਾਲੇ ਲੋਕਾਂ ਨੇ ਭਗਵੰਤ ਮਾਨ ਨੂੰ ਸੀਐਮ ਪੰਜਾਬ ਦਾ ਬਣਾਇਆ ਸੀ ਪਰ ਗੁਲਾਮੀ ਦਿੱਲੀ ਸਰਕਾਰ ਦੀ ਕਰ ਰਹੇ ਹੈ। ਅਗੇ ਉਹਨਾਂ ਕਿਹਾ ਕਿ ਜਿਸ ਦਾ ਨੁਕਸਾਨ ਪੰਜਾਬ ਦੀ ਆਮ ਜਨਤਾ ਨੂੰ ਭੁਗਤਣਾ ਪੈ ਰਿਹਾ ਅਗੇ ਉਹਨਾਂ ਇਹ ਵੀ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਖਮਿਆਜ਼ਾ ਭੁਗਤਨਾ ਪਵੇਗਾ।

# ਇੱਕ ਨਜ਼ਰ




## ਵਿਕਾਸ ਕਾਰਜਾਂ ਨੂੰ ਸਮੇਂ ਸਿਰ ਕੀਤਾ ਜਾਵੇ ਪੂਰਾ : ਚੇਅਰਮੈਨ ਡਾ. ਚਰਨਜੀਤ ਸਿੰਘ

### ਵਿਧਾਨ ਸਭਾ ਕਮੇਟੀ ਨੇ ਪੰਚਾਇਤੀ ਰਾਜ ਦੇ ਚਲ ਰਹੇ ਕੰਮਾਂ ਦਾ ਕੀਤਾ ਰੀਵਿਊ

ਅੰਮ੍ਰਿਤਸਰ, 24 ਜਨਵਰੀ (ਆਵਾਜ਼ਿ ਕੌਮ ਬਿਊਰੋ)- ਪੰਜਾਬ ਸਰਕਾਰ ਵਲੋਂ ਪੰਚਾਇਤੀ ਰਾਜ ਇਕਾਈਆਂ ਸਬੰਧੀ ਇਕ 13 ਮੈਂਬਰੀ ਵਿਧਾਨ ਸਭਾ ਕਮੇਟੀ ਦਾ ਗਠਨ ਕੀਤਾ ਗਿਆ ਹੈ। ਜਿਸਦਾ ਮੁੱਖ ਕਾਰਜ ਸੂਬੇ ਵਿੱਚ ਚਲ ਰਹੇ ਪੰਚਾਇਤੀ ਰਾਜ ਵਿਕਾਸ ਕਾਰਜਾਂ ਦਾ ਨਿਰੀਖਣ ਕਰਨਾ ਹੈ ਅਤੇ ਵਿਕਾਸ ਕਾਰਜਾਂ ਵਿੱਚ ਆ ਰਹੀਆਂ ਮੁਸ਼ਕਿਲਾਂ ਨੂੰ ਦੂਰ ਕਰਨਾ ਹੈ। ਇਸ ਸਬੰਧੀ ਅੱਜ ਵਿਧਾਨ ਸਭਾ ਕਮੇਟੀ ਜਿਸਦੇ ਚੇਅਰਮੈਨ ਹਲਕਾ ਸ੍ਰੀ ਚਮਕੌਰ ਸਾਹਿਬ ਤੋਂ ਵਿਧਾਇਕ ਡਾ. ਚਰਨਜੀਤ ਸਿੰਘ ਨੇ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨਾਂ ਬਲਾਕ ਵੇਰਕਾ ਵਿਖੇ ਚੱਲ ਰਹੇ ਵਿਕਾਸ ਕਾਰਜਾਂ ਦਾ ਰੀਵਿਊ ਵੀ ਕੀਤਾ ਅਤੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਵਿੱਚ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸਾਰੇ ਵਿਕਾਸ ਕਾਰਜ ਨਿਯਮਾਂ ਅਨੁਸਾਰ ਹੋਣੇ ਚਾਹੀਦੇ ਹਨ। ਚੇਅਰਮੈਨ ਨੇ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਨੂੰ ਕਿਹਾ ਕਿ ਉਹ ਆਪੋ ਆਪਣੇ ਇਲਾਕੇ ਵਿੱਚ ਸਮੇਂ ਸਮੇਂ ਸਿਰ ਵਿਕਾਸ ਕਾਰਜਾਂ ਦਾ ਮੁਲਾਂਕਣ ਕਰਨ ਅਤੇ ਜਿਥੇ ਕੋਈ ਕਮੀ ਪੇਸ਼ੀ ਪਾਈ ਜਾਂਦੀ ਹੈ ਨੂੰ ਤੁਰੰਤ ਦੂਰ ਕੀਤਾ ਜਾਵੇ। ਉਨਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਖਰਚ ਹੋਣ ਵਾਲਾ ਪੈਸਾ ਆਮ ਜਨਤਾ ਦਾ ਹੈ ਅਤੇ ਇਕ ਇਕ ਪੈਸੇ ਦਾ ਹਿਸਾਬ ਕਿਤਾਬ ਰੱਖਿਆ ਜਾਵੇ। ਡਾ. ਚਰਨਜੀਤ ਸਿੰਘ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨਾਂ ਕਿਹਾ ਕਿ ਲੋਕਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਮੁੱਖ ਰੱਖ ਕੇ ਹੀ ਵਿਕਾਸ ਦੇ ਕੰਮਾਂ ਨੂੰ ਤਰਜੀਹ ਦਿੱਤੀ ਜਾਵੇ। ਇਸ ਮੌਕੇ ਵਿਧਾਇਕ ਡਾ. ਕੁੰਵਰ ਵਿਜੈ ਪ੍ਰਤਾਪ ਸਿੰਘ, ਵਿਧਾਇਕ ਜਸਵਿੰਦਰ ਸਿੰਘ ਰਮਦਾਸ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀਮਤੀ ਪਰਮਜੀਤ ਕੌਰ, ਜਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸ੍ਰੀ ਸੰਦੀਪ ਮਲਹੋਤਰਾ, ਐਕਸੀਐਨ ਪੰਚਾਇਤੀ ਰਾਜ ਸ: ਕੁਲਵੰਤ ਸਿੰਘ, ਡਿਪਟੀ ਸੀ.ਈ.ਓ. ਜਿਲ੍ਹਾ ਪ੍ਰੀਸ਼ਦ ਗੁਰਦਰਸ਼ਨ ਪਾਲ ਕੁੰਡਲ, ਐਸ.ਡੀ.ਓ. ਬਿਕਰਮ ਸਿੰਘ, ਏ.ਪੀ.ਓ. ਹਰਸਿਮਰਨ ਕੌਰ ਤੋਂ ਇਲਾਵਾ ਸਾਰੇ ਬਲਾਕਾਂ ਦੇ ਬੀ.ਡੀ.ਪੀ.ਓ., ਸਕੱਤਰ ਵੀ ਹਾਜ਼ਰ ਸਨ।

## ਬਿਜਲੀ ਮੁਲਾਜ਼ਮਾਂ ਦੀਆ ਪ੍ਰਮੁੱਖ ਧਿਰਾਂ ਜੁਆਇੰਟ ਫੋਰਮ ਅਤੇ ਏਕਤਾ ਮੰਚ ਵਲੋਂ ਸਾਂਝਾ ਸੰਘਰਸ਼ ਕਰਨ ਦਾ ਫੈਸਲਾ



ਤਰਨ ਤਾਰਨ , 24 ਜਨਵਰੀ (ਆਵਾਜ਼ਿ ਕੌਮ ਬਿਊਰੋ)- ਬਿਜਲੀ ਕਾਮਿਆਂ ਦੀਆਂ ਵੱਖ - ਵੱਖ ਜਥੇਬੰਦੀਆਂ ਦੇ ਅਧਾਰਿਤ ਬਣੇ ਪੀ ਐਸ ਈ ਬੀ ਇੰਪਲਾਇਜ਼ ਜੁਆਇੰਟ ਫੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੂਬਾ ਪੱਧਰ ਦੇ ਆਗੂਆਂ ਦੀ ਅੱਜ ਹੰਗਾਮੀ ਮੀਟਿੰਗ ਸਾਥੀ ਰਤਨ ਸਿੰਘ ਮਜਾਰੀ ਅਤੇ ਸਾਥੀ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ । ਇਸ ਮੀਟਿੰਗ ਵਿੱਚ ਜੁਆਇੰਟ ਫੋਰਮ ਵਲੋਂ ਸਾਥੀ ਸੁਖਵਿੰਦਰ ਸਿੰਘ ਚਾਹਲ, ਹਰਪਾਲ ਸਿੰਘ, ਜਗਜੀਤ ਸਿੰਘ ਕੋਟਲੀ, ਕੁਲਵਿੰਦਰ ਸਿੰਘ ਢਿੱਲੋਂ , ਬੀ ਐੱਸ ਸੇਖੋਂ, ਲਖਵਿੰਦਰ ਸਿੰਘ, ਰਘਬੀਰ ਸਿੰਘ, ਜਸਵਿੰਦਰ ਸਿੰਘ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਵਲੋਂ ਸਾਥੀ ਗੁਰਵੇਲ ਸਿੰਘ ਬੱਲਪੁਰੀਆ , ਦਵਿੰਦਰ ਸਿੰਘ ਪਿਸ਼ੋਰ , ਸੁਰਿੰਦਰਪਾਲ ਲਹੌਰੀਆ, ਮਹਿੰਦਰ ਸਿੰਘ ਰੂੜੇਕੇ , ਮਨਜੀਤ ਸਿੰਘ ਚਾਹਲ , ਗੁਰਵਿੰਦਰ ਸਿੰਘ , ਨਰਿੰਦਰ ਸੈਣੀ , ਹਰਭਜਨ ਸਿੰਘ ਪਿਲਖਣੀ ,ਬਲਜੀਤ ਕੁਮਾਰ, ਰਛਪਾਲ ਸਿੰਘ , ਗਰੀਸ ਮਹਾਜਨ , ਕਰਮਜੀਤ ਸਿੰਘ ਆਦਿ ਨੇ ਹਿੱਸਾ ਲਿਆ ਇਸ ਮੀਟਿੰਗ ਵਿੱਚ ਬਿਜਲੀ ਮੁਲਾਜ਼ਮਾਂ ਦੇ ਭੱਖਦੇ ਮਸਲੇ ਵਿਚਾਰਨ ਉਪਰੰਤ ਆਗੂਆਂ ਵਲੋਂ ਸਰਕਾਰ ਅਤੇ ਮੈਨੇਜਮੈਂਟ ਵਲੋਂ ਮੁਲਾਜ਼ਮਾਂ ਦੀਆਂ ਮੰਗਾਂ/ਮਸਲਿਆਂ ਪ੍ਰਤੀ ਅਪਣਾਏ ਗਏ ਨਾਂਹਪੱਖੀ ਰਵੱਈਏ ਤੇ ਚਿੰਤਾ ਜ਼ਾਹਰ ਕੀਤੀ ਗਈ ਅਤੇ ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ ਸਾਂਝਾ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਆਗੂਆਂ ਨੇ ਦੱਸਿਆ ਕਿ ਸਾਂਝਾ ਮੰਗ ਪੱਤਰ ਬਣਾ ਕੇ ਮੈਨੇਜਮੈਂਟ ਨੂੰ ਦੇ ਕੇ ਸਾਂਝੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।